10-FEB-PAGE-1.qxd 2/9/2026 10:47 PM Page 1

ਮੰਗਲਵਾਰ, 10 ਫਰਵਰੀ, 2026
28 ਮਾਘ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 251

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • TUESDAY, 10 FEBRUARY, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਲੋਕ ਸਭਾ ਦੇ ਸਪੀਕਰ ਖਿਲਾਫ ਮਤਾ ਲਿਆਉਣ ਦੀ ਤਿਆਰੀ

ਨਵੀਂ ਦਿੱਲੀ : ਸੰਸਦ ਦੇ ਬਜਟ ਅਜਲਾਸ ਵਿੱਚ ਪਏ ਅੜਿੱਕੇ ਦਰਮਿਆਨ ਆਪੋਜ਼ੀਸ਼ਨ ਲੋਕ ਸਭਾ ਦੇ ਸਪੀਕਰ ਓਮ ਬਿੜਲਾ ਨੂੰ ਹਟਾਉਣ ਦਾ ਮਤਾ ਪੇਸ਼ ਕਰ ਸਕਦੀ ਹੈ। ਆਪੋਜ਼ੀਸ਼ਨ ਨੂੰ ਗੁੱਸਾ ਹੈ ਕਿ ਸਪੀਕਰ ਰਾਸ਼ਟਰਪਤੀ ਦੇ ਭਾਸ਼ਣ ਦਾ ਧੰਨਵਾਦ ਕਰਦੇ ਮਤੇ ਉੱਤੇ ਰਾਹੁਲ ਗਾਂਧੀ ਨੂੰ ਬੋਲਣ ਨਹੀਂ ਦੇ ਰਹੇ।

ਸੂਤਰਾਂ ਮੁਤਾਬਕ ਆਪੋਜ਼ੀਸ਼ਨ ਸੰਵਿਧਾਨ ਦੇ ਆਰਟੀਕਲ 94-ਸੀ ਤਹਿਤ ਸਪੀਕਰ ਖਿਲਾਫ ਮਤੇ ਲਿਆਉਣ 'ਤੇ ਵਿਚਾਰ ਕਰ ਰਹੀ ਹੈ। ਇਸ ਲਈ ਲੋੜੀਂਦੇ ਮੈਂਬਰਾਂ ਦੇ ਦਸਤਖਤ ਇਕੱਠੇ ਕੀਤੇ ਜਾ ਰਹੇ ਹਨ। ਘੱਟੋ-ਘੱਟ 100 ਮੈਂਬਰਾਂ ਦੇ ਦਸਤਖਤ ਇਕੱਠੇ ਕਰਨ ਦਾ ਟੀਚਾ ਹੈ। ਮਤਾ ਲਿਆਉਣ ਦੀ ਗੱਲ ਸੋਮਵਾਰ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਦੇ ਚੈਂਬਰ ਵਿੱਚ ਆਪੋਜ਼ੀਸ਼ਨ ਮੈਂਬਰਾਂ ਦੀ ਮੀਟਿੰਗ ਵਿੱਚ ਚੱਲੀ। ਮੀਟਿੰਗ ਵਿੱਚ ਡੀ ਐੱਮ ਕੇ, ਟੀ ਐੱਮ ਸੀ, ਸਮਾਜਵਾਦੀ ਪਾਰਟੀ, ਸ਼ਿਵ ਸੈਨਾ (ਯੂ ਬੀ ਟੀ), ਐੱਨ ਸੀ ਪੀ (ਸ਼ਰਦ ਪਵਾਰ) ਦੇ ਮੈਂਬਰ ਵੀ ਹਾਜ਼ਰ ਸਨ। ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਭਾਰੀ ਹੰਗਾਮੇ ਕਾਰਨ ਸਦਨ ਦੀ ਕਾਰਵਾਈ ਮੰਗਲਵਾਰ ਤੱਕ ਲਈ ਮੁਲਤਵੀ ਕਰ ਦਿੱਤੀ ਗਈ। ਵਿਰੋਧੀ ਸੰਸਦ ਮੈਂਬਰ ਭਾਰਤ-ਅਮਰੀਕਾ ਅੰਤਰਮ ਵਪਾਰ ਢਾਂਚੇ 'ਤੇ ਚਰਚਾ ਦੀ ਮੰਗ ਕਰ ਰਹੇ ਸਨ। ਕਾਰਵਾਈ ਸਵੇਰੇ 11 ਵਜੇ ਸ਼ੁਰੂ ਹੋਣ ਤੋਂ ਬਾਅਦ ਤਿੰਨ ਵਾਰ ਮੁਲਤਵੀ ਹੋਈ ਅਤੇ ਅੰਤ ਵਿੱਚ ਦੁਪਹਿਰ 2 ਵਜੇ ਇਸ ਨੂੰ ਅਗਲੇ ਦਿਨ ਤੱਕ ਰੋਕ ਦਿੱਤਾ ਗਿਆ।

ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਦਾਅਵਾ ਕੀਤਾ ਕਿ ਉਨ੍ਹਾਂ ਨੂੰ ਨਿੱਜੀ ਤੌਰ 'ਤੇ ਭਰੋਸਾ ਦਿੱਤਾ ਗਿਆ ਸੀ ਕਿ ਬਜਟ 'ਤੇ ਚਰਚਾ ਸ਼ੁਰੂ ਹੋਣ ਤੋਂ ਪਹਿਲਾਂ ਉਨ੍ਹਾਂ ਨੂੰ ਆਪਣੀ ਗੱਲ ਰੱਖਣ ਦਾ ਮੌਕਾ ਮਿਲੇਗਾ, ਪਰ ਹੁਣ ਪ੍ਰੀਜ਼ਾਈਡਿੰਗ ਅਧਿਕਾਰੀ ਆਪਣੇ ਵਾਅਦੇ ਤੋਂ ਪਿੱਛੇ ਹਟ ਰਹੇ ਹਨ। ਦੂਜੇ ਪਾਸੇ ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰਨ ਰਿਜਿਜੂ ਨੇ ਇਨ੍ਹਾਂ ਦਾਅਵਿਆਂ ਨੂੰ ਸਿਰੇ ਤੋਂ ਖਾਰਜ ਕਰਦਿਆਂ ਕਿਹਾ ਕਿ ਅਜਿਹਾ ਕੋਈ ਭਰੋਸਾ ਨਹੀਂ ਦਿੱਤਾ ਗਿਆ ਸੀ ਅਤੇ ਰਾਹੁਲ ਗਾਂਧੀ ਦੇ ਸ਼ਬਦ ਸੌ ਫੀਸਦੀ ਝੂਠੇ ਹਨ।



ਚੇਅਰ 'ਤੇ ਬੈਠੇ ਸੰਸਦ ਮੈਂਬਰ ਸੰਧਿਆ ਰਾਏ ਨੇ ਕਿਹਾ ਕਿ ਉਨ੍ਹਾਂ ਨੂੰ ਰਾਹੁਲ ਗਾਂਧੀ ਵੱਲੋਂ ਕੋਈ ਨੋਟਿਸ ਨਹੀਂ ਮਿਲਿਆ ਹੈ ਅਤੇ ਬਿਨਾਂ ਨੋਟਿਸ ਕਿਸੇ ਵੀ ਮੁੱਦੇ 'ਤੇ ਚਰਚਾ ਨਹੀਂ ਕੀਤੀ ਜਾ ਸਕਦੀ। ਇਸ ਦੌਰਾਨ ਕਾਂਗਰਸੀ ਆਗੂ ਸ਼ਸ਼ੀ ਥਰੂਰ ਨੇ ਵੀ ਕਿਹਾ ਕਿ ਵਿਰੋਧੀ ਧਿਰ ਦੇ ਨੇਤਾ ਨੂੰ ਬੋਲਣ ਦਾ ਮੌਕਾ ਦੇਣਾ ਸੰਸਦੀ ਪਰੰਪਰਾ ਹੈ। ਰਾਜ ਸਭਾ ਵਿਚ ਸੋਮਵਾਰ ਵਿਰੋਧੀ ਧਿਰ ਦੇ ਆਗੂ ਮਲਿਕਾਰਜੁਨ ਖੜਗੇ ਨੂੰ ਬੋਲਣ ਦੀ ਇਜਾਜ਼ਤ ਨਾ ਦੇਣ 'ਤੇ ਵਿਰੋਧੀ ਧਿਰ ਦੇ ਮੈਂਬਰਾਂ ਨੇ ਸਦਨ ਵਿੱਚੋਂ ਵਾਕਆਊਟ ਕਰ ਦਿੱਤਾ।

ਖੜਗੇ ਨੇ ਪ੍ਰਸ਼ਨ ਕਾਲ ਦੌਰਾਨ ਕਿਹਾ ਕਿ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਨੂੰ ਧੰਨਵਾਦ ਮਤੇ 'ਤੇ ਬੋਲਣ ਦੀ ਇਜਾਜ਼ਤ ਨਹੀਂ ਦਿੱਤੀ ਗਈ। ਇਸ ਤੋਂ ਬਾਅਦ ਚੇਅਰਮੈਨ ਸੀ ਪੀ ਰਾਧਾਕ੍ਰਿਸ਼ਨਨ ਨੇ ਉਨ੍ਹਾਂ ਨੂੰ ਲੋਕ ਸਭਾ ਨਾਲ ਸੰਬੰਧਤ ਮੁੱਦਾ ਚੁੱਕਣ ਦੀ ਇਜਾਜ਼ਤ ਨਹੀਂ ਦਿੱਤੀ।

ਇਸ ਤੋਂ ਪਹਿਲਾਂ ਖੜਗੇ ਨੇ ਕੇਂਦਰੀ ਮੰਤਰੀ ਪਿਊਸ਼ ਗੋਇਲ ਵੱਲੋਂ ਪਿਛਲੇ ਹਫਤੇ ਭਾਰਤ-ਅਮਰੀਕਾ ਵਪਾਰ ਸਮਝੌਤੇ 'ਤੇ ਬਿਆਨ ਦੇਣ ਦਾ ਮੁੱਦਾ ਚੁੱਕਿਆ। ਇਸ ਦੌਰਾਨ ਵੀ ਚੇਅਰਮੈਨ ਨੇ ਖੜਗੇ ਨੂੰ ਬੋਲਣ ਦੀ ਇਜਾਜ਼ਤ ਨਹੀਂ ਦਿੱਤੀ, ਜਿਸ ਤੋਂ ਬਾਅਦ ਵਿਰੋਧੀ ਧਿਰ ਦੇ ਮੈਂਬਰ ਖੜ੍ਹੇ ਹੋ ਗਏ ਤੇ ਆਪਣਾ ਵਿਰੋਧ ਪ੍ਰਗਟਾਉਣ ਲੱਗੇ।

ਇਸ ਤੋਂ ਬਾਅਦ ਚੇਅਰਮੈਨ ਨੇ ਪ੍ਰਸ਼ਨ ਕਾਲ ਸ਼ੁਰੂ ਕੀਤਾ, ਪਰ ਵਿਰੋਧੀ ਧਿਰ ਦੇ ਮੈਂਬਰਾਂ ਨੇ ਆਪਣਾ ਵਿਰੋਧ ਜਾਰੀ ਰੱਖਿਆ ਅਤੇ ਬਾਅਦ ਵਿੱਚ ਸਦਨ ਤੋਂ ਵਾਕਆਊਟ ਕੀਤਾ। ਇਸੇ ਦੌਰਾਨ ਲੋਕ ਸਭਾ ਵਿੱਚ ਕਾਂਗਰਸ ਦੀਆਂ ਮਹਿਲਾ ਮੈਂਬਰਾਂ ਨੇ ਸਪੀਕਰ ਬਿੜਲਾ ਨੂੰ ਪੱਤਰ ਲਿਖ ਕੇ ਕਿਹਾ ਹੈ ਕਿ ਉਨ੍ਹਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸਦਨ ਵਿੱਚੋਂ ਗਾਇਬ ਰਹਿਣ ਨੂੰ ਦਰੁੱਸਤ ਠਹਿਰਾਉਣ ਲਈ ਹੁਕਮਰਾਨ ਪਾਰਟੀ ਦੇ ਦਬਾਅ ਹੇਠ ਉਨ੍ਹਾਂ ਖਿਲਾਫ ਗੰਭੀਰ ਦੋਸ਼ ਲਾਏ। ਉਨ੍ਹਾਂ ਕਿਹਾ ਕਿ ਸਪੀਕਰ ਨੂੰ ਨਿਰਪੱਖ ਰਹਿਣਾ ਚਾਹੀਦਾ ਹੈ। ਬਿੜਲਾ ਨੇ ਕਿਹਾ ਸੀ ਕਿ ਉਨ੍ਹਾ ਨੂੰ ਠੋਸ ਸੂਚਨਾ ਮਿਲੀ ਸੀ ਕਿ ਕਈ ਕਾਂਗਰਸ ਮੈਂਬਰ ਪ੍ਰਧਾਨ ਮੰਤਰੀ ਦੀ ਸੀਟ ਵੱਲ ਵਧ ਕੇ ਕੁਝ ਅਣਕਿਆਸਿਆ ਕਾਰਾ ਕਰ ਸਕਦੇ ਹਨ, ਇਸ ਕਰਕੇ ਉਨ੍ਹਾ ਪ੍ਰਧਾਨ ਮੰਤਰੀ ਨੂੰ ਰਾਸ਼ਟਰਪਤੀ ਦੇ ਭਾਸ਼ਣ ਦਾ ਧੰਨਵਾਦ ਕਰਦੇ ਮਤੇ 'ਤੇ ਬਹਿਸ ਦਾ ਜਵਾਬ ਦੇਣ ਲਈ ਸਦਨ ਵਿੱਚ ਨਾ ਆਉਣ ਦੀ ਬੇਨਤੀ ਕੀਤੀ ਸੀ।

ਪੱਤਰ, ਜਿਸ ਵਿੱਚ ਪ੍ਰਿਅੰਕਾ ਗਾਂਧੀ, ਜਿਓਤੀਣੀ, ਆਰ ਸੁਧਾ, ਵਰਸ਼ਾ ਗਾਇਕਵਾੜ ਤੇ ਜਿਓਤਸਨਾ ਮਹੰਤ ਦੇ ਦਸਤਖਤ ਹਨ, ਵਿੱਚ ਕਿਹਾ ਗਿਆ ਹੈ, 'ਸਾਨੂੰ ਇਸ ਕਰਕੇ ਨਿਸ਼ਾਨਾ ਬਣਾਇਆ ਜਾ ਰਿਹਾ ਹੈ, ਕਿਉਂਕਿ ਅਸੀਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਲੋਕ ਵਿਰੋਧੀ ਸਰਕਾਰ ਵਿਰੁੱਧ ਲਗਾਤਾਰ ਲੜ ਰਹੀਆਂ ਹਾਂ ਅਤੇ ਉਨ੍ਹਾ ਤੋਂ ਜਵਾਬ ਮੰਗ ਰਹੀਆਂ ਹਾਂ। ਉਹ ਸਦਨ ਵਿੱਚੋਂ ਸਾਡੀ ਤਰਫੋਂ ਕਿਸੇ ਖਤਰੇ ਕਰਕੇ ਗੈਰਹਾਜ਼ਰ ਨਹੀਂ ਹੋਏ, ਸਗੋਂ ਡਰ ਕਰਕੇ ਹੋਏ।

ਉਨ੍ਹਾ ਕੋਲ ਆਪੋਜ਼ੀਸ਼ਨ ਦਾ ਸਾਹਮਣਾ ਕਰਨਾ ਦਾ ਹੌਸਲਾ ਨਹੀਂ। ਅਸੀਂ ਉਸ ਕਾਂਗਰਸ ਦੀਆਂ ਮੈਂਬਰ ਹਾਂ, ਜਿਹੜੀ ਪਿਆਰ, ਅਮਨ, ਸੰਵਿਧਾਨਕ ਕਦਰਾਂ-ਕੀਮਤਾਂ ਤੇ ਮਨੁੱਖੀ ਵੱਕਾਰ ਲਈ ਖੜ੍ਹਦੀ ਹੈ। ਅਸੀਂ ਹਿੰਸਾ ਜਾਂ ਧਮਕੀਆਂ ਵਿੱਚ ਯਕੀਨ ਨਹੀਂ ਕਰਦੀਆਂ। ਅਸੀਂ ਚੁਣੀਆਂ ਹੋਈਆਂ ਦਲੇਰ ਪ੍ਰਤੀਨਿਧ ਹਾਂ, ਜਿਹੜੀਆਂ ਧਮਕਾਉਣ ਨਾਲ ਚੁੱਪ ਨਹੀਂ ਕਰਨਗੀਆਂ। ਸਪੀਕਰ ਦੇ ਅਹੁਦੇ ਦਾ ਵੱਕਾਰ ਤੇ ਸਦਨ ਦੀ ਪ੍ਰਤਿਸ਼ਠਾ ਬਹਾਲ ਕੀਤੀ ਜਾਵੇ।'

ਪੀ ਐੱਮ ਨੂੰ ਧਮਕਾਉਣ ਵਾਲੇ ਖਿਲਾਫ ਐੱਫ ਆਈ ਆਰ ਕਿਉਂ ਨਹੀਂ ਕਰਦੇ : ਰਾਹੁਲ

ਨਵੀਂ ਦਿੱਲੀ : ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਨੇ ਪ੍ਰਧਾਨ ਮੰਤਰੀ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਉਹ ਸਾਬਕਾ ਫੌਜ ਮੁਖੀ ਐੱਮ ਐੱਮ ਨਰਵਾਣੇ ਦੀ ਕਿਤਾਬ ਨਾਲ ਜੁੜੇ ਮੁੱਦਿਆਂ ਤੋਂ ਡਰ ਕੇ ਸਦਨ ਵਿੱਚ ਨਹੀਂ ਆਏ। ਰਾਹੁਲ ਨੇ ਉਨ੍ਹਾਂ ਦਾਅਵਿਆਂ ਨੂੰ ਸਿਰੇ ਤੋਂ ਖਾਰਜ ਕਰ ਦਿੱਤਾ, ਜਿਨ੍ਹਾਂ ਵਿੱਚ ਕਿਹਾ ਗਿਆ ਸੀ ਕਿ ਪਿਛਲੇ ਵੀਰਵਾਰ ਨੂੰ ਪ੍ਰਧਾਨ ਮੰਤਰੀ ਨੂੰ ਸੰਸਦ ਮੈਂਬਰਾਂ ਤੋਂ ਖਤਰਾ ਸੀ।

ਉਨ੍ਹਾ ਚੁਣੌਤੀ ਦਿੰਦਿਆਂ ਕਿਹਾ, 'ਜੇ ਕਿਸੇ ਨੇ ਪ੍ਰਧਾਨ ਮੰਤਰੀ ਨੂੰ ਧਮਕੀ ਦਿੱਤੀ ਹੈ ਤਾਂ ਸਰਕਾਰ ਉਸ ਵਿਰੁੱਧ ਐੱਫ ਆਈ ਆਰ ਦਰਜ ਕਰਕੇ ਉਸ ਨੂੰ ਗ੍ਰਿਫਤਾਰ ਕਿਉਂ ਨਹੀਂ ਕਰਦੀ?

ਰਾਹੁਲ ਅਨੁਸਾਰ ਸਰਕਾਰ ਅਸਲ ਵਿੱਚ ਸੱਚ ਦਾ ਸਾਹਮਣਾ ਕਰਨ ਤੋਂ ਘਬਰਾ ਰਹੀ ਹੈ ਅਤੇ ਮੈਂਬਰਾਂ 'ਤੇ ਲਾਏ ਗਏ ਦੋਸ਼ ਸਿਰਫ ਇੱਕ ਬਹਾਨਾ ਹਨ। ਰਾਹੁਲ ਗਾਂਧੀ ਨੇ ਦੋਸ਼ ਲਾਇਆ ਕਿ ਸਰਕਾਰ ਬਜਟ ਅਤੇ ਅਮਰੀਕੀ ਡੀਲ 'ਤੇ ਬਹਿਸ ਕਰਵਾਉਣ ਤੋਂ ਡਰ ਰਹੀ ਹੈ, ਕਿਉਂਕਿ ਇਸ ਦਾ ਕਿਸਾਨਾਂ 'ਤੇ ਮਾੜਾ ਅਸਰ ਪਵੇਗਾ। ਉਨ੍ਹਾ ਰੱਖਿਆ ਮੰਤਰੀ ਰਾਜਨਾਥ ਸਿੰਘ ਦੇ ਉਸ ਦਾਅਵੇ ਨੂੰ ਵੀ ਝੂਠਾ ਦੱਸਿਆ ਕਿ ਜਨਰਲ ਨਰਵਾਣੇ ਦੀ ਕਿਤਾਬ ਅਜੇ ਛਪੀ ਨਹੀਂ ਹੈ। ਰਾਹੁਲ ਨੇ ਕਿਹਾ, 'ਕਿਤਾਬ ਛਪ ਚੁੱਕੀ ਹੈ ਅਤੇ ਸਾਡੇ ਕੋਲ ਉਸ ਦੀ ਕਾਪੀ ਵੀ ਹੈ।' ਉਨ੍ਹਾ ਕਿਹਾ ਕਿ ਸਰਕਾਰ ਵਿਰੋਧੀ ਧਿਰ ਦੀ ਆਵਾਜ਼ ਨੂੰ ਦਬਾਉਣ ਲਈ ਵਾਰ-ਵਾਰ ਰੁਕਾਵਟਾਂ ਪਾ ਰਹੀ ਹੈ ਅਤੇ ਸਦਨ ਵਿੱਚ ਸਿਰਫ ਸੱਤਾ ਪੱਖ ਨੂੰ ਹੀ ਬੋਲਣ ਦੀ ਆਜ਼ਾਦੀ ਦਿੱਤੀ ਜਾ ਰਹੀ ਹੈ। ਉਨ੍ਹਾ ਕਾਂਗਰਸੀ ਸੰਸਦ ਮੈਂਬਰਾਂ ਦੀ ਮੁਅੱਤਲੀ ਅਤੇ ਲਾਏ ਗਏ ਇਲਜ਼ਾਮਾਂ ਨੂੰ ਲੋਕਤੰਤਰ ਲਈ ਮੰਦਭਾਗਾ ਦੱਸਿਆ।

ਬਾਜਵਾ ਦਾ ਘਿਰਾਓ ਕਰਨ ਜਾਂਦੇ 'ਆਪ' ਵਰਕਰਾਂ 'ਤੇ ਪਾਣੀ ਦੀਆਂ ਬੁਛਾੜਾਂ

ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)

ਇੱਥੇ ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਦੇ ਸੈਕਟਰ ਚਾਰ ਸਥਿਤ ਪੰਜਾਬ ਐੱਮ ਐੱਲ ਏ ਹੋਸਟਲ ਵਿਚਲੇ ਘਰ ਦਾ ਸੋਮਵਾਰ ਘਿਰਾਓ ਕਰਨ ਜਾਂਦੇ ਆਮ ਆਦਮੀ ਪਾਰਟੀ ਦੇ ਵਰਕਰਾਂ ਨੂੰ ਪੁਲਸ ਨੇ ਐੱਮ ਐੱਲ ਏ ਹੋਸਟਲ ਦੇ ਗੇਟ ਉੱਤੇ ਹੀ ਵੱਡੀਆਂ ਰੋਕਾਂ ਲਗਾ ਕੇ ਰੋਕ ਦਿੱਤਾ। ਵਰਕਰਾਂ ਨੇ ਰੋਕਾਂ ਨੂੰ ਤੋੜਨ ਦੀ ਕੋਸ਼ਿਸ਼ ਕੀਤੀ ਤਾਂ ਪੁਲਸ ਨੇ ਉਨ੍ਹਾਂ 'ਤੇ ਪਾਣੀ ਦੀਆਂ ਬੁਛਾੜਾਂ ਮਾਰੀਆਂ।

ਬਾਜਵਾ ਵੱਲੋਂ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਨੂੰ ਬੈਂਡ ਵਾਲਾ ਦੱਸਣ 'ਤੇ ਆਮ ਆਦਮੀ ਪਾਰਟੀ ਦੇ ਕੈਬਨਿਟ ਮੰਤਰੀਆਂ ਅਤੇ ਵਿਧਾਇਕਾਂ ਨੇ ਬੈਂਡ ਬਾਜੇ ਵਾਲਿਆਂ ਨਾਲ ਪ੍ਰਦਰਸ਼ਨ ਕੀਤਾ। ਉਨ੍ਹਾਂ ਕਿਹਾ ਕਿ ਕਾਂਗਰਸ ਦਲਿਤਾਂ ਦਾ ਹਮੇਸ਼ਾ ਹੀ ਨਿਰਾਦਰ ਕਰਦੀ ਰਹੀ ਹੈ ਅਤੇ ਉਨ੍ਹਾਂ ਨੂੰ ਵੋਟ ਬੈਂਕ ਦੀ ਤਰ੍ਹਾਂ ਵਰਤਦੀ ਰਹੀ ਹੈ। ਇਸ ਦੇ ਨਾਲ ਹੀ ਆਪ ਆਗੂਆਂ ਨੇ ਪ੍ਰਤਾਪ ਬਾਜਵਾ ਨੂੰ ਮੁਆਫੀ ਮੰਗਣ ਲਈ ਕਿਹਾ।

ਇਸ ਦੌਰਾਨ ਮੰਤਰੀ ਹਰਭਜਨ ਸਿੰਘ ਈ ਟੀ ਓ, ਉਨ੍ਹਾ ਦੀ ਪਤਨੀ ਸੁਰਿੰਦਰ ਕੌਰ ਦੇ ਨਾਲ ਵਿੱਤ ਮੰਤਰੀ ਹਰਪਾਲ ਚੀਮਾ, ਸਿਹਤ ਮੰਤਰੀ ਡਾ. ਬਲਬੀਰ, ਮੋਹਿੰਦਰ ਭਗਤ, ਡਾ. ਰਵਜੋਤ, ਵਿਧਾਇਕ ਸ਼ੈਰੀ ਕਲਸੀ, ਕੁਲਜੀਤ ਰੰਧਾਵਾ, ਇੰਦਰਵੀਰ ਸਿੰਘ ਨਿੱਝਰ, ਨੀਨਾ ਮਿੱਤਲ, ਲਾਭ ਸਿੰਘ ਉਗੋਕੇ, ਚੇਤਨ ਸਿੰਘ ਜੌੜੇਮਾਜਰਾ, ਇੰਦਰਜੀਤ ਕੌਰ, ਚੇਅਰਮੈਨ ਹਰਚੰਦ ਸਿੰਘ ਬਰਸਟ, ਸੰਨੀ ਸਿੰਘ ਆਹਲੂਵਾਲੀਆ ਸਮੇਤ ਸੈਂਕੜੇ ਆਗੂ ਤੇ ਵਰਕਰ ਮੌਜੂਦ ਸਨ।ਇਸ ਤੋਂ ਇਲਾਵਾ 'ਆਪ' ਆਗੂ ਜੋਬਨ ਰੰਧਾਵਾ ਦੀ ਅਗਵਾਈ ਹੇਠ ਕਾਦੀਆਂ (ਗੁਰਦਾਸਪੁਰ) ਵਿੱਚ ਵੀ ਪ੍ਰਤਾਪ ਸਿੰਘ ਬਾਜਵਾ ਦੀ ਰਿਹਾਇਸ਼ ਦੇ ਬਾਹਰ ਰੋਸ ਪ੍ਰਦਰਸ਼ਨ ਕੀਤਾ ਗਿਆ।

ਈ ਟੀ ਓ ਨੇ ਕਿਹਾ ਕਿ ਕਿਸੇ ਦੇ ਪਿਤਾ ਵੱਲੋਂ ਇਮਾਨਦਾਰੀ ਨਾਲ ਕੀਤੇ ਕੰਮ ਦਾ ਮਜ਼ਾਕ ਉਡਾਉਣਾ ਅਤੇ ਪੂਰੇ ਭਾਈਚਾਰੇ ਨੂੰ ਨੀਵਾਂ ਦਿਖਾਉਣਾ, ਇਸ ਤੋਂ ਵੱਧ ਸ਼ਰਮਨਾਕ ਕੁਝ ਨਹੀਂ ਹੋ ਸਕਦਾ।

ਉਨ੍ਹਾ ਕਿਹਾ, "ਮੇਰੇ ਪਿਤਾ ਇੱਕ 'ਬੈਂਡ ਮਾਸਟਰ' ਸਨ, ਉਨ੍ਹਾ ਨੇ ਸਖ਼ਤ ਮਿਹਨਤ ਨਾਲ ਸਾਨੂੰ ਪੜ੍ਹਾਇਆ। ਮੈਂ ਸਰਕਾਰੀ ਸਕੂਲ ਵਿੱਚ ਪੜ੍ਹ ਕੇ ਅਤੇ ਆਪਣੀ ਕਾਬਲੀਅਤ ਦੇ ਦਮ 'ਤੇ ਇੱਥੇ ਪਹੁੰਚਿਆ ਹਾਂ। ਬਾਜਵਾ ਸਾਹਿਬ ਕਹਿ ਰਹੇ ਹਨ ਕਿ 'ਬੈਂਡ ਵਜਾਉਣ ਵਾਲੇ ਦੇ ਪੁੱਤ ਦਾ ਬੈਂਡ ਵਜਾ ਦਿਆਂਗੇ।' ਅਸੀਂ ਮਿਹਨਤ ਕੀਤੀ ਹੈ, ਕੋਈ ਸਮਗਲਿੰਗ ਜਾਂ ਸੋਨੇ ਦੇ ਬਿਸਕੁਟਾਂ ਦੀ ਤਸਕਰੀ ਨਹੀਂ ਕੀਤੀ। ਇਹ ਅਪਮਾਨ ਸਿਰਫ਼ ਮੇਰਾ ਨਹੀਂ, ਸਗੋਂ ਹਰ ਉਸ ਗਰੀਬ ਵਰਗ ਦਾ ਹੈ, ਜੋ ਪਸੀਨੇ ਦੀ ਕਮਾਈ ਨਾਲ ਆਪਣੇ ਬੱਚਿਆਂ ਨੂੰ ਪੜ੍ਹਾਉਂਦਾ ਹੈ।"

ਰਾਜਾ ਵੜਿੰਗ 'ਤੇ ਨਿਸ਼ਾਨਾ ਸਾਧਦਿਆਂ ਈ ਟੀ ਓ ਨੇ ਕਿਹਾ ਕਿ ਇੱਕ ਪਾਸੇ ਇਹ ਲੋਕ ਲਾਅ ਐਂਡ ਆਰਡਰ ਦੀ ਗੱਲ ਕਰਦੇ ਹਨ ਅਤੇ ਦੂਜੇ ਪਾਸੇ ਇੱਕ ਰੈਲੀ ਵਿੱਚ 1200 ਲੋਕਾਂ ਦੇ ਸਾਹਮਣੇ ਖੁੱਲ੍ਹੇਆਮ ਕਹਿ ਰਹੇ ਹਨ ਕਿ 'ਈ ਟੀ ਓ ਦੀ ਧੌਣ ਮਰੋੜ ਦਿਓ, ਸਿਰਫ਼ 3 ਮਿੰਟ ਲੱਗਦੇ ਹਨ।' ਕੀ ਇਹ ਜੰਗਲ ਰਾਜ ਨਹੀਂ? ਤੁਸੀਂ ਆਪਣੇ ਵਰਕਰਾਂ ਨੂੰ ਇੱਕ ਚੁਣੇ ਹੋਏ ਨੁਮਾਇੰਦੇ 'ਤੇ ਹਮਲਾ ਕਰਨ ਲਈ ਉਕਸਾ ਰਹੇ ਹੋ ਤਾਂ ਜੋ ਕੋਈ ਗਰੀਬ ਦਾ ਬੱਚਾ ਦੁਬਾਰਾ ਰਾਜਨੀਤੀ ਵਿੱਚ ਆਉਣ ਦੀ ਹਿੰਮਤ ਨਾ ਕਰੇ। ਅਸੀਂ ਇਸ ਗੁੰਡਾਗਰਦੀ ਅਤੇ ਚੁਣੌਤੀ ਨੂੰ ਸਵੀਕਾਰ ਕਰਦੇ ਹਾਂ।

ਮੰਤਰੀ ਈ ਟੀ ਓ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਪ੍ਰਤਾਪ ਸਿੰਘ ਬਾਜਵਾ ਨੇ ਤੁਰੰਤ ਮੁਆਫੀ ਨਾ ਮੰਗੀ, ਤਾਂ ਅਸੀਂ ਉਨ੍ਹਾ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕਰਾਂਗੇ। ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਵਿਰੋਧੀ ਪਾਰਟੀਆਂ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਕਾਂਗਰਸ, ਅਕਾਲੀ ਦਲ ਅਤੇ ਭਾਜਪਾ ਵਰਗੀਆਂ ਪਾਰਟੀਆਂ ਨੇ ਹਮੇਸ਼ਾ ਪਰਵਾਰਵਾਦ ਨੂੰ ਉਤਸ਼ਾਹਤ ਕੀਤਾ ਹੈ। ਇਨ੍ਹਾਂ ਪਾਰਟੀਆਂ ਵਿੱਚ ਕੁਝ ਗਿਣੇ-ਚੁਣੇ ਪਰਵਾਰਾਂ ਦਾ ਹੀ ਰਾਜ ਰਿਹਾ ਹੈ, ਜਦਕਿ

• ਬਾਕੀ ਸਫਾ 2 'ਤੇ

ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਅਹੁਦਾ ਸੰਭਾਲਿਆ

ਪਟਿਆਲਾ : ਪੰਜਾਬ ਸਰਕਾਰ ਵੱਲੋਂ ਮਹਾਰਾਜਾ ਭੂਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਦੇ ਨਵੇਂ ਨਿਯੁਕਤ ਕੀਤੇ ਗ

10-FEB-PAGE-1.qxd 2/9/2026 10:49 PM Page 2

ਵਿਰੋਧੀਆਂ ਦੇ ਕੂੜ ਪ੍ਰਚਾਰ ਦਾ ਜਵਾਬ ਦੇਵੇਗਾ ਸੋਸ਼ਲ ਮੀਡੀਆ ਵਿੰਗ : ਸੰਧਵਾਂ

ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)-ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸੋਸ਼ਲ ਮੀਡੀਆ ਵਿੰਗ ਦੇ ਨਵ-ਨਿਯੁਕਤ ਅਹੁਦੇਦਾਰਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ।ਇਸ ਦੌਰਾਨ ਉਨ੍ਹਾਂ ਕਿਹਾ ਕਿ ਡਿਜ਼ੀਟਲ ਯੁੱਗ ਵਿੱਚ ਸੋਸ਼ਲ ਮੀਡੀਆ ਦੀ ਭੂਮਿਕਾ ਅਹਿਮ ਹੈ ਤੇ ਨਵੇਂ ਚੁਣੇ ਗਏ ਅਹੁਦੇਦਾਰ ਉਹ ਸਰਗਰਮ ਕਾਰਕੁੰਨ ਹਨ, ਜੋ ਪਾਰਟੀ ਦੇ ਵਿਚਾਰਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲੋਕਾਂ ਤੱਕ ਪੁਚਾਉਣ ਦੀ ਸਮਰੱਥਾ ਰੱਖਦੇ ਹਨ। ਸੰਧਵਾਂ ਨੇ ਦੱਸਿਆ ਕਿ ਸੋਸ਼ਲ ਮੀਡੀਆ ਕੋਆਰਡੀਨੇਟਰਾਂ ਦੀਆਂ ਜ਼ਿੰਮੇਵਾਰੀਆਂ ਸਪੱਸ਼ਟ ਤੌਰ 'ਤੇ ਤੈਅ ਕਰ ਦਿੱਤੀਆਂ ਗਈਆਂ ਹਨ।ਉਨ੍ਹਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਪੰਜਾਬ ਸਰਕਾਰ ਦੀ ਹਰ ਗਤੀਵਿਧੀ, ਲੋਕ-ਭਲਾਈ ਯੋਜਨਾਵਾਂ ਤੇ ਵਿਕਾਸ ਕਾਰਜਾਂ ਨੂੰ ਡਿਜ਼ੀਟਲ ਪਲੇਟਫਾਰਮਾਂ ਰਾਹੀਂ ਹਰ ਘਰ ਤੱਕ ਪੁਚਾਇਆ ਜਾਵੇ।ਇਸ ਨਾਲ ਜਨਤਾ ਨੂੰ ਸਰਕਾਰ ਦੀਆਂ ਪ੍ਰਾਪਤੀਆਂ ਬਾਰੇ ਸਿੱਧੀ ਜਾਣਕਾਰੀ ਮਿਲੇਗੀ।ਗੁੰਮਰਾਹਕੁੰਨ ਜਾਣਕਾਰੀਆਂ ਦਾ ਤੁਰੰਤ ਤੱਥਾਂ ਦੇ ਆਧਾਰ 'ਤੇ ਜਵਾਬ ਦਿੱਤਾ ਜਾਵੇਗਾ।

ਸੁਪਰੀਮ ਦੇ ਵਿਦਿਆਰਥੀਆਂ ਗੁਰਮਤਿ ਮੁਕਾਬਲੇ 'ਚ ਅੱਵਲ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਸੁਪਰੀਮ ਇੰਟਰਨੈਸ਼ਨਲ ਸਕੂਲ ਮਹਿਲ ਕਲਾਂ ਦੇ ਵਿਦਿਆਰਥੀਆਂ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਪੁਰਬ ਨੂੰ ਮੁੱਖ ਰੱਖਦੇ ਹੋਏ ਕਰਵਾਏ ਗੁਰਮਤਿ ਮੁਕਾਬਲੇ 'ਚ ਪੂਰੇ ਉਤਸ਼ਾਹ ਨਾਲ ਭਾਗ ਲਿਆ।ਇਸ ਮੁਕਾਬਲੇ ਵਿੱਚ ਕੁੱਲ ਤਿੰਨ ਪੜਾਅ ਸਨ, ਜਿਸ ਵਿੱਚੋਂ ਵਿਦਿਆਰਥਣ ਪਰਲੀਨ ਕੌਰ ਤੇ ਅਵਨੀਤ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ।ਇਨ੍ਹਾਂ ਵਿਦਿਆਰਥੀਆਂ ਨੂੰ ਸਰਟੀਫਿਕੇਟ, ਸਨਮਾਨ ਚਿੰਨ੍ਹ, ਸਮਾਰਟ ਵਾਚ, ਦੀਵਾਰ ਘੜੀ ਤੇ 2100 ਰੁਪਏ ਨਗਦ ਰਾਸ਼ੀ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਵਿਦਿਆਰਥੀਆਂ ਦੀ ਯੋਗ ਅਗਵਾਈ ਅਧਿਆਪਕਾ ਕਿਰਨਦੀਪ ਕੌਰ ਵੱਲੋਂ ਕੀਤੀ ਗਈ।ਸੁਪਰੀਮ ਇੰਟਰਨੈਸ਼ਨਲ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ੍ਰੀ ਮੋਹਨੀਸ਼ ਮਿਸ਼ਾ, ਪ੍ਰਿੰਸੀਪਲ ਵੀਨਾ ਨਾਇਰ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਸਮੂਹ ਵਿਦਿਆਰਥੀਆਂ ਨੂੰ ਆਪਣੇ ਸਿੱਖ ਧਰਮ, ਇਤਿਹਾਸ, ਸੱਭਿਆਚਾਰ ਤੋਂ ਲਾਜ਼ਮੀ ਜਾਣੂ ਹੋਣਾ ਚਾਹੀਦਾ ਹੈ।ਇਸ ਮੌਕੇ ਐਜੂਕੇਟ ਪੰਜਾਬ ਪ੍ਰੋਜੈਕਟ ਦੇ ਭਾਈ ਮਲਕੀਤ ਸਿੰਘ ਮਹਿਲ ਕਲਾਂ, ਬੀਬੀ ਸੁਰਿੰਦਰ ਕੌਰ ਆਦਿ ਹਾਜ਼ਰ ਸਨ।

ਚੇਅਰਮੈਨ ਜੱਸੀ ਵੱਲੋਂ ਐੱਸ ਸੀ ਧਰਮਸ਼ਾਲਾ ਨੌਹਰਾ ਲਈ 2 ਲੱਖ ਦੀ ਗ੍ਰਾਂਟ ਦਾ ਐਲਾਨ

ਨਾਭਾ (ਵਰਿੰਦਰ ਵਰਮਾ)-ਇੰਪਰੂਵਮੈਂਟ ਟਰੱਸਟ ਨਾਭਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਪਿੰਡ ਨੌਹਰਾ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਕਰਵਾਏ ਗਏ ਸਮਾਗਮ ਵਿੱਚ ਸ਼ਮੂਲੀਅਤ ਕਰਕੇ ਆਪਣੀ ਹਾਜ਼ਰੀ ਭਰੀ।ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ ਦੀ ਮੰਗ 'ਤੇ ਐੱਸ ਸੀ ਧਰਮਸ਼ਾਲਾ ਲਈ 2 ਲੱਖ ਰੁਪਏ ਦੀ ਗ੍ਰਾਂਟ ਭੇਜਣ ਦਾ ਐਲਾਨ ਕੀਤਾ।ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਕਿਹਾ ਕਿ ਸਾਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਤੋਂ ਸੇਧ ਲੈ ਕੇ ਉਨ੍ਹਾਂ ਦੀਆਂ ਸਿੱਖਿਆਵਾਂ 'ਤੇ ਚੱਲਣ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਹਰ ਵਰਗ ਦੇ ਹਰ ਨਾਗਰਿਕ ਨੂੰ 10 ਲੱਖ ਰੁਪਏ ਦਾ ਮੁਫ਼ਤ ਇਲਾਜ ਮਿਲੇਗਾ ਤੇ ਪੰਜਾਬ ਦੇ ਵਸਨੀਕ ਇਸ ਸਕੀਮ ਦਾ ਲਾਭ ਲੈ ਸਕਣਗੇ ਤੇ ਇਹ ਯੋਜਨਾ ਪੰਜਾਬ ਵਾਸੀਆਂ ਲਈ ਵਰਦਾਨ ਸਾਬਿਤ ਹੋਵੇਗੀ, ਕਿਉਂਕਿ ਇਸ ਯੋਜਨਾ ਤਹਿਤ ਹਰ ਪਰਿਵਾਰ ਦੇ ਸਮਾਰਟ ਕਾਰਡ ਬਣਾਏ ਜਾ ਰਹੇ ਹਨ।ਇਸ ਮੌਕੇ ਸ੍ਰੀ ਗੁਰੂ ਰਵਿਦਾਸ ਸੁਸਾਇਟੀ ਦੇ ਪ੍ਰਬੰਧਕਾਂ ਤੇ ਪਿੰਡ ਵਾਸੀਆਂ ਨੇ ਉਨ੍ਹਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਰਨਵੀਰ ਸਿੰਘ ਸਰਪੰਚ, ਟਰੱਸਟ ਦੇ ਮੈਂਬਰ ਗੋਪੀ ਫੈਜਗੜ੍ਹ, ਸੁਖਜੀਤ ਸਿੰਘ ਹਾਂਸ, ਸੁਖਚੈਨ ਸਿੰਘ ਕੁਲਾਰਾਂ, ਬਲਾਕ ਪ੍ਰਧਾਨ ਬਲਵਿੰਦਰ ਸਿੰਘ ਧੋਪਲ ਆਦਿ ਸਮੇਤ ਵੱਡੀ ਗਿਣਤੀ 'ਚ ਪਿੰਡ ਵਾਸੀ ਮੌਜੂਦ ਸਨ।

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਗੁਰੂ ਹਰਸਹਾਏ ਵੱਲੋਂ ਮੀਟਿੰਗ



ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਗੁਰੂ ਹਰਸਹਾਏ ਦੀ ਮਹੀਨਾ ਵਾਰ ਮੀਟਿੰਗ ਸਟੇਟ ਪ੍ਰੈਜ਼ੀਡੈਂਟ ਡਾਕਟਰ ਧੰਨਾ ਮੱਲ ਗੋਇਲ ਦੀ ਰਹਿਨੁਮਾਈ ਵਿੱਚ ਹੋਈ।ਮੀਟਿੰਗ ਵਿੱਚ ਵੱਖ ਵੱਖ ਬੁਲਾਰਿਆਂ ਨੇ ਸੰਬੋਧਨ ਕੀਤਾ ਤੇ ਡਾਕਟਰ ਪੂਰਨ ਸਿੰਘ ਬਲਾਕ ਪ੍ਰਧਾਨ ਦੀ ਹਾਜ਼ਰੀ ਵਿੱਚ ਵਿੱਚ ਡਾਕਟਰ ਸਤਪਾਲ ਕੰਬੋਜ ਨੇ ਆਪਣੇ ਵਿਚਾਰ ਪੇਸ਼ ਕੀਤੇ। ਸਾਰੇ ਸਾਥੀਆਂ ਨੂੰ ਬੇਨਤੀ ਕੀਤੀ ਕਿ ਸਾਫ਼ ਸੁਥਰੀ ਪ੍ਰਕੈਟਿਸ ਕਰੋ, ਫਸਟ ਏਡ ਦੇ ਤੌਰ 'ਤੇ ਆਪਾਂ ਕਿਸੇ ਤਰ੍ਹਾਂ ਦੀ ਕੋਈ ਵੀ ਪ੍ਰੇਸ਼ਾਨੀ ਨਹੀਂ ਆਉਣ ਦਿਆਂਗੇ।ਬਾਕੀ ਸੀਨੀਅਰ ਤੇ ਜੂਨੀਅਰ ਸਾਥੀਆਂ ਨੇ ਵਿਚਾਰ ਪੇਸ਼ ਕੀਤੇ ਤੇ ਪੰਜਾਬ ਸਰਕਾਰ ਨੂੰ ਮੀਟਿੰਗ ਵਿੱਚ ਬੇਨਤੀ ਕੀਤੀ ਕਿ ਅਸੀਂ ਸਾਰੇ ਸਾਥੀ ਦਿਨ-ਰਾਤ ਮਿਹਨਤ ਕਰਦੇ ਹਾਂ ਤੇ ਲੋਕਾਂ ਦੇ ਘਰ ਜਾ ਕੇ ਮੈਡੀਸਨ ਦਿੰਦੇ ਹਾਂ।ਕਰੋਨਾ ਕਾਲ ਦੌਰਾਨ ਸਾਡੇ ਸਾਰੇ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਸਾਥੀਆਂ ਨੇ ਲੋਕਾਂ ਦੀ ਬਹੁਤ ਜ਼ਿਆਦਾ ਸੇਵਾ ਕੀਤੀ ਹੈ।ਹੁਣ ਸਰਕਾਰ ਨੂੰ ਵੀ ਸਾਡੇ ਬਾਰੇ ਸੋਚਣਾ ਚਾਹੀਦਾ ਹੈ ਕਿ ਸਾਲ ਜਾਂ ਛੇ ਮਹੀਨੇ ਦੀ ਟ੍ਰੇਨਿੰਗ ਦੇ ਕੇ ਪ੍ਰਮਾਣ ਪੱਤਰ ਦਿੱਤਾ ਜਾਵੇ ਤਾਂ ਕਿ ਉਹ ਖੁੱਲ੍ਹ ਕੇ ਆਪਣੀ ਪ੍ਰਕੈਟਿਸ ਕਰ ਸਕਣ ਤੇ ਗਰੀਬ ਲੋਕਾਂ ਦੀ ਸੇਵਾ ਕਰ ਸਕਣ। ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਗੁਰੂ ਹਰਸਹਾਏ ਦੀ ਜਥੇਬੰਦੀ ਦੇ ਸਾਥੀ ਵੱਡੀ ਗਿਣਤੀ 'ਚ ਮੀਟਿੰਗ ਵਿੱਚ ਹਾਜ਼ਰ ਹੋਏ।

ਗੁਰੂ ਕ੍ਰਿਪਾ ਸੇਵਾ ਸੰਸਥਾਨ ਵੱਲੋਂ ਮੁਫ਼ਤ ਮੈਡੀਕਲ ਕੈਂਪ

ਸਰਹੰਦ ਮੰਡੀ (ਪ੍ਰਮੋਦ ਭਾਰਦਵਾਜ)-ਗੁਰੂ ਕ੍ਰਿਪਾ ਸੇਵਾ ਸੰਸਥਾਨ ਸਰਹਿੰਦ ਨੇ ਵਿਸ਼ਵ ਜਾਗ੍ਰਿਤੀ ਮਿਸ਼ਨ ਸਰਹਿੰਦ ਦੇ ਸਹਿਯੋਗ ਨਾਲ ਸਿਨੇਮਾ ਰੋਡ ਸਰਹਿੰਦ ਵਿਖੇ ਆਪਣੇ ਪਰਿਸਰ ਵਿੱਚ 28ਵਾਂ ਮੁਫ਼ਤ ਅੱਖਾਂ ਦੀ ਜਾਂਚ, ਪਾਈਲਜ਼ ਜਾਂਚ ਤੇ ਆਪ੍ਰੇਸ਼ਨ ਅਤੇ ਕ੍ਰਿਤ੍ਰਿਮ ਅੰਗ ਕੈਂਪ ਸਫ਼ਲਤਾਪੂਰਵਕ ਆਯੋਜਿਤ ਕੀਤਾ।ਇਸ ਕੈਂਪ ਦੇ ਮੁੱਖ ਮਹਿਮਾਨ ਸ਼੍ਰੀ ਸ਼ੁਭਮ ਅੱਗਰਵਾਲ ਐੱਸ ਐੱਸ ਪੀ ਫ਼ਤਿਹਗੜ੍ਹ ਸਾਹਿਬ ਸਨ।ਹਾਲਾਂਕਿ, ਅਹਿਮ ਸਰਕਾਰੀ ਕਾਰਜਾਂ ਕਾਰਨ ਉਨ੍ਹਾਂ ਦੀ ਥਾਂ ਸ੍ਰੀ ਰਾਜ ਕੁਮਾਰ ਸ਼ਰਮਾ ਡੀਐੱਸਪੀ ਬੱਸੀ ਪਠਾਣਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਸ੍ਰੀ ਪੰਕਜ ਖੇਤਾਨ ਚੇਅਰਮੈਨ ਮੀਨਾਕਸ਼ੀ ਗਰੁੱਪ ਤੇ ਡਾ. ਅਜੈ ਕਾਂਸਲ ਪ੍ਰਧਾਨ ਅਗਰਵਾਲ ਸਮਾਜ ਸਭਾ ਪੰਜਾਬ ਵਿਸ਼ੇਸ਼ ਮਹਿਮਾਨ ਵਜੋਂ ਮੌਜੂਦ ਰਹੇ।ਕੈਂਪ ਵਿੱਚ ਲੋਕਾਂ ਵੱਲੋਂ ਭਾਰੀ ਭਾਗੀਦਾਰੀ ਦੇਖਣ ਨੂੰ ਮਿਲੀ ਤੇ ਕੁੱਲ 366 ਮਰੀਜ਼ਾਂ ਨੇ ਮੁਫ਼ਤ ਮੈਡੀਕਲ ਜਾਂਚ ਕਰਵਾਈ।ਇਹ ਸੇਵਾਵਾਂ ਰਾਣਾ ਹਸਪਤਾਲ ਸਰਹਿੰਦ ਸ਼ੰਕਰਾ ਆਈ ਹਸਪਤਾਲ ਲੁਧਿਆਣਾ ਤੇ ਭਾਰਤ ਵਿਕਾਸ ਪ੍ਰੀਸ਼ਦ ਚੈਰੀਟੇਬਲ ਟਰੱਸਟ ਲੁਧਿਆਣਾ ਦੇ ਮਾਹਰ ਡਾਕਟਰਾਂ ਵੱਲੋਂ ਦਿੱਤੀਆਂ ਗਈਆਂ।ਕੈਂਪ ਦੌਰਾਨ ਸ਼੍ਰੀ ਅਮਰਨਾਥ ਬਰਫਾਨੀ ਸੇਵਾ ਦਲ ਸਰਹਿੰਦ ਵੱਲੋਂ ਮੁਫ਼ਤ ਲੰਗਰ ਸੇਵਾ ਦੀ ਵਿਵਸਥਾ ਕੀਤੀ ਗਈ।

ਮਜ਼ਦੂਰਾਂ ਵੱਲੋਂ ਮੰਗਾਂ ਨੂੰ ਲੈ ਕੇ ਅਨਾਜ ਮੰਡੀ 'ਚ ਰੋਸ ਮੁਜ਼ਾਹਰਾ

ਭੱਠਿਆਂ ਤੇ ਹੋਰ ਸੰਸਥਾਵਾਂ ਦੇ ਮਜ਼ਦੂਰਾਂ ਦਾ ਸ਼ੋਸ਼ਣ ਬਰਦਾਸ਼ਤ ਨਹੀਂ : ਕੁਲਦੀਪ ਸਿੰਘ

ਮਾਨਸਾ (ਆਤਮਾ ਸਿੰਘ ਪਮਾਰ)

ਕਿਸਾਨ ਮਜ਼ਦੂਰ ਐਸੋਸੀਏਸ਼ਨ ਪੰਜਾਬ (ਰਜਿ. 140) ਵੱਲੋਂ ਮਾਨਸਾ ਦੀ ਅਨਾਜ ਮੰਡੀ 'ਚ ਮਜ਼ਦੂਰਾਂ ਦਾ ਇੱਕ ਭਰਵਾਂ ਇਕੱਠ ਹੋਇਆ, ਜਿਸ ਦੀ ਅਗਵਾਈ ਸੂਬਾ ਪ੍ਰਧਾਨ ਕੁਲਦੀਪ ਸਿੰਘ ਨੀਟੂ ਕੋਟ ਧਰਮੂੰ ਨੇ ਕੀਤੀ।ਇਕੱਤਰਤਾ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਭੱਠਾ ਮਜ਼ਦੂਰਾਂ ਦੀ ਰੋਜ਼ਾਨਾ ਦਿਹਾੜੀ ਸਬੰਧੀ ਭਖਦੇ ਮਸਲਿਆਂ ਨੂੰ ਦੁਹਰਾਇਆ।ਉਨ੍ਹਾਂ ਕਿਹਾ ਕਿ ਭਰਾਈ ਮਜ਼ਦੂਰਾਂ ਨੂੰ ਪ੍ਰਤੀ ਹਜ਼ਾਰ ਇੱਟਾਂ ਦੇ ਸਿਰਫ਼ 190 ਤੋਂ 220 ਰੁਪਏ ਹੀ ਦਿੱਤੇ ਜਾ ਰਹੇ ਹਨ, ਜਦਕਿ ਸਰਕਾਰੀ ਰੇਟ 338 ਰੁਪਏ ਪ੍ਰਤੀ ਹਜ਼ਾਰ ਇੱਟ ਹੈ।ਇਸੇ ਤਰ੍ਹਾਂ ਪਥੇਰ ਮਜ਼ਦੂਰਾਂ ਨੂੰ ਸਰਕਾਰੀ ਰੇਟ 966 ਰੁਪਏ ਦੀ ਬਜਾਏ ਕੇਵਲ 722 ਰੁਪਏ ਹੀ ਮਿਲ ਰਹੇ ਹਨ, ਜੋ ਕਿ ਮਜ਼ਦੂਰ ਕਾਨੂੰਨਾਂ ਦੀ ਖੁੱਲ੍ਹੀ ਉਲੰਘਣਾ ਹੈ।ਉਨ੍ਹਾਂ ਪ੍ਰਸ਼ਾਸਨ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਭੱਠਾ ਮਜ਼ਦੂਰਾਂ ਦੀਆਂ ਆਉਣ ਵਾਲੇ ਦਿਨਾਂ 'ਚ ਮੰਗਾਂ ਸਬੰਧੀ ਕਿਸੇ ਪੱਕੇ ਹੱਲ ਸਬੰਧੀ ਗੰਭੇ ਨਾ ਕੀਤਾ ਤਾਂ ਉਹ ਡਿਪਟੀ ਕਮਿਸ਼ਨਰ ਮਾਨਸਾ ਦੇ ਦਫਤਰ ਅੱਗੇ ਅਣਮਿੱਥੇ ਸਮੇਂ ਲਈ ਧਰਨਾ ਲਗਾਉਣ ਤੋਂ ਵੀ ਗੁਰੇਜ਼ ਨਹੀਂ ਕਰਨਗੇ।ਮੀਟਿੰਗ ਦੌਰਾਨ ਜ਼ਿਲ੍ਹਾ ਪ੍ਰਧਾਨ ਮਜ਼ਦੂਰ ਵਿੰਗ ਸੋਨੂੰ ਖਾਨ ਬਾਜੇਵਾਲਾ ਨੇ ਕਿਹਾ ਕਿ ਜਥੇਬੰਦੀ ਵੱਲੋਂ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਨੂੰ ਮੰਗ ਪੱਤਰ ਦਿੱਤੇ ਜਾਣ ਦੇ ਬਾਵਜੂਦ ਹੁਣ ਤੱਕ ਮਜ਼ਦੂਰਾਂ ਨੂੰ ਕਾਨੂੰਨੀ ਰੇਟਾਂ ਅਨੁਸਾਰ ਦਿਹਾੜੀ ਦਿਵਾਉਣ ਲਈ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ। ਮੀਟਿੰਗ ਵਿੱਚ ਸਰਬਸੰਮਤੀ ਨਾਲ ਫ਼ੈਸਲਾ ਕੀਤਾ ਗਿਆ ਕਿ ਜੇਕਰ ਆਉਂਦੇ ਕੁਝ ਦਿਨਾਂ ਤੱਕ ਪ੍ਰਸ਼ਾਸਨ ਵੱਲੋਂ ਮਜ਼ਦੂਰਾਂ ਦੀ ਰੋਜ਼ਾਨਾ ਦਿਹਾੜੀ ਸਬੰਧੀ ਕਾਨੂੰਨ ਅਨੁਸਾਰ ਸੁਣਵਾਈ ਤੇ ਕਾਰਵਾਈ ਨਾ ਕੀਤੀ ਗਈ, ਤਾਂ ਮਜਬੂਰਨ ਜਥੇਬੰਦੀ ਨੂੰ ਤਿੱਖੇ ਸੰਘਰਸ਼ ਦੇ ਰਾਹ ਤੁਰਨਾ ਪਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।ਇਸ ਮੌਕੇ ਸੂਬਾ ਆਗੂ ਜਗਸੀਰ ਸਿੰਘ ਜੱਗੀ, ਪ੍ਰਗਟ ਸਿੰਘ, ਗੁਰਸੇਵਕ ਸਿੰਘ, ਗੁਰਪ੍ਰੀਤ ਸਿੰਘ ਕੋਟ ਧਰਮੂੰ, ਗੁਲਾਬ ਸਿੰਘ ਖਿਆਲਾ, ਸੋਮਾ ਸਿੰਘ ਜੋਗਾ, ਪ੍ਰਧਾਨ ਦਿਲਬਰ ਖਾਨ (ਸੰਗਰੂਰ), ਬੂਟਾ ਖਾਨ ਢੈਪਈ, ਨਾਜ਼ਰ ਸਿੰਘ ਸੰਗਰੂਰ, ਬਲਵਿੰਦਰ ਸਿੰਘ ਬੋਹਾ, ਸੁਖਦੇਵ ਸਿੰਘ, ਹਰਜਿੰਦਰ ਸਿੰਘ, ਭੀਮ ਸਿੰਘ ਬਰੇਟਾ, ਜਗਰਾਜ ਸਿੰਘ, ਹਰਪਾਲ ਸਿੰਘ, ਗੁਰਬਾਜ ਸਿੰਘ ਜੋਗਾ, ਰਾਜੇਸ਼ ਕੁਮਾਰ, ਕੰਨੂ ਸਰਦੂਲਗੜ੍ਹ, ਮਨਪ੍ਰੀਤ ਸਿੰਘ ਮਾਨਸਾ, ਗੱਲਾ ਮਜ਼ਦੂਰ ਯੂਨੀਅਨ ਦੇ ਲਖਵਿੰਦਰ ਸਿੰਘ, ਬਲੌਰੀ ਸਿੰਘ ਲਾਲਿਆਂਵਾਲੀ ਤੇ ਐਡਵੋਕੇਟ ਲਖਵਿੰਦਰ ਸਿੰਘ ਲਖਨਪਾਲ ਆਦਿ ਹਾਜ਼ਰ ਸਨ।

ਗੰਡਾਸਾ ਮਾਰ ਕੇ ਜ਼ਖ਼ਮੀ ਕਰਨ ਦੇ ਦੋਸ਼ 'ਚ ਕੇਸ ਦਰਜ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸਕੂਟਰ ਮੰਗਣ ਉੱਤੇ ਮਨ੍ਹਾਂ ਕਰਨ 'ਤੇ ਇੱਕ ਵਿਅਕਤੀ ਵੱਲੋਂ ਆਪਣੇ ਇੱਕ ਜਾਣਕਾਰ 'ਤੇ ਹਮਲਾ ਕਰਕੇ ਉਸ ਨੂੰ ਜ਼ਖ਼ਮੀ ਕੀਤੇ ਜਾਣ ਦਾ ਸਮਾਚਾਰ ਹੈ।ਜਾਣਕਾਰੀ ਅਨੁਸਾਰ ਨਰਿੰਦਰ ਸਿੰਘ ਵਾਸੀ ਸਰਹਿੰਦ ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ ਉਹ ਆਪਣੇ ਐਕਟਿਵਾ ਸਕੂਟਰ 'ਤੇ ਸਵਾਰ ਹੋ ਕੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਮੱਥਾ ਟੇਕਣ ਗਿਆ ਸੀ, ਜਿੱਥੇ ਗੁਰਦੁਆਰਾ ਸਾਹਿਬ ਦੀ ਡਿਓਢੀ ਅੱਗੇ ਸਕੂਟਰ ਖੜ੍ਹਾ ਕਰਕੇ ਜਦੋਂ ਉਹ ਅੰਦਰ ਜਾਣ ਲੱਗਾ ਤਾਂ ਉਸ ਦਾ ਜਾਣਕਾਰ ਗੁਰਮੀਤ ਸਿੰਘ ਜੋ ਕਿ ਨਿਹੰਗ ਸਿੰਘ ਬਾਣੇ ਵਿੱਚ ਸੀ, ਉੱਥੇ ਆ ਗਿਆ, ਜਿਸ ਨੇ ਕਿਤੇ ਜਾਣ ਲਈ ਉਸ ਤੋਂ ਸਕੂਟਰ ਦੀ ਚਾਬੀ ਮੰਗੀ ਤਾਂ ਉਸ ਨੇ ਸਕੂਟਰ ਦੇਣ ਤੋਂ ਅਸਮਰਥਾ ਜ਼ਾਹਰ ਕੀਤੀ।ਇਸ 'ਤੇ ਤੈਸ਼ 'ਚ ਆਏ ਗੁਰਮੀਤ ਸਿੰਘ ਨੇ ਪਹਿਲਾਂ ਉਸ ਦੀ ਛਾਤੀ 'ਤੇ ਮੁੱਕੇ ਮਾਰੇ ਤੇ ਫਿਰ ਹੱਥ 'ਚ ਫੜੇ ਗੰਡਾਸੇ ਦਾ ਵਾਰ ਉਸ ਦੇ ਸਿਰ 'ਤੇ ਕਰ ਦਿੱਤਾ।ਵਾਰ ਤੋਂ ਬਚਣ ਲਈ ਉਸ ਨੇ ਆਪਣੇ ਹੱਥ ਅੱਗੇ ਕਰ ਦਿੱਤੇ ਤਾਂ ਗੰਡਾਸਾ ਉਸ ਦੇ ਹੱਥ 'ਤੇ ਵੱਜਾ ਤੇ ਉਹ ਬੁਰੀ ਤਰ੍ਹਾਂ ਲਹੂ ਲੁਹਾਣ ਹੋ ਗਿਆ।ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਨਰਿੰਦਰ ਸਿੰਘ ਵਾਸੀ ਪਿੰਡ ਮਲਕਪੁਰ ਵਿਰੁੱਧ ਮੁਕੱਦਮਾ ਦਰਜ ਕਰਕੇ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਨੇ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।

ਗੁਰਦੁਆਰਾ ਪ੍ਰਗਟਸਰ ਸਾਹਿਬ 'ਚ ਮੁਫਤ ਮੈਡੀਕਲ ਕੈਂਪ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਡਾਇਰੈਕਟਰ ਆਯੁਰਵੈਦ ਪੰਜਾਬ ਡਾ. ਰਮਨ ਖ

10 Feb Page 3.qxd 2/9/2026 11:13 PM Page 1

ਮਜ਼ਦੂਰ ਵੈੱਲਫੇਅਰ ਸੁਸਾਇਟੀ ਵੱਲੋਂ ਬਾਰਾਂ ਦੀ ਹੜਤਾਲ 'ਚ ਵੱਧ-ਚੜ੍ਹ ਕੇ ਸ਼ਾਮਲ ਹੋਣ ਦਾ ਐਲਾਨ

ਪਠਾਨਕੋਟ (ਦਵਿੰਦਰ ਸਿੰਘ)- ਆਰਮੀ ਅੰਦਰ ਕੰਮ ਕਰਦੇ ਹਜ਼ਾਰਾਂ ਮਜ਼ਦੂਰ ਵਰਕਰਾਂ ਦੇ ਆਗੂਆਂ ਨੇ ਪ੍ਰਧਾਨ ਬਲਵਿੰਦਰ ਕੁਮਾਰ ਦੀ ਅਗਵਾਈ ਵਿੱਚ ਮਜ਼ਦੂਰ ਵੈਲਫੇਅਰ ਸੁਸਾਇਟੀ ਰਜਿਸਟਰਡ (ਐਮ ਡਬਲਯੂ ਐਸ) ਦੇ ਝੰਡੇ ਹੇਠ ਮੀਟਿੰਗ ਹੋਈ। ਜਿਸ ਵਿੱਚ ਸੀ ਟੀ ਯੂ ਪੰਜਾਬ ਦੇ ਸੂਬਾਈ ਆਗੂ ਮਾਸਟਰ ਸੁਭਾਸ਼ ਸ਼ਰਮਾ ਅਤੇ ਕਾਮਰੇਡ ਬਲਕਾਰ ਚੰਦ ਭਰਿਆਲ ਲਾਡੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਵਿੱਚ ਆਗੂਆਂ ਨੇ ਸਰਬਸੰਮਤੀ ਨਾਲ ਪਾਸ ਕੀਤਾ ਕਿ 12 ਫ਼ਰਵਰੀ ਦੀ ਦੇਸ਼ ਵਿਆਪੀ ਹੜਤਾਲ ਵਿੱਚ ਸਾਡੇ ਮਜ਼ਦੂਰਾਂ ਦਾ ਕਾਫ਼ਲਾ ਵੱਡੀ ਗਿਣਤੀ ਵਿੱਚ ਸ਼ਾਮਲ ਹੋਏਗਾ। ਉਨ੍ਹਾਂ ਚਿੰਤਾ ਵਿਅਕਤ ਕੀਤੀ ਕਿ ਸਾਡੇ ਨਾਲ ਕੰਮ ਕਰਦੀ ਲੇਡੀ ਮਜ਼ਦੂਰ ਨਾਲ ਠੇਕੇਦਾਰ ਤੇ ਉਸ ਦੇ ਕਰਿੰਦਿਆਂ ਵੱਲੋਂ ਸੋਚੀ ਸਮਝੀ ਸਾਜ਼ਿਸ਼ ਤਹਿਤ ਪੱਤ ਲੁੱਟਣ ਦੀ ਨਾਕਾਮ ਕੀਤੀ ਕੋਸ਼ਿਸ਼ ਦੀ ਦਰਖ਼ਾਸਤ ਪ੍ਰਸ਼ਾਸਨ ਨੂੰ 5 ਮਹੀਨਿਆਂ ਤੋਂ ਪਹਿਲਾਂ ਦਿੱਤੀ ਗਈ ਹੈ ਜਿਸ ਦੀ ਕੋਈ ਸੁਣਵਾਈ ਨਹੀਂ ਹੋਈ। ਸਗੋਂ ਦੋਸ਼ੀਆਂ ਨੂੰ ਸਜ਼ਾ ਦੇਣ ਦੀ ਬਜਾਏ, ਲੇਡੀ ਮਜ਼ਦੂਰ ਨੂੰ ਸਜ਼ਾ ਤੌਰ 'ਤੇ 7-8 ਕਿਲੋਮੀਟਰ ਦੂਰ ਮਿਲਟ੍ਰੀ ਹਸਪਤਾਲ ਬਦਲ ਦਿੱਤਾ। ਸਾਡੇ ਮਜ਼ਦੂਰਾਂ ਤੇ ਆਗੂਆਂ ਵਿੱਚ ਬਹੁਤ ਰੋਸ ਪਾਇਆ ਜਾ ਰਿਹਾ ਹੈ। ਅਸੀਂ 27 ਜਨਵਰੀ ਨੂੰ ਵੀ ਪ੍ਰਸ਼ਾਸ਼ਨ ਦੇ ਨੋਟਿਸ ਵਿੱਚ ਲਿਆ ਚੁੱਕੇ ਹਾਂ ਕਿ ਮਸਲਾ ਹੱਲ ਨਾ ਕੀਤਾ ਤੇ ਦੋਸ਼ੀਆਂ ਤੇ ਬਣਦੀ ਕਾਰਵਾਈ ਨਾ ਕੀਤੀ ਗਈ, ਅਸੀਂ ਦੇਸ਼ ਵਿਆਪੀ ਹੜਤਾਲ ਵਿੱਚ ਸ਼ਾਮਲ ਤਾਂ ਹੋਵਾਂਗੇ ਪਰ ਦੋਸ਼ੀਆਂ ਨੂੰ ਸਜ਼ਾ ਦਿਵਾਉਣ ਤੱਕ ਸੰਘਰਸ਼ ਦੇ ਮੈਦਾਨ ਵਿੱਚ ਰਹਾਂਗੇ। ਜਿਸ ਦੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ। ਸੀ ਟੀ ਯੂ ਪੰਜਾਬ ਦੇ ਸੂਬਾਈ ਆਗੂਆਂ ਨੇ ਕਿਹਾ ਕਿ 12 ਫ਼ਰਵਰੀ ਦੀ ਹੜਤਾਲ ਕਰਕੇ ਮਜ਼ਦੂਰ ਠੀਕ 11-00 ਵਜੇ ਫੁਹਾਰਾ ਚੌਕ ਰੇਲਵੇ ਸਟੇਸ਼ਨ ਪਠਾਨਕੋਟ ਪਹੁੰਚਣਗੇ। ਮੁਜ਼ਾਹਰਾ ਕਰਨ ਉਪਰੰਤ ਸ਼ਹਿਰ ਵਿੱਚ ਮਾਰਚ ਵੀ ਕੀਤਾ ਜਾਵੇਗਾ। ਉਨ੍ਹਾਂ ਸਮੁੱਚੀਆਂ ਟ੍ਰੇਡ ਯੂਨੀਅਨਾਂ ਦੇ ਫੈਸਲੇ ਅਨੁਸਾਰ ਦੱਸਿਆ ਕਿ ਮਜ਼ਦੂਰ ਮਿਨੀਮਮ ਵੇਜਿਜ਼ ਜਾਰੀ ਕਰਾਉਣ, ਚਾਰ ਮਜ਼ਦੂਰ ਵਿਰੋਧੀ ਕੋਡ ਰੱਦ ਕਰਾਉਣ, ਮਨਰੇਗਾ ਸਕੀਮ ਬਹਾਲ ਕਰਾਉਣ, ਠੇਕੇਦਾਰੀ ਸਿਸਟਮ ਬੰਦ ਕਰਕੇ ਰੈਗੂਲਰ ਭਰਤੀ ਦਾ ਪ੍ਰਬੰਧ ਕਰਾਉਣ, ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ, ਘੱਟੋ ਘੱਟ 26 ਹਜ਼ਾਰ ਤਨਖ਼ਾਹ ਤੇ ਭੱਤੇ/ ਦਿਹਾੜੀ ਵਿੱਚ ਵਾਧਾ ਕਰਾਉਣ ਵਾਸਤੇ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।

ਖਾਲਸਾ ਕਾਲਜ ਦਾ ਸਾਬਕਾ ਵਿਦਿਆਰਥੀ ਰਾਸ਼ਟਰਪਤੀ ਦ੍ਰੌਪਦੀ ਮੁਰਮੂ ਵੱਲੋਂ ਸਨਮਾਨਤ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਖਾਲਸਾ ਕਾਲਜ ਦੇ ਸਾਬਕਾ ਵਿਦਿਆਰਥੀ ਅਤੇ ਸੇਵਾਮੁਕਤ ਪ੍ਰਿੰਸੀਪਲ ਮਨਜਿੰਦਰ ਸਿੰਘ ਢਿੱਲੋਂ ਦੇ ਸਪੁੱਤਰ ਤੇ ਬਿਹਾਰ ਕੇਡਰ ਦੇ ਆਈ. ਪੀ. ਐੱਸ. ਅਧਿਕਾਰੀ ਮਾਨਵਜੀਤ ਸਿੰਘ ਢਿੱਲੋਂ (ਡੀ. ਆਈ. ਜੀ.) ਨੂੰ ਰਾਸ਼ਟਰਪਤੀ ਦਰੋਪਦੀ ਮੁਰਮੂ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਉਨ੍ਹਾਂ ਨੂੰ ਇਹ ਵੱਕਾਰੀ ਸਨਮਾਨ ਬਿਹਾਰ ਵਿਖੇ ਨਿਰਪੱਖ ਚੋਣਾਂ ਕਰਵਾਉਣ ਤੇ ਲਾਅ ਐਂਡ ਆਰਡਰ ਨੂੰ ਮੁਕੰਮਲ ਤੌਰ 'ਤੇ ਲਾਗੂ ਕਰਵਾਉਣ ਸਬੰਧੀ ਅਹਿਮ ਭੂਮਿਕਾ ਨਿਭਾਅ ਕੇ ਤੇ ਮਿਸਾਲੀ ਸੇਵਾਵਾਂ ਨਿਭਾਉਣ ਬਦਲੇ ਭਾਰਤੀ ਚੋਣ ਕਮਿਸ਼ਨ ਦੀਆਂ ਸ਼ਿਫਾਰਸ਼ਾਂ 'ਤੇ ਦਿੱਤਾ ਗਿਆ ਹੈ। ਇਸ ਦੌਰਾਨ ਖ਼ਾਲਸਾ ਯੂਨੀਵਰਸਿਟੀ ਦੇ ਚਾਂਸਲਰ ਅਤੇ ਖਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਪ੍ਰਧਾਨ ਸੱਤਿਆਜੀਤ ਸਿੰਘ ਮਜੀਠੀਆ, 'ਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਕੌਂਸਲ ਦੇ ਆਨਰੇਰੀ ਸਕੱਤਰ ਰਜਿੰਦਰ ਮੋਹਨ ਸਿੰਘ ਛੀਨਾ ਨੇ ਮਾਨਵਜੀਤ ਸਿੰਘ ਢਿੱਲੋਂ ਨੂੰ ਰਾਸ਼ਟਰਪਤੀ ਵੱਲੋਂ ਉਚੇਚੇ ਤੌਰ 'ਤੇ ਸਨਮਾਨਤ ਕੀਤੇ ਜਾਣ 'ਤੇ ਵਧਾਈ ਦਿੰਦਿਆਂ 134 ਸਾਲਾਂ ਦੇ ਇਤਿਹਾਸ ਅਤੇ ਸੰਸਥਾ ਦੁਆਰਾ ਬੱਚਿਆਂ ਦੇ ਭਵਿੱਖ ਨੂੰ ਸੰਜੀਦਾ ਨਾਲ ਲੈ ਕੇ ਕਰਵਾਈ ਜਾਂਦੀ ਉਚ ਤਾਲੀਮ ਦਾ ਜ਼ਿਕਰ ਕੀਤਾ। ਇਸ ਮੌਕੇ ਉਨ੍ਹਾਂ ਢਿੱਲੋਂ ਨੂੰ ਭਵਿੱਖ 'ਚ ਹੋਰ ਬੁਲੰਦੀਆਂ ਦੀਆਂ ਸ਼ੁੱਭਕਾਮਨਾਵਾਂ ਵੀ ਦਿੱਤੀਆਂ। ਇਸ ਤੋਂ ਇਲਾਵਾ ਖਾਲਸਾ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ, ਰਜਿਸਟਰਾਰ ਡਾ. ਖੁਸ਼ਵਿੰਦਰ ਕੁਮਾਰ ਅਤੇ ਖ਼ਾਲਸਾ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਆਦਿ ਵੱਲੋਂ ਵੀ ਵਧਾਈ ਦਿੰਦਿਆਂ ਸ਼ੁੱਭ ਇਛਾਵਾਂ ਭੇਜਣ ਦੇ ਨਾਲ-ਨਾਲ ਭਾਰਤ ਸਰਕਾਰ ਧੰਨਵਾਦ ਕੀਤਾ ਹੈ। ਉਕਤ ਸਬੰਧੀ ਜਾਣਕਾਰੀ ਮਾਨਵਜੀਤ ਸਿੰਘ ਦੇ ਪਿਤਾ ਮਨਜਿੰਦਰ ਸਿੰਘ ਢਿੱਲੋਂ ਤੇ ਮਾਤਾ ਬਲਜੀਤ ਕੌਰ ਵੱਲੋਂ ਸਾਂਝੇ ਤੌਰ 'ਤੇ ਅਮਰੀਕਾ ਤੋਂ ਦਿੱਤੀ ਗਈ। ਬਿਹਾਰ ਦੇ ਮੁੱਖ ਮੰਤਰੀ ਨਿਤਿਸ਼ ਕੁਮਾਰ ਦੇ ਖਾਸਮ ਖਾਸ ਮਾਨਵਜੀਤ ਸਿੰਘ ਮੌਜੂਦਾ ਸਮੇਂ ਸ੍ਰੀ ਪਟਨਾ ਸਾਹਿਬ ਵਿਖੇ ਤੈਨਾਤ ਹਨ।

ਪ੍ਰਤਾਪ ਸਿੰਘ ਬਾਜਵਾ ਵੱਲੋਂ ਵਰਤੀ ਸ਼ਬਦਾਵਲੀ ਅਤਿ ਨਿੰਦਣਯੋਗ : ਸੁਨੈਨਾ ਰੰਧਾਵਾ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)- ਬੀਤੇ ਦਿਨੀਂ ਜੋ ਕਾਂਗਰਸ ਪਾਰਟੀ ਵੱਲੋਂ ਅਨਾਜ ਮੰਡੀ ਜੰਡਿਆਲਾ ਗੁਰੂ ਵਿੱਚ ਰੈਲੀ ਰੱਖੀ ਗਈ ਸੀ ਉਸ ਰੈਲੀ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਵੱਲੋਂ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਦੇ ਪਰਿਵਾਰਕ ਪਿਛੋਕੜ ਅਤੇ ਉਨ੍ਹਾਂ ਦੇ ਕੰਮਕਾਰ ਬਾਰੇ ਭੱਦੀ ਸ਼ਬਦਾਵਲੀ ਵਰਤੀ ਗਈ ਹੈ ਜਿਸਦੀ ਮੈਂ ਸਖ਼ਤ ਸ਼ਬਦਾਂ ਵਿਚ ਨਿਖੇਧੀ ਕਰਦੀ ਹਾਂ ਅਤੇ ਬਾਜਵਾ ਸਾਹਿਬ ਨੂੰ ਨਸੀਹਤ ਦੇਣਾ ਚਾਹੁੰਦੀ ਹਾਂ ਕਿ ਕੋਈ ਵੀ ਕਾਰੋਬਾਰ ਵੱਡਾ ਛੋਟਾ ਨਹੀਂ ਹੁੰਦਾ, ਭਾਰਤ ਇਕ ਲੋਕਤੰਤਰਿਕ ਦੇਸ਼ ਹੈ ਅਤੇ ਕਿਸੇ ਵੀ ਗਰੀਬ ਜਾਂ ਅਮੀਰ ਘਰ ਦਾ ਮੈਂਬਰ ਇਥੇ ਚੋਣ ਲੜ ਸਕਦਾ ਹੈ ਅਤੇ ਜਨਤਾ ਕਿਸੇ ਵੀ ਬੰਦੇ ਦੇ ਹੱਕ ਵਿੱਚ ਫਤਵਾ ਦੇ ਸਕਦੀ ਹੈ। ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦੇ ਹੋਏ ਮਹਿਲਾ ਵਿੰਗ ਹਲਕਾ ਕੋਆਰਡੀਨੇਟਰ ਅਤੇ ਬਲਾਕ ਪ੍ਰਧਾਨ ਜੰਡਿਆਲਾ ਗੁਰੂ ਮੈਡਮ ਸੁਨੈਨਾ ਰੰਧਾਵਾ ਨੇ ਕਿਹਾ ਕਿ ਮੈਂ ਬਾਜਵਾ ਸਾਹਿਬ ਨੂੰ ਦੱਸਣਾ ਚਾਹੁੰਦੀ ਹਾਂ ਕਿ ਕੈਬਨਿਟ ਮੰਤਰੀ ਦੇ ਪਿਤਾ ਨੇ ਬੈਂਡ ਵਜਾ ਕੇ ਆਪਣੇ ਹੱਥਾਂ ਨਾਲ ਮਿਹਨਤ ਕਰਕੇ ਆਪਣੇ ਬੱਚਿਆਂ ਨੂੰ ਪੜ੍ਹਾ ਲਿਖਾ ਕੇ ਇਸ ਕਾਬਲ ਬਣਾਇਆ ਹੈ ਕਿ ਉਹ ਵਿਧਾਨ ਸਭਾ ਵਿੱਚ ਬੈਠ ਕੇ ਜੰਡਿਆਲਾ ਹਲਕੇ ਦੇ ਵਿਕਾਸ ਬਾਰੇ ਕੰਮ ਕਰ ਰਹੇ ਹਨ। ਮੈਂ ਬਾਜਵਾ ਸਾਹਿਬ ਨੂੰ ਦੱਸਣਾ ਚਾਹੁੰਦੀ ਹਾਂ ਕਿ ਉਨ੍ਹਾਂ ਦੇ ਪਿਤਾ ਨੇ ਕੋਈ ਚੋਰੀ ਠੱਗੀ ਨਹੀਂ ਕੀਤੀ ਸਗੋਂ ਮਿਹਨਤ ਕੀਤੀ ਹੈ। ਉਨ੍ਹਾਂ ਕਿਹਾ ਕਿ ਤੁਹਾਡੇ ਵਰਗੇ ਸਿਆਸਤਦਾਨਾਂ ਦੇ ਮੂੰਹੋਂ ਇਹੋ ਜਿਹੀਆਂ ਗੱਲਾਂ ਚੰਗੀਆਂ ਨਹੀਂ ਲੱਗਦੀਆਂ।

ਵਿਧਾਇਕ ਡਾ. ਸੰਧੂ ਵੱਲੋਂ ਪੈਰੇਂਟਸ-ਟੀਚਰ ਮੀਟ 'ਚ ਸ਼ਮੂਲੀਅਤ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਆਮ ਆਦਮੀ ਪਾਰਟੀ ਦੇ ਅੰਮ੍ਰਿਤਸਰ ਪੱਛਮੀ ਹਲਕੇ ਤੋਂ ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਨੇ ਸਰਕਾਰੀ ਐਮੀਨੈਂਸ ਸਕੂਲ ਛੇਹਰਟਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਘਨੂੰਪੁਰ ਵਿੱਚ ਕਰਵਾਈ ਗਈ ਪੈਰੇਂਟਸ-ਟੀਚਰ ਮੀਟ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਦੀ ਪੜ੍ਹਾਈ, ਅਨੁਸ਼ਾਸਨ ਅਤੇ ਸਮੁੱਚੇ ਵਿਕਾਸ ਸੰਬੰਧੀ ਮਾਪਿਆਂ ਅਤੇ ਅਧਿਆਪਕਾਂ ਨਾਲ ਵਿਚਾਰ-ਵਟਾਂਦਰਾ ਕੀਤਾ ਅਤੇ ਬੱਚਿਆਂ ਦੀ ਪ੍ਰਗਤੀ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਡਾ. ਸੰਧੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਿੱਖਿਆ ਖੇਤਰ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕਦਮ ਚੁੱਕ ਰਹੀ ਹੈ। ਸਕੂਲਾਂ ਵਿੱਚ ਨਵੇਂ ਕਲਾਸਰੂਮ, ਸਮਾਰਟ ਬੋਰਡ, ਲਾਇਬ੍ਰੇਰੀਆਂ ਅਤੇ ਖੇਡ ਮੈਦਾਨਾਂ ਦਾ ਵਿਕਾਸ ਕੀਤਾ ਜਾ ਰਿਹਾ ਹੈ, ਤਾਂ ਜੋ ਬੱਚਿਆਂ ਨੂੰ ਆਧੁਨਿਕ ਅਤੇ ਸੁਵਿਧਾਜਨਕ ਮਾਹੌਲ ਮਿਲ ਸਕੇ। ਉਨ੍ਹਾਂ ਅਧਿਆਪਕਾਂ ਦੀ ਮਿਹਨਤ ਦੀ ਸਰਾਹਨਾ ਕਰਦਿਆਂ ਕਿਹਾ ਕਿ ਅਧਿਆਪਕ ਸਮਾਜ ਦੀ ਨੀਂਹ ਹੁੰਦੇ ਹਨ ਅਤੇ ਉਨ੍ਹਾਂ ਦੀ ਭੂਮਿਕਾ ਬੱਚਿਆਂ ਦੇ ਭਵਿੱਖ ਨੂੰ ਸੰਵਾਰਨ ਵਿੱਚ ਅਹਿਮ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਮਨ ਲਗਾ ਕੇ ਪੜ੍ਹਾਈ ਕਰਨ ਅਤੇ ਮਾਪਿਆਂ ਨੂੰ ਬੱਚਿਆਂ ਦੀ ਹਰ ਗਤੀਵਿਧੀ 'ਤੇ ਧਿਆਨ ਦੇਣ ਦੀ ਅਪੀਲ ਕੀਤੀ। ਇਸ ਮੌਕੇ ਸਕੂਲ ਪ੍ਰਬੰਧਕਾਂ ਵੱਲੋਂ ਸਕੂਲ ਵਿੱਚ ਹੋ ਰਹੇ ਵਿਕਾਸ ਕਾਰਜਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਮਾਪਿਆਂ ਨੇ ਵੀ ਆਪਣੇ ਸੁਝਾਅ ਸਾਂਝੇ ਕਰਦੇ ਹੋਏ ਸਿੱਖਿਆ ਦੇ ਪੱਧਰ ਨੂੰ ਹੋਰ ਉੱਚਾ ਚੁੱਕਣ ਲਈ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ। ਇਸ ਮੌਕੇ ਪ੍ਰਿੰਸੀਪਲ ਘਨੂੰਪੁਰ ਪ੍ਰਦੀਪ ਆਨੰਦ, ਪ੍ਰਿੰਸੀਪਲ ਸਕੂਲ ਆਫ਼ ਐਮੀਨੈਂਸ ਮਨਮੀਤ ਕੌਰ, ਬੀ ਆਰ ਸੀ ਸ਼ਿਖਾ ਦੂਆ, ਰਾਕੇਸ਼ ਕੁਮਾਰ, ਰੁਪਿੰਦਰ ਕੌਰ, ਨਵਦੀਪ ਕੌਰ, ਚੇਤਨ ਸ਼ਰਮਾ, ਮਾਨਿਕ ਕੌਸ਼ਲ, ਚੇਅਰਮੈਨ ਗੁਰਦੇਵ ਸਿੰਘ ਜੱਜੀ, ਪੀ ਏ ਮਾਧਵ ਸ਼ਰਮਾ, ਪੀ ਏ ਅਮਰਜੀਤ ਸ਼ੇਰਗਿੱਲ ਆਦਿ ਮੌਜੂਦ ਸਨ।

ਐਡਵੋਕੇਟ ਸੇਖਵਾਂ ਵੱਲੋਂ ਰੇਹੜੀ ਯੂਨੀਅਨ ਦੇ ਨੁਮਾਇੰਦਿਆਂ ਨਾਲ ਮੁਲਾਕਾਤ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਆਦਮੀ ਪਾਰਟੀ ਦੇ ਹਲਕਾ ਇੰਚਾਰਜ ਕਾਦੀਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਦੇ ਵੱਲੋਂ ਆਪਣੇ ਸੇਖਵਾਂ ਦਫ਼ਤਰ ਵਿਖੇ ਰੇਹੜੀ ਯੂਨੀਅਨ ਕਾਦੀਆਂ ਦੇ ਨੁਮਾਇੰਦਿਆਂ ਨਾਲ਼ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸੁਣਿਆ ਗਿਆਅਤੇ ਕਈ ਮੁਸ਼ਕਲਾਂ ਦਾ ਮੌਕੇ 'ਤੇ ਹੀ ਤੁਰੰਤ ਨਿਪਟਾਰਾ ਕੀਤਾ ਗਿਆ, ਜਦਕਿ ਬਾਕੀ ਰਹਿੰਦੀਆਂ ਸਮੱਸਿਆਵਾਂ ਸੰਬੰਧਤ ਵਿਭਾਗਾਂ ਨਾਲ਼ ਰਾਬਤਾ ਕਰਕੇ ਜਲਦ ਤੋਂ ਜਲਦ ਹੱਲ ਕਰਵਾਉਣ ਦਾ ਪੂਰਾ ਭਰੋਸਾ ਦਿੱਤਾ ਗਿਆ। ਇਸ ਦੌਰਾਨ ਗੱਲਬਾਤ ਕਰਦੇ ਹੋਏ ਐਡਵੋਕੇਟ ਸੇਖਵਾਂ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਅਤੇ ਉਨ੍ਹਾਂ ਦੀ ਕੋਸ਼ਿਸ਼ ਹੈ ਕਿ ਮਿਹਨਤੀ ਵਰਗ ਨੂੰ ਬਿਨਾਂ ਕਿਸੇ ਰੁਕਾਵਟ ਦੇ ਆਪਣਾ ਰੋਜ਼ਗਾਰ ਚਲਾਉਣ ਲਈ ਹਰ ਸੰਭਵ ਸਹਿਯੋਗ ਮਿਲੇ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਲਗਾਤਾਰ ਪੰਜਾਬ ਦੇ ਲੋਕਾਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਪ੍ਰਦਾਨ ਕਰਵਾਈਆਂ ਜਾ ਰਹੀਆਂ ਹਨ। ਉਹਨਾਂ ਦੱਸਿਆ ਕਿ ਹਲਕਾ ਕਾਦੀਆਂ ਉਹਨਾਂ ਦਾ ਪਰਵਾਰ ਹੈ ਅਤੇ ਹਲਕੇ ਦੇ ਕਿਸੇ ਵੀ ਨੁਮਾਇੰਦੇ ਜਾਂ ਵਿਅਕਤੀ ਨੂੰ ਕਿਸੇ ਤਰ੍ਹਾਂ ਦੀ ਕੋਈ ਵੀ ਪਰੇਸ਼ਾਨੀ ਆਉਂਦੀ ਹੈ ਤਾਂ ਉਹ ਤੁਰੰਤ ਉਹਨਾਂ ਦੇ ਨਾਲ ਸੰਪਰਕ ਕਰ ਸਕਦੇ ਹਨ। ਸੇਖਵਾਂ ਨੇ ਕਿਹਾ ਕਿ ਉਨ੍ਹਾਂ ਦੇ ਪਿਤਾ ਮਰਹੂਮ ਸਾਬਕਾ ਮੰਤਰੀ ਸੇਵਾ ਸਿੰਘ ਸੇਖਵਾਂ ਵੱਲੋਂ ਵੀ ਹਮੇਸ਼ਾ ਹੀ ਹਲਕਾ ਕਾਦੀਆਂ ਦੇ ਲੋਕਾਂ ਦੀ ਗੱਲ ਸਰਕਾਰ ਤੱਕ ਪਹੁੰਚਾ ਕੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਵਾਇਆ ਅਤੇ ਲੋਕਾਂ ਦੇ ਦੁੱਖ ਸੁੱਖ ਵਿੱਚ ਹਮੇਸ਼ਾ ਉਹ ਹਾਜ਼ਰ ਰਹੇ ਅਤੇ ਅੱਜ ਉਹ ਵੀ ਆਪਣੇ ਪਿਤਾ ਵੱਲੋਂ ਦਿੱਤੇ ਹੋਏ ਮਾਰਗਦਰਸ਼ਨ 'ਤੇ ਚੱਲ ਰਹੇ ਹਨ। ਉਹਨਾਂ ਨੇ ਨਾਲ ਹੀ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ 2027 ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਆਮ ਆਦਮੀ ਪਾਰਟੀ ਵੱਲੋਂ ਦਿੱਤੀਆਂ ਗਈਆਂ ਸਹੂਲਤਾਂ ਅਤੇ ਕੀਤੇ ਜਾ ਰਹੇ ਕੰਮਾਂ ਦੇ ਆਧਾਰ ਤੇ ਇਤਿਹਾਸਿਕ ਜਿੱਤ ਹੋਵੇਗੀ। ਇਸ ਮੌਕੇ ਸੇਖਵਾਂ ਨਾਲ ਉਹਨਾਂ ਦੇ ਪੀ ਏ ਅਤੇ ਸਮੂਹ ਰੇਹੜੀ ਯੂਨੀਅਨ ਦੇ ਨੁਮਾਇੰਦੇ ਹਾਜ਼ਰ ਸਨ।

ਕੇਂਦਰੀ ਜੇਲ੍ਹ ਅੰਮ੍ਰਿਤਸਰ 'ਚ ਲੱਗਾ ਦੋ ਹਫ਼ਤਿਆਂ ਦਾ ਮੈਡੀਕਲ ਕੈਂਪ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਜ਼ਿਲ੍ਹਾ ਅਤੇ ਸੈਸ਼ਨ ਜੱਜ, ਅੰਮ੍ਰਿਤਸਰ ਜਤਿੰਦਰ ਕੌਰ, ਉਨ੍ਹਾਂ ਦੇ ਨਾਲ ਪਰਮਿੰਦਰ ਕੌਰ ਬੈਂਸ (ਐਡੀਸ਼ਨਲ ਚੀਫ਼ ਜੂਡੀਸ਼ੀਅਲ ਮੈਜਿਸਟਰੇਟ), ਸੁਪਰੀਤ ਕੌਰ (ਚੀਫ਼ ਜੂਡੀਸ਼ੀਅਲ ਮੈਜਿਸਟਰੇਟ), ਅਤੇ ਅਮਰਦੀਪ ਸਿੰਘ ਬੈਂਸ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ , ਅੰਮ੍ਰਿਤਸਰ ਵੱਲੋਂ ਕੇਂਦਰੀ ਜੇਲ੍ਹ ਅੰਮ੍ਰਿਤਸਰ ਦੀ ਜਾਂਚ ਕੀਤੀ ਗਈ। ਇਸ ਦੌਰੇ ਦੀ ਵਿਵਸਥਾ ਰਾਜੀਵ ਕੁਮਾਰ ਅਰੋੜਾ, ਸੁਪਰਿੰਟੈਂਡੈਂਟ, ਕੇਂਦਰੀ ਜੇਲ੍ਹ ਅੰਮ੍ਰਿਤਸਰ ਵੱਲੋਂ ਕੀਤੀ ਗਈ। ਜਾਂਚ ਦੌਰਾਨ ਜੇਲ੍ਹ ਦੇ ਬੈਰਕਾਂ, ਰਸੋਈ ਘਰ, ਮੈਡੀਕਲ ਸਹੂਲਤਾਂ, ਸਫ਼ਾਈ ਪ੍ਰਬੰਧ, ਸੁਰੱਖਿਆ ਪ੍ਰਬੰਧ ਅਤੇ ਜੇਲ੍ਹ ਦੇ ਰਿਕਾਰਡਾਂ ਦੀ ਸਮੀਖਿਆ ਕੀਤੀ ਗਈ। ਖਾਣੇ ਦੀ ਗੁਣਵੱਤਾ, ਪੀਣ ਵਾਲੇ ਪਾਣੀ, ਸਫ਼ਾਈ ਅਤੇ ਸਿਹਤ ਸੇਵਾ

ਨਵਾਂ ਜ਼ਮਾਨਾ
ਮੰਗਲਵਾਰ, 10 ਫਰਵਰੀ 2026

ਮੁੱਖ ਮੰਤਰੀ ਦੀਆਂ ਧਮਕੀਆਂ

ਆਸਾਮ ਦੇ ਮੁੱਖ ਮੰਤਰੀ ਹਿਮੰਤਾ ਬਿਸਵਾ ਸਰਮਾ ਹਾਲ ਹੀ ਦਿਨਾਂ ਵਿੱਚ ਬੰਗਾਲੀ ਭਾਸ਼ੀ ਮੁਸਲਮਾਨਾਂ ਨੂੰ 'ਮੀਆਂ' ਕਹਿ ਕੇ ਵਾਰ-ਵਾਰ ਨਿਸ਼ਾਨਾ ਬਣਾ ਰਹੇ ਹਨ, ਜਿਸ ਨੂੰ ਮਾਹਰ ਤੇ ਅਲੋਚਕ ਖੁੱਲ੍ਹੇ ਤੌਰ 'ਤੇ ਨਫਰਤ ਫੈਲਾਉਣ ਵਾਲੀ ਭਾਸ਼ਾ (ਹੇਟ ਸਪੀਚ) ਕਰਾਰ ਦੇ ਰਹੇ ਹਨ। ਸਰਮਾ ਇੱਥੇ ਹੀ ਨਹੀਂ ਹਟੇ, ਆਸਾਮ ਭਾਜਪਾ ਨੇ ਉਨ੍ਹਾ ਦਾ ਇੱਕ ਵੀਡੀਓ ਵੀ ਜਾਰੀ ਕੀਤਾ, ਜਿਸ ਵਿੱਚ ਉਹ ਦਾੜ੍ਹੀ ਤੇ ਟੋਪੀ ਵਾਲੇ ਮੁਸਲਮਾਨਾਂ ਦੀ ਫੋਟੋ 'ਤੇ ਗੋਲੀ ਚਲਾਉਂਦੇ ਦਿਸ ਰਹੇ ਹਨ। ਹਾਲਾਂਕਿ ਬਾਅਦ ਵਿੱਚ ਇਸ ਵੀਡੀਓ ਨੂੰ ਡਿਲੀਟ ਕਰ ਦਿੱਤਾ ਗਿਆ, ਪਰ ਸਰਮਾ ਜੋ ਦਰਸਾਉਣਾ ਚਾਹੁੰਦੇ ਸਨ, ਉਹ ਤਾਂ ਦਰਸਾਅ ਹੀ ਦਿੱਤਾ।

ਸੁਪਰੀਮ ਕੋਰਟ ਨੇ ਅਪ੍ਰੈਲ 2023 ਵਿੱਚ ਸਾਰੀਆਂ ਰਾਜ ਸਰਕਾਰਾਂ ਨੂੰ ਨਿਰਦੇਸ਼ ਦਿੱਤਾ ਸੀ ਕਿ ਨਫਰਤ ਫੈਲਾਉਣ ਵਾਲਿਆਂ ਖਿਲਾਫ ਖੁਦ ਹੀ ਨੋਟਿਸ (ਸੁਓ ਮੋਟੋ) ਲੈ ਕੇ ਐੱਫ ਆਈ ਆਰ ਦਰਜ ਕੀਤੀ ਜਾਵੇ, ਬਿਨਾਂ ਕਿਸੇ ਸ਼ਿਕਾਇਤ ਦੀ ਉਡੀਕ ਕੀਤਿਆਂ। ਇਸ ਦਾ ਉਦੇਸ਼ ਭੀੜ ਹਿੰਸਾ ਨੂੰ ਰੋਕਣਾ ਤੇ ਫਿਰਕੂ ਸਦਭਾਵਨਾ ਕਾਇਮ ਰੱਖਣਾ ਸੀ, ਪਰ ਆਸਾਮ ਦੇ ਮੁੱਖ ਮੰਤਰੀ ਤਾਂ ਖੁਦ ਵਾਰ-ਵਾਰ ਮੁਸਲਮਾਨਾਂ, ਖਾਸ ਕਰਕੇ ਮੀਆਵਾਂ (ਬੰਗਲਾਦੇਸ਼ ਤੋਂ ਨਾਜਾਇਜ਼ ਤੌਰ 'ਤੇ ਆਏ ਦੱਸੇ ਜਾਂਦੇ ਮੁਸਲਮਾਨਾਂ) ਖਿਲਾਫ ਜ਼ਹਿਰੀਲੀ ਬੋਲੀ ਬੋਲ ਰਹੇ ਹਨ। ਜਨਵਰੀ ਤੇ ਫਰਵਰੀ ਵਿੱਚ ਸਰਮਾ ਨੇ ਕਈ ਮੌਕਿਆਂ 'ਤੇ ਵਿਵਾਦ-ਭਰੇ ਬਿਆਨ ਦਿੱਤੇ। 25 ਜਨਵਰੀ ਨੂੰ ਉਨ੍ਹਾ ਕਿਹਾ ਕਿ ਆਸਾਮ ਦੀਆਂ ਵੋਟਰ ਸੂਚੀਆਂ ਦੀ ਸੁਧਾਈ ਵਿੱਚ ਕੋਈ ਵਿਵਾਦ ਨਹੀਂ ਹੈ, ਕਿਉਂਕਿ ਨੋਟਿਸ ਸਿਰਫ ਮੀਆਵਾਂ ਨੂੰ ਦਿੱਤੇ ਗਏ ਹਨ, ਨਹੀਂ ਤਾਂ ਉਹ ਸਾਡੇ ਸਿਰ ਚੜ੍ਹ ਜਾਣਗੇ। 27 ਜਨਵਰੀ ਨੂੰ ਉਨ੍ਹਾ ਕਿਹਾ ਕਿ ਵੋਟਰ ਸੂਚੀਆਂ ਦੀ ਸੁਧਾਈ ਦੌਰਾਨ 4-5 ਲੱਖ ਮੀਆਂ ਵੋਟਰਾਂ ਦੇ ਨਾਂਅ ਹਟਾਏ ਜਾਣਗੇ। 28 ਜਨਵਰੀ ਨੂੰ ਕਿਹਾ ਕਿ ਜੋ ਵੀ ਮੀਆਂ ਨੂੰ ਕਿਸੇ ਵੀ ਤਰ੍ਹਾਂ ਪ੍ਰੇਸ਼ਾਨ ਕਰਦਾ ਹੈ, ਉਸ ਨੂੰ ਕਰਨਾ ਚਾਹੀਦਾ ਹੈ। ਰਿਕਸ਼ੇ ਦਾ ਕਿਰਾਇਆ ਪੰਜ ਰੁਪਏ ਹੈ ਤਾਂ ਉਸ ਨੂੰ ਚਾਰ ਰੁਪਏ ਦਿਓ। ਪ੍ਰੇਸ਼ਾਨ ਹੋ ਕੇ ਹੀ ਉਹ ਆਸਾਮ ਛੱਡਣਗੇ। ਸਰਮਾ ਹਿੰਦੂਆਂ ਨੂੰ ਬੰਦੂਕਾਂ ਦੇ ਲਸੰਸ ਵੰਡਣ ਨੂੰ ਵੀ ਜਾਇਜ਼ ਠਹਿਰਾ ਚੁੱਕੇ ਹਨ।

ਅਸ਼ੋਕਾ ਯੂਨੀਵਰਸਿਟੀ ਦੇ ਐਸੋਸੀਏਟ ਪ੍ਰੋਫੈਸਰ ਅਲੀ ਖਾਨ ਮਹਿਮੂਦਾਬਾਦ ਵਰਗੇ ਸਿੱਖਿਆ ਸ਼ਾਸਤਰੀ ਨੂੰ ਸੋਸ਼ਲ ਮੀਡੀਆ ਪੋਸਟ ਲਈ ਗ੍ਰਿਫਤਾਰ ਕਰ ਲਿਆ ਗਿਆ ਸੀ। ਸੁਪਰੀਮ ਕੋਰਟ ਨੇ ਉਨ੍ਹਾ ਨੂੰ ਜ਼ਮਾਨਤ ਤਾਂ ਦੇ ਦਿੱਤੀ, ਪਰ ਐੱਫ ਆਈ ਆਰ 'ਤੇ ਰੋਕ ਨਹੀਂ ਲਾਈ ਅਤੇ ਜਾਂਚ ਲਈ ਸਿੱਟ ਦਾ ਗਠਨ ਕਰ ਦਿੱਤਾ। ਸੁਪਰੀਮ ਕੋਰਟ ਦੇ ਚੀਫ ਜਸਟਿਸ ਸੂਰੀਆਕਾਂਤ ਦੀ ਅਗਵਾਈ ਵਾਲੀ ਬੈਂਚ ਨੇ ਜਨਵਰੀ ਵਿੱਚ ਯੂਨੀਵਰਸਿਟੀ ਗਰਾਂਟਸ ਕਮਿਸ਼ਨ (ਯੂ ਜੀ ਸੀ) ਦੇ ਪੱਛੜੀਆਂ ਜਾਤਾਂ ਦੇ ਵਿਦਿਆਰਥੀਆਂ ਨੂੰ ਵਿਤਕਰੇ ਤੋਂ ਬਚਾਉਣ ਲਈ ਇਕੁਇਟੀ ਪ੍ਰਮੋਸ਼ਨ ਰੈਗੂਲੇਸ਼ਨਜ਼-2026 ਨੂੰ ਸਮਾਜ ਨੂੰ ਵੰਡਣ ਦੇ ਆਧਾਰ 'ਤੇ ਸਟੇਅ ਕਰ ਦਿੱਤਾ। ਸਵਾਲ ਇਹ ਹੈ ਕਿ ਜਦ ਯੂ ਜੀ ਸੀ ਦੀ ਨਿਯਮਾਵਲੀ 'ਤੇ ਏਨੀ ਸੰਵੇਦਨਸ਼ੀਲਤਾ ਦਿਖਾਈ ਗਈ ਤਾਂ ਸਰਮਾ ਦੀ ਖੁੱਲ੍ਹੇ ਨਫਰਤ-ਭਰੇ ਭਾਸ਼ਣਾਂ 'ਤੇ ਸੁਪਰੀਮ ਕੋਰਟ ਕਿਉਂ ਚੁੱਪ ਹੈ? ਸੁਪਰੀਮ ਕੋਰਟ ਨੂੰ ਸਰਮਾ ਦੇ ਗੋਲੀ ਮਾਰਨ ਵਾਲੀ ਵੀਡੀਓ ਲਈ ਜ਼ਿੰਮੇਵਾਰ ਭਾਜਪਾ ਅਹੁਦੇਦਾਰਾਂ ਨੂੰ ਜਵਾਬਦੇਹ ਬਣਾਉਣਾ ਚਾਹੀਦਾ ਹੈ। ਆਪੋਜ਼ੀਸ਼ਨ ਦਾ ਕੋਈ ਅਹੁਦੇਦਾਰ ਜੇ ਅਜਿਹੀ ਪੋਸਟ ਪਾਉਂਦਾ ਤਾਂ ਉਸ ਨੂੰ ਯੂ ਏ ਪੀ ਏ ਤਹਿਤ ਜੇਲ੍ਹ ਵਿੱਚ ਡੱਕ ਦਿੱਤਾ ਜਾਂਦਾ। ਸਿੱਖਿਆ ਸ਼ਾਸਤਰੀਆਂ, ਡਾਕਟਰਾਂ, ਲੇਖਕਾਂ ਤੇ ਰਿਟਾਇਰਡ ਨੌਕਰਸ਼ਾਹਾਂ ਸਣੇ 40 ਤੋਂ ਵੱਧ ਪ੍ਰਮੁੱਖ ਨਾਗਰਿਕਾਂ ਨੇ ਗੁਹਾਟੀ ਹਾਈ ਕੋਰਟ ਦੇ ਚੀਫ ਜਸਟਿਸ ਨੂੰ ਪੱਤਰ ਲਿਖ ਕੇ ਸਰਮਾ ਦੇ ਨਫਰਤੀ ਬਿਆਨਾਂ ਦਾ ਨੋਟਿਸ ਲੈ ਕੇ ਕਾਰਵਾਈ ਲਈ ਕਿਹਾ ਵੀ ਹੈ। ਉਨ੍ਹਾ ਕਿਹਾ ਹੈ ਕਿ ਬੰਗਾਲੀ ਭਾਸ਼ੀ ਮੁਸਲਮ 100 ਤੋਂ ਵੱਧ ਸਾਲਾਂ ਤੋਂ 'ਵਿਸ਼ਾਲ ਅਸਮੀਆ ਸਮਾਜ ਦਾ ਹਿੱਸਾ' ਬਣ ਚੁੱਕੇ ਹਨ ਅਤੇ ਮੁੱਖ ਮੰਤਰੀ ਦੇ ਬਿਆਨ ਸਰਕਾਰ ਸਪਾਂਸਰਡ ਧਮਕੀ ਹਨ। ਸਰਮਾ ਦੇ ਬਿਆਨ ਸਮਾਜ ਵਿੱਚ ਡਰ ਤੇ ਵੰਡ ਪੈਦਾ ਕਰ ਰਹੇ ਹਨ। ਦੇਖਣਾ ਹੋਵੇਗਾ ਕਿ ਸੁਪਰੀਮ ਕੋਰਟ ਆਪਣੇ 2023 ਦੇ ਨਿਰਦੇਸ਼ ਲਾਗੂ ਕਰਵਾ ਕੇ ਸਰਮਾ ਖਿਲਾਫ ਕਾਰਵਾਈ ਕਰੇਗੀ ਜਾਂ ਖਾਮੋਸ਼ ਰਹੇਗੀ?

ਭਾਰਤ-ਅਮਰੀਕਾ ਵਪਾਰ ਸਮਝੌਤੇ ਦੇ ਸਿਆਸੀ ਪ੍ਰਭਾਵ

(ਸੰਯੁਕਤ ਰਾਜ ਅਮਰੀਕਾ ਨਾਲ ਮੌਜੂਦਾ ਵਪਾਰ ਸਮਝੌਤੇ ਰਾਹੀਂ ਭਾਰਤ ਨੇ ਵਿਸ਼ਵ ਭੂ-ਰਾਜਨੀਤੀ ਵਿੱਚ ਆਪਣੀ ਸਥਿਤੀ ਕਮਜ਼ੋਰ ਕਰ ਲਈ ਹੈ।)

ਜਦੋਂ ਬੀਜ ਬਿੱਲ ਲਿਆਂਦਾ ਗਿਆ, ਉਸ ਤੋਂ ਬਾਅਦ ਬਿਜਲੀ ਬਿੱਲ ਪੇਸ਼ ਕੀਤਾ ਗਿਆ ਅਤੇ ਫਿਰ ਬਜਟ ਵਿੱਚ ਖੇਤੀਬਾੜੀ ਖੇਤਰ ਦਾ ਕੋਈ ਜ਼ਿਕਰ ਨਹੀਂ ਕੀਤਾ ਗਿਆ, ਉਸੇ ਵੇਲੇ ਇਹ ਸਪੱਸ਼ਟ ਹੋ ਗਿਆ ਸੀ ਕਿ ਭਾਰਤ-ਅਮਰੀਕਾ ਵਪਾਰ ਸਮਝੌਤਾ ਕਿਸ ਦਿਸ਼ਾ ਵੱਲ ਵਧ ਰਿਹਾ ਹੈ। ਹਾਲਾਂਕਿ ਭਾਰਤ ਸਰਕਾਰ ਨੇ ਹਜੇ ਤੱਕ ਇਸ ਸਮਝੌਤੇ ਦੇ ਪੂਰੇ ਵੇਰਵੇ ਜਨਤਕ ਨਹੀਂ ਕੀਤੇ, ਪਰ ਅਮਰੀਕੀ ਰਾਸ਼ਟਰਪਤੀ ਅਤੇ ਅਮਰੀਕੀ ਖੇਤੀ ਸਕੱਤਰ ਦੇ ਬਿਆਨਾਂ ਨਾਲ ਸਥਿਤੀ ਕਾਫ਼ੀ ਹੱਦ ਤੱਕ ਸਾਫ਼ ਹੋ ਚੁੱਕੀ ਹੈ।

ਮੁੱਖ ਤੌਰ 'ਤੇ ਹੁਣ ਅਮਰੀਕਾ ਭਾਰਤ ਤੋਂ ਆਯਾਤ ਕੀਤੇ ਸਮਾਨ 'ਤੇ 18 ਫ਼ੀਸਦੀ ਟੈਰਿਫ ਲਗਾਏਗਾ, ਜਦਕਿ ਇਸ ਦੇ ਉਲਟ ਭਾਰਤ ਅਮਰੀਕਾ ਤੋਂ ਆਯਾਤ ਹੋਣ ਵਾਲੇ ਸਮਾਨ 'ਤੇ ਜ਼ੀਰੋ ਟੈਰਿਫ ਲਗਾਏਗਾ । ਇਸ ਦਾ ਮਤਲਬ ਹੈ ਕਿ ਅਮਰੀਕੀ ਉਤਪਾਦ ਭਾਰਤ ਵਿੱਚ ਸਸਤੇ ਭਾਅ ਵਿਕਣਗੇ, ਜਿਸ ਨਾਲ ਅਮਰੀਕੀ ਉਦਯੋਗਪਤੀਆਂ ਅਤੇ ਖੇਤੀ-ਵਪਾਰ ਕੰਪਨੀਆਂ ਨੂੰ ਲਾਭ ਹੋਵੇਗਾ, ਜਦਕਿ ਭਾਰਤੀ ਉਤਪਾਦਕਾਂ ਨੂੰ ਬਹੁਤ ਘੱਟ ਫ਼ਾਇਦਾ ਮਿਲੇਗਾ ।

ਭਾਰਤ ਦੀ ਲਗਭਗ ਅੱਧੀ ਆਬਾਦੀ ਖੇਤੀਬਾੜੀ 'ਤੇ ਨਿਰਭਰ ਹੈ। ਅਮਰੀਕਾ ਤੋਂ ਘੱਟ ਕੀਮਤਾਂ 'ਤੇ ਆਉਣ ਵਾਲੇ ਖੇਤੀ ਉਤਪਾਦਾਂ ਨਾਲ ਖੇਤੀ ਸੰਕਟ ਹੋਰ ਵੀ ਗਹਿਰਾ ਹੋਣਾ ਤੈਅ ਹੈ। ਪਹਿਲਾਂ ਕਿਸਾਨਾਂ ਨੇ ਖੇਤੀ ਵਿੱਚ ਵਧ ਰਹੀ ਕਾਰਪੋਰੇਟ ਦਖ਼ਲਅੰਦਾਜ਼ੀ ਖ਼ਿਲਾਫ਼ ਦਿੱਲੀ ਦੀਆਂ ਸਰਹੱਦਾਂ 'ਤੇ ਵੱਡੇ ਪੱਧਰ 'ਤੇ ਅੰਦੋਲਨ ਕੀਤੇ ਸਨ, ਜਿਨ੍ਹਾਂ ਦੇ ਦਬਾਅ ਹੇਠ ਸਰਕਾਰ ਨੂੰ ਤਿੰਨ ਕਿਸਾਨ-ਵਿਰੋਧੀ ਕਾਨੂੰਨ ਵਾਪਸ ਲੈਣੇ ਪਏ, ਹਾਲਾਂਕਿ ਬਾਅਦ ਵਿੱਚ ਸਰਕਾਰ ਕਿਸਾਨਾਂ ਦੀਆਂ ਅਸਲੀ ਮੰਗਾਂ ਤੋਂ ਪਿੱਛੇ ਹਟ ਗਈ।

ਇਸ ਸਮਝੌਤੇ ਦਾ ਇੱਕ ਹੋਰ ਗੰਭੀਰ ਪੱਖ ਇਹ ਹੈ ਕਿ ਰਿਪੋਰਟਾਂ ਮੁਤਾਬਕ ਭਾਰਤ ਨੇ ਐਸੀ ਸ਼ਰਤ ਮੰਨ ਲਈ ਹੈ, ਜਿਸ ਅਧੀਨ ਉਹ ਹੁਣ ਰੂਸ ਜਾਂ ਈਰਾਨ ਤੋਂ ਤੇਲ ਨਹੀਂ ਖਰੀਦੇਗਾ ਅਤੇ ਲਗਭਗ ਸਾਰਾ ਤੇਲ ਅਮਰੀਕਾ ਤੋਂ ਹੀ ਲਵੇਗਾ । ਇਹ ਤੇਲ ਰੂਸ ਤੋਂ ਮਿਲਣ ਵਾਲੀਆਂ ਰਿਆਇਤੀ ਕੀਮਤਾਂ 'ਤੇ ਨਹੀਂ ਹੋਵੇਗਾ, ਜਿਸ ਨਾਲ ਸਾਡੀ ਅਰਥ ਵਿਵਸਥਾ 'ਤੇ ਵਾਧੂ ਬੋਝ ਪਵੇਗਾ।

ਡਾ. ਅਰੁਣ ਮਿਤਰਾ

ਭੂ-ਰਾਜਨੀਤਕ ਪ੍ਰਭਾਵਾਂ ਦਾ ਵਿਸ਼ਲੇਸ਼ਣ ਦੱਸਦਾ ਹੈ ਕਿ ਆਉਣ ਵਾਲੇ ਸਾਲਾਂ ਵਿੱਚ ਭਾਰਤ ਦੇ ਅਮਰੀਕਾ 'ਤੇ ਨਵੀਂ ਕਿਸਮ ਦੀ ਨਿਰਭਰਤਾ ਜਾਂ ਲਗਭਗ ਉਪਨਿਵੇਸ਼ ਬਣ ਜਾਣ ਦਾ ਖ਼ਤਰਾ ਵਧ ਰਿਹਾ ਹੈ। ਇਹ ਕੋਈ ਹੈਰਾਨੀ ਦੀ ਗੱਲ ਨਹੀਂ, ਕਿਉਂਕਿ ਮੌਜੂਦਾ ਸੱਤਾਧਾਰੀ ਤਾਕਤਾਂ ਦੇ ਵਿਚਾਰਧਾਰਕ ਪੂਰਵਜਾਂ ਤੇ ਆਰ ਐੱਸ ਐੱਸ ਨੇ ਬਰਤਾਨਵੀ ਬਸਤੀਵਾਦੀ ਹਕੂਮਤ ਦਾ ਸਾਥ ਦਿੱਤਾ ਸੀ, ਆਜ਼ਾਦੀ ਅੰਦੋਲਨ ਦਾ ਵਿਰੋਧ ਕੀਤਾ ਸੀ ਅਤੇ ਹੁਣ ਅਮਰੀਕੀ ਸਾਮਰਾਜਵਾਦੀ ਹਿੱਤਾਂ ਨਾਲ ਖੜੇ ਦਿਸ ਰਹੇ ਹਨ । ਕੁਝ ਸਮਾਂ ਪਹਿਲਾਂ ਤੱਕ ਡੋਨਾਲਡ ਟਰੰਪ ਦੀ ਖੁੱਲ੍ਹ ਕੇ ਆਲੋਚਨਾ ਹੁੰਦੀ ਸੀ ਅਤੇ ਉਨ੍ਹਾ ਦੇ ਖ਼ਿਲਾਫ਼ ਪ੍ਰਤੀਕਾਤਮਕ ਪ੍ਰਦਰਸ਼ਨ ਹੁੰਦੇ ਸਨ-ਅੱਜ ਭਾਜਪਾ ਜਸ਼ਨ ਮਨਾ ਰਹੀ ਹੈ ਅਤੇ ਪ੍ਰਧਾਨ ਮੰਤਰੀ ਨੂੰ ਵਧਾਈਆਂ ਦੇ ਰਹੀ ਹੈ। ਜਿੱਤ ਤੋਂ ਬਾਅਦ ਜਸ਼ਨ ਮਨਾਉਣਾ ਸੁਭਾਵਿਕ ਹੈ, ਪਰ ਰਣਨੀਤਕ ਆਤਮ-ਸਮਰਪਣ ਤੋਂ ਬਾਅਦ ਜਸ਼ਨ ਮਨਾਉਣਾ ਸਿਰਫ਼ ਰਾਜਨੀਤਕ ਪ੍ਰਚਾਰ ਹੀ ਦਰਸਾਉਂਦਾ ਹੈ।

ਭਾਰਤ ਹਾਲ ਹੀ ਵਿੱਚ ਬ੍ਰਿਕਸ ਸਿਖਰ ਸਮਾਗਮ ਵਿੱਚ ਸ਼ਾਮਲ ਹੋਇਆ ਅਤੇ ਇਸ ਵੇਲੇ ਬ੍ਰਿਕਸ ਦੀ ਪ੍ਰਧਾਨਗੀ ਵੀ ਉਸ ਦੇ ਕੋਲ ਹੈ । ਜੇਕਰ ਉਹ ਆਪਣੇ ਆਪ ਨੂੰ ਅਮਰੀਕੀ ਹਿੱਤਾਂ ਦਾ ਸਾਧਨ ਬਣਾ ਲੈਂਦਾ ਹੈ ਤਾਂ ਇਸ ਮਹੱਤਵਪੂਰਨ ਬਹੁਪੱਖੀ ਮੰਚ 'ਤੇ ਭਾਰਤ ਦੀ ਭਰੋਸੇਯੋਗਤਾ ਘਟਣੀ ਤੈਅ ਹੈ।

ਅੱਜ ਦੀ ਬਹੁਧਰੁਵੀ ਦੁਨੀਆ ਵਿੱਚ ਕਿਸੇ ਸਾਮਰਾਜਵਾਦੀ ਤਾਕਤ ਅੱਗੇ ਇਸ ਤਰ੍ਹਾਂ ਝੁਕਣਾ ਆਜ਼ਾਦੀ ਤੋਂ ਬਾਅਦ ਵਿਕਸਤ ਹੋਈ ਉਸ ਵਿਦੇਸ਼ ਨੀਤੀ ਦੀ ਪਰੰਪਰਾ ਨੂੰ ਕਮਜ਼ੋਰ ਕਰਦਾ ਹੈ, ਜੋ ਨਵੇਂ ਆਜ਼ਾਦ ਹੋਏ ਅਤੇ ਵਿਕਾਸਸ਼ੀਲ ਦੇਸ਼ਾਂ ਨਾਲ ਇਕਜੁਟਤਾ, ਆਪਸੀ ਸਹਿਯੋਗ ਅਤੇ ਸਾਂਝੀ ਤਰੱਕੀ 'ਤੇ ਆਧਰਿਤ ਸੀ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵਿਸ਼ਵ ਸ਼ਾਂਤੀ ਲਈ ਡੋਨਾਲਡ ਟਰੰਪ ਦੇ ਕਥਿਤ ਯਤਨਾਂ ਦੀ ਬੇਵਜ੍ਹਾ ਪ੍ਰਸ਼ੰਸਾ ਕੀਤੀ ਹੈ । ਇਸ ਪ੍ਰਸ਼ੰਸਾ ਦਾ ਲਹਿਜ਼ਾ ਐਸਾ ਸੀ, ਜਿਵੇਂ ਟਰੰਪ ਹੀ ਵਿਸ਼ਵ ਸ਼ਾਂਤੀ ਦੇ ਇਕੱਲੇ ਮਸੀਹਾ ਤੇ ਰਖਵਾਲੇ ਹੋਣ। ਇਹ ਰਵੱਈਆ ਇਹ ਵੀ ਸਮਝਾਉਂਦਾ ਹੈ ਕਿ ਵੈਨੇਜ਼ੂਏਲਾ ਦੇ ਰਾਸ਼ਟਰਪਤੀ ਨਿਕੋਲਸ ਮਾਦੂਰੋ ਅਤੇ ਉਨ੍ਹਾ ਦੀ ਪਤਨੀ ਨਾਲ ਜੁੜੀ ਕਥਿਤ ਅਗਵਾ ਘਟਨਾ ਨੂੰ ਮੋਦੀ ਸਰਕਾਰ ਨੇ ਹਲਕਾ ਕਿਉਂ ਲਿਆ ਅਤੇ ਉਹ ਕਿਉਂ ਲਗਾਤਾਰ ਨੇਤਨਯਾਹੂ ਦੇ ਨਾਲ ਖੜੀ ਹੈ, ਜੋ 60,000 ਤੋਂ ਵੱਧ ਫ਼ਲਿਸਤੀਨੀਆਂ, ਜਿਨ੍ਹਾਂ ਵਿੱਚ ਲਗਭਗ 20,000 ਬੱਚੇ ਸ਼ਾਮਲ ਹਨ, ਦੀ ਹੱਤਿਆ ਲਈ ਜ਼ਿੰਮੇਵਾਰ ਹੈ।

ਇਹ ਬਹੁਤ ਹੀ ਚਿੰਤਾਜਨਕ ਹੈ ਕਿ ਅਪਰੇਸ਼ਨ ਸਿੰਧੂਰ ਦੌਰਾਨ ਲੜਾਈ ਰੋਕਣ ਦਾ ਐਲਾਨ ਅਮਰੀਕੀ ਰਾਸ਼ਟਰਪਤੀ ਨੇ ਕੀਤਾ ਅਤੇ ਹੁਣ ਇੱਕ ਵਾਰ ਫਿਰ ਵਪਾਰ ਸਮਝੌਤੇ ਦੀ ਜਾਣਕਾਰੀ ਅਤੇ ਉਸ ਦੇ ਮੁੱਖ ਬਿੰਦੂ ਵੀ ਅਮਰੀਕੀ ਰਾਸ਼ਟਰਪਤੀ ਨੇ ਹੀ ਸਾਹਮਣੇ ਰੱਖੇ ਹਨ। ਪ੍ਰਧਾਨ ਮੰਤਰੀ ਨੂੰ ਇਨ੍ਹਾਂ ਸਾਰੇ ਮਾਮਲਿਆਂ 'ਤੇ ਦੇਸ਼ ਨੂੰ ਸਾਫ਼ ਅਤੇ ਪਾਰਦਰਸ਼ੀ ਜਵਾਬ ਦੇਣੇ ਚਾਹੀਦੇ ਹਨ।

ਕਈ ਹੋਰ ਗੰਭੀਰ ਸਵਾਲ ਵੀ ਇਸ ਸਮਝੌਤੇ ਨੂੰ ਜਲਦਬਾਜ਼ੀ ਵਿੱਚ ਅੰਤਮ ਰੂਪ ਦੇਣ ਨਾਲ ਜੁੜੇ ਹੋਏ ਲੱਗਦੇ ਹਨ। ਅਮੀਕਾ ਵਿੱਚ ਅਡਾਨੀ ਖ਼ਿਲਾਫ਼ ਚੱਲ ਰਿਹਾ ਮਾਮਲਾ ਅਤੇ ਐਪਸਟਾਈਨ ਫ਼ਾਈਲਾਂ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰੀ ਹਰਦੀਪ ਪੁਰੀ ਦਾ ਨਾਂਅ ਆਉਣਾ ਵੀ ਦਬਾਅ ਦੇ ਮੁੱਦੇ ਹੋ ਸਕਦੇ ਹਨ। ਪ੍ਰਧਾਨ ਮੰਤਰੀ ਦੇ ਅਹੁਦੇ ਦੀ ਗਰਿਮਾ ਬਰਕਰਾਰ ਰੱਖਣ, ਭਾਰਤ ਦੀ ਅੰਤਰਰਾਸ਼ਟਰੀ ਸਾਖ ਬਚਾਉਣ ਅਤੇ ਰਾਸ਼ਟਰੀ ਮਰਿਆਦਾ ਦੀ ਰੱਖਿਆ ਲਈ ਇਨ੍ਹਾਂ ਚਿੰਤਾਵਾਂ ਦਾ ਖੁੱਲ੍ਹੇ ਤੌਰ 'ਤੇ ਜਵਾਬ ਦਿੱਤਾ ਜਾਣਾ ਜ਼ਰੂਰੀ ਹੈ।

ਭਾਰਤ ਨੂੰ ਸਾਮਰਾਜਵਾਦੀ ਤਾਕਤਾਂ ਅੱਗੇ ਝੁਕਣ ਦੀ ਬਜਾਏ ਵਿਕਾਸਸ਼ੀਲ ਦੇਸ਼ਾਂ, ਖ਼ਾਸ ਕਰਕੇ ਵਿਸ਼ਵ ਦੇ ਦੱਖਣੀ ਹਿੱਸੇ ਦੇ ਦੇਸ਼ਾਂ ਦੇ ਨਾਲ ਏਕਤਾ ਵਿੱਚ ਅੱਗੇ ਵਧਣਾ ਚਾਹੀਦਾ ਹੈ। ਭਾਰਤ ਇੱਕ ਵਿਸ਼ਾਲ ਦੇਸ਼ ਹੈ, ਜਿਸ ਕੋਲ ਵੱਡੀ ਮਾਤਰਾ ਵਿੱਚ ਕੁਦਰਤੀ ਸਰੋਤ ਅਤੇ ਅਪਾਰ ਮਨੁੱਖੀ ਤੇ ਬੌਧਿਕ ਸਮਰੱਥਾ ਹੈ। ਅੱਜ ਸਭ ਤੋਂ ਵੱਡੀ ਲੋੜ ਰਾਜਨੀਤਕ ਇੱਛਾ-ਸ਼ਕਤੀ ਦੀ ਹੈ, ਜੋ ਮੌਜੂਦਾ ਸਰਕਾਰ ਹੇਠ ਲਗਾਤਾਰ ਕਮਜ਼ੋਰ ਹੁੰਦੀ ਗਈ ਹੈ।

ਇਸ ਗੱਲ ਦੀ ਵੀ ਕਾਫੀ ਸੰਭਾਵਨਾ ਹੈ ਕਿ ਭਾਰਤ ਅਮਰੀਕਾ ਦੀ ਅਗਵਾਈ ਹੇਠ ਚੱਲ ਰਹੀ ਉਸ ਪਹਿਲ ਦਾ ਹਿੱਸਾ ਬਣ ਸਕਦਾ ਹੈ, ਜਿਸ ਤਹਿਤ ਚੀਨ ਦਾ ਮੁਕਾਬਲਾ ਕਰਨ ਲਈ ਮਹੱਤਵਪੂਰਨ ਅਤੇ ਰਣਨੀਤਕ ਦੁਲਭ ਧਰਤੀ ਤੱਤਾਂ ਦੇ ਖੇਤਰ ਵਿੱਚ 50 ਦੇਸ਼ਾਂ ਦਾ ਇੱਕ ਗਠਜੋੜ ਬਣਾਇਆ ਜਾ ਰਿਹਾ ਹੈ। ਰਾਸ਼ਟਰਪਤੀ ਟਰੰਪ ਨੂੰ ਵਿਸ਼ਵ ਸ਼ਾਂਤੀ ਦਾ ਮਸੀਹਾ ਦੱਸ ਕੇ ਪ੍ਰਧਾਨ ਮੰਤਰੀ ਮੋਦੀ ਵੱਲੋਂ ਅਮਰੀਕਨ ਰਾਸ਼ਟਰਪਤੀ ਦੀ ਖੁੱਲ੍ਹੀ ਪ੍ਰਸੰਸਾ ਇਹ ਸੰਕੇਤ ਦਿੰਦੀ ਹੈ ਕਿ ਭਾਰਤ ਸਰਕਾਰ ਡੋਨਾਲਡ ਟਰੰਪ ਵੱਲੋਂ ਬਣਾਏ ਗਏ ਕਥਿਤ 'ਬੋਰਡ ਆਫ਼ ਪੀਸ' ਦਾ ਵੀ ਹਿੱਸਾ ਬਣ ਸਕਦੀ ਹੈ।

ਸੰਪਰਕ : 94170-00360

ਘਟੀਆ ਸਿਆਸਤ

ਪਹਿਲਾ ਸਮਾਂ ਹੋਰ ਸੀ, ਅਕਸਰ ਰਾਜਨੀਤਕ ਨੇਤਾਵਾਂ ਦੇ ਬਿਆਨ ਸਮੇਂ ਨਾਲ ਲੋਕਾਂ ਨੂੰ ਭੁੱਲ-ਭੁਲਾ ਜਾਂਦੇ ਸਨ ਜਾਂ ਕਹਿ ਲਓ ਉਹਨਾਂ ਉੱਪਰ ਝੂਠ ਦੇ ਪਰਦੇ ਵੀ ਪੈ ਜਾਂਦੇ ਸਨ, ਪਰ ਹੁਣ ਉਹ ਜ਼ਮਾਨਾ ਨਹੀਂ ਰਿਹਾ, ਸੋਸ਼ਲ ਮੀਡੀਆ ਦੀ ਬਦੌਲਤ ਵਰ੍ਹਿਆਂ ਪਹਿਲਾਂ ਕਹੀਆਂ ਹੋਈਆਂ ਗੱਲਾਂ ਵੀ ਝੱਟ ਲੋਕਾਂ ਕੋਲ ਪਹੁੰਚ ਜਾਂਦੀਆਂ ਨੇ। ਉਸ ਵੇਲੇ ਬੰਦਾ ਸੋਚਦਾ ਏ ਕਿ ਯਾਰ ਹੁਣ ਇਹ ਕਿਹੜਾ ਮੂੰਹ ਲੈ ਕੇ ਉਹਨਾਂ ਲੋਕਾਂ ਅੱਗੇ ਜਾ ਕੇ ਖੜਦੇ ਹੋਣਗੇ, ਜਿਹਨਾਂ ਨੂੰ ਕਦੀ ਗਾਲ੍ਹਾਂ ਕੱਢਦੇ ਸਨ। ਬੱਸ ਇੱਕੋ ਕਹਿ ਸਕਦੇ ਹਾਂ, 'ਜਿਹੋ ਜਿਹੇ ਮਰਨ ਵਾਲੇ, ਉਹੋ ਜਿਹੇ ਫੂਕਣ ਵਾਲੇ ।'

ਰਵਨੀਤ ਬਿੱਟੂ! ਕੀ ਕਹੀਏ!! ਜ

10-FEB-PAGE-5.qxd 2/9/2026 10:59 PM Page 1

ਪਨਬਸ/ਪੀ ਆਰ ਟੀ ਸੀ ਕੱਚੇ ਮੁਲਾਜ਼ਮਾਂ ਦੀਆਂ ਮੰਗਾਂ ਤੇ ਜੇਲ੍ਹਾਂ 'ਚ ਬੰਦ ਮੁਲਾਜ਼ਮਾਂ ਦੀ ਰਿਹਾਈ ਨੂੰ ਲੈ ਕੇ ਡਿਪੂਆਂ ਦੇ ਗੇਟਾਂ 'ਤੇ ਪ੍ਰਦਰਸ਼ਨ

ਮੁਲਾਜ਼ਮਾਂ ਦੀ ਰਿਹਾਈ ਲਈ 12 ਤੋਂ ਮੁਕੰਮਲ ਚੱਕਾ ਜਾਮ ਤੇ ਮੁੱਖ ਮੰਤਰੀ ਦੀ ਰਿਹਾਇਸ਼ 'ਤੇ ਧਰਨਾ

ਬਠਿੰਡਾ (ਪਰਵਿੰਦਰ ਜੀਤ ਸਿੰਘ)

ਪੰਜਾਬ ਰੋਡਵੇਜ਼ ਪਨਬਸ/ਪੀ.ਆਰ.ਟੀ.ਸੀ. ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ 25/11 ਦੇ ਸਮੂਹ ਡਿੱਪੂਆਂ 'ਤੇ ਗੇਟ ਰੈਲੀਆਂ ਕੀਤੀਆਂ ਗਈਆਂ। ਸੂਬਾ ਆਗੂ ਸਰਬਜੀਤ ਸਿੰਘ ਭੁੱਲਰ ਨੇ ਬਠਿੰਡਾ ਡਿੱਪੂ ਦੀ ਗੇਟ ਰੈਲੀ ਤੋਂ ਬੋਲਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਨੌਜੁਆਨਾਂ ਨੂੰ ਰੋਜ਼ਗਾਰ ਤਾਂ ਕੀ ਦੇਣਾ ਸੀ, ਉਲਟਾ ਪਿਛਲੇ 10-15-20 ਸਾਲਾਂ ਤੋਂ ਕੰਟਰੈਕਟ ਆਊਟ ਸੋਰਸ 'ਤੇ ਕੰਮ ਕਰਦੇ ਮੁਲਾਜ਼ਮਾਂ ਨੂੰ ਨਵੀਂ ਦਲਦਲ, ਜਿਸ ਨੂੰ ਸਪੈਸ਼ਲ ਕਾਡਰ ਪਾਲਸੀ 2023 ਕਹਿ ਕੇ ਫਸਾਉਣ ਵਿੱਚ ਲੱਗੀ ਹੈ, ਜਿਸ ਵਿੱਚ ਫਸੇ ਟੀਚਰਾਂ ਵੱਲੋਂ ਪਿਛਲੇ ਦਿਨੀਂ ਮੋਹਾਲੀ ਧਰਨਾ ਵੀ ਲਗਾਇਆ ਗਿਆ। ਇਸੇ ਤਰ੍ਹਾਂ ਹੀ ਆਮ ਆਦਮੀ ਪਾਰਟੀ ਦੀ ਸਰਕਾਰ ਪੂਰੇ ਪੰਜਾਬ ਦੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ, ਟਰਾਂਸਪੋਰਟ ਵਿਭਾਗ ਨੂੰ ਚਲਾਉਣ ਸਮੇਤ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਦੀਆਂ ਮੰਗਾਂ ਦਾ ਹੱਲ ਕਰਨ ਵਿੱਚ ਫੇਲ੍ਹ ਸਾਬਿਤ ਹੋ ਚੁੱਕੀ ਹੈ ਅਤੇ ਆਪਣੀ ਨਾਕਾਮੀ ਨੂੰ ਛੁਪਾਉਣ ਲਈ ਪੁਲਸ ਪ੍ਰਸ਼ਾਸਨ ਦੀ ਵਰਤੋਂ ਕਰਕੇ ਲੋਕਾਂ ਦੀ ਅਵਾਜ਼ ਦਬਾਉਣ ਵਿੱਚ ਲੱਗੀ ਹੋਈ ਹੈ।

ਪੰਜਾਬ ਸਰਕਾਰ ਆਮ ਆਦਮੀ ਦਾ ਚਿਹਰਾ ਦਿਖਾ ਕੇ ਪੰਜਾਬ ਵਿੱਚ ਆਪਣੀ ਸੱਤਾ ਕਾਇਮ ਕਰਕੇ ਹੁਣ ਕਾਰਪੋਰੇਟ ਘਰਾਣਿਆਂ ਦੀ ਸਰਕਾਰ ਬਣ ਚੁੱਕੀ ਹੈ। ਵੋਟਾਂ ਤੋਂ ਪਹਿਲਾਂ ਪੰਜਾਬ ਦਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਇਹ ਗੱਲ ਕਹਿੰਦਾ ਸੀ ਕਿ

ਕਾਰਪੋਰੇਟ ਘਰਾਣਿਆਂ ਨੂੰ ਖਤਮ ਕਰ ਦੇਵਾਂਗੇ, ਸਾਰੇ ਰੂਟਾਂ 'ਤੇ ਸਰਕਾਰੀ ਬੱਸਾਂ ਚੱਲਣਗੀਆਂ। ਲੋਕ ਸਰਕਾਰੀ ਬੱਸਾਂ ਦੇ ਹਾਰਨ ਨੂੰ ਸੁਣ ਕੇ ਚਾਹ ਧਰਿਆ ਕਰਨਗੇ। ਉਹ ਗੱਲਾਂ ਬਿਲਕੁੱਲ ਝੂਠੀਆਂ ਸਾਬਿਤ ਹੋਇਆਂ ਹਨ।

ਹਰਤਾਰ ਸ਼ਰਮਾ ਡਿੱਪੂ ਪ੍ਰਧਾਨ, ਅੰਗਰੇਜ਼ ਸਿੱਧੂ, ਬਲਕਾਰ ਸਿੰਘ ਗਿੱਲ, ਹਰਬੰਸ ਸਿੰਘ ਭੋਲਾ, ਅਜਮੇਰ ਸਿੰਘ, ਸੁਖਦੇਵ ਸਿੰਘ, ਬਖਤੌਰ ਸਿੰਘ, ਮਹਿੰਦਰ ਸਿੰਘ ਧੋਨੀ, ਕਮਲਜੀਤ ਸਿੰਘ ਤੇ ਗੁਰਮੀਤ ਸਿੰਘ ਨੇ ਕਿਹਾ ਕਿ ਸਰਕਾਰ ਲੰਮੇ ਸਮੇਂ ਤੋਂ ਮੰਗਾਂ ਦਾ ਹੱਲ ਕਰਨ ਲਈ ਕਮੇਟੀਆਂ ਦਾ ਗਠਿਤ ਕਰਕੇ ਇੱਕ ਸਮਾਂ ਟਪਾਉਣ ਦੀ ਨੀਤੀ ਅਪਣਾ ਰਹੀ ਹੈ, 4 ਸਾਲ ਬੀਤ ਚੁੱਕੇ ਹਨ ਤੇ ਇੱਕ ਵੀ ਨਵੀਂ ਸਰਕਾਰੀ ਬੱਸ ਨਹੀਂ ਪਈ ਗਈ।

ਉਲਟਾ ਕਰਾਪੋਰੇਟ ਘਾਰਣਿਆਂ ਨੂੰ ਤਵੱਜੋਂ ਦਿੱਤੀ ਜਾ ਰਹੀ ਹੈ, ਜਿਸ ਦਾ ਜਥੇਬੰਦੀ ਪੁਰਜ਼ੋਰ ਵਿਰੋਧ ਕਰਦੀ ਹੈ। ਪਿਛਲੇ ਦਿਨੀਂ ਵਿਰੋਧ ਕਰਦੇ ਮੁਲਾਜ਼ਮਾਂ ਨੂੰ ਚੱਕਿਆ ਗਿਆ ਸੰਗਰੂਰ ਤੇ ਪਟਿਆਲੇ 307 ਦੇ ਪਰਚੇ ਦਰਜ ਕੀਤੇ ਗਏ ਹਨ, ਅਜੇ ਤੱਕ ਰਿਹਾਅ ਨਹੀਂ ਕੀਤਾ ਗਿਆ, ਜਿਸ ਦੇ ਰੋਸ ਵਜੋਂ 11 ਫਰਵਰੀ ਨੂੰ ਬਾਅਦ ਦੁਪਹਿਰ ਤੋਂ ਸ਼ਾਮ ਤੱਕ ਬੱਸਾਂ ਬੰਦ ਕਰਕੇ ਹੜਤਾਲ ਸ਼ੁਰੂ ਕੀਤੀ ਜਾਵੇਗੀ ਅਤੇ 12 ਫਰਵਰੀ ਨੂੰ ਮੁੱਖ ਮੰਤਰੀ ਦੀ ਰਹਾਇਸ਼ 'ਤੇ ਧਰਨਾ ਦਿੱਤਾ ਜਾਵੇਗਾ। ਜੇਕਰ ਫਿਰ ਵੀ ਸਰਕਾਰ ਨੇ ਟਾਲਮਟੋਲ ਦੀ ਨੀਤੀ ਅਪਣਾਈ ਤਾਂ ਤਿੱਖੇ ਸੰਘਰਸ਼ਾਂ ਦਾ ਐਲਾਨ ਕੀਤਾ ਜਾਵੇਗਾ। ਜੇਲ੍ਹਾਂ ਵਿੱਚ ਬੰਦ ਸਾਥੀਆਂ ਦੀ ਰਿਹਾਈ ਤੇ ਮੰਨੀਆਂ ਮੰਗਾਂ ਲਾਗੂ ਨਾ ਕਰਨ ਤੱਕ ਸੰਘਰਸ਼ ਜਾਰੀ ਰਹੇਗਾ।

ਲੁਧਿਆਣਾ (ਰੈਕਟਰ ਕਬੂਰੀਆ)-ਪੰਜਾਬ ਰੋਡਵੇਜ਼ ਪਨਬਸ/ਪੀ.ਆਰ.ਟੀ.ਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ 25/11 ਦੇ ਸਮੂਹ ਡਿੱਪੂਆਂ 'ਤੇ ਗੇਟ ਰੈਲੀਆਂ ਕੀਤੀਆਂ ਗਈਆਂ। ਲੁਧਿਆਣਾ ਡਿੱਪੂ ਵਿਖੇ ਗੇਟ ਰੈਲੀ ਮੌਕੇ ਸੂਬਾ ਜਨਰਲ ਸਕੱਤਰ ਸ਼ਮਸ਼ੇਰ ਸਿੰਘ ਢਿੱਲੋਂ, ਸੂਬਾ ਆਗੂ ਜਗਤਾਰ ਸਿੰਘ ਨੇ ਸੰਬੋਧਨ ਕੀਤਾ।ਇਸ ਸਮੇਂ ਡਿੱਪੂ ਪ੍ਰਧਾਨ ਜਤਿੰਦਰ ਸਿੰਘ, ਦਲਜੀਤ ਸਿੰਘ, ਜਨਰਲ ਸਕੱਤਰ ਪ੍ਰਵੀਨ ਕੁਮਾਰ, ਹਰਸ਼ਰਨ ਸਿੰਘ, ਗੁਰਬਾਜ਼ ਸਿੰਘ, ਸਤਿਗੁਰੂ ਸਿੰਘ, ਸੁਖਵਿੰਦਰ ਸਿੰਘ ਬੱਬੂ ਆਦਿ ਮੌਜੂਦ ਸਨ।

ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਪੰਜਾਬ ਰੋਡਵੇਜ਼ ਪਨਬਸ/ਪੀਆਰਟੀਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ 25/11 ਦੇ ਸਮੂਹ ਡਿੱਪੂਆਂ ਤੇ ਗੇਟ ਰੈਲੀਆਂ ਕੀਤੀਆਂ ਗਈਆਂ। ਇਸੇ ਤਹਿਤ ਫਿਰੋਜ਼ਪੁਰ ਡਿੱਪੂ ਦੀ ਗੇਟ ਰੈਲੀ ਤੋਂ ਸੂਬਾ ਪ੍ਰਧਾਨ ਰੇਸ਼ਮ ਸਿੰਘ ਗਿੱਲ, ਡਿੱਪੂ ਪ੍ਰਧਾਨ ਜਤਿੰਦਰ ਸਿੰਘ, ਸੈਕਟਰੀ ਮੁੱਖਪਾਲ ਸਿੰਘ, ਕੈਸ਼ੀਅਰ ਅਜੈ ਕੁਮਾਰ, ਪਰਮਜੀਤ ਸਿੰਘ, ਮੀਤ ਪ੍ਰਧਾਨ ਨਿਸ਼ਾਨ ਸਿੰਘ, ਰਜਿੰਦਰ ਸਿੰਘ, ਗੌਰਵ, ਸੌਰਵ ਮੈਣੀ, ਰਮਨਦੀਪ ਸਿੰਘ, ਹਰਜੀਤ ਸਿੰਘ ਨੇ ਬੋਲਦਿਆਂ ਕਿਹਾ ਕਿ ਸਰਕਾਰ ਲੰਮੇ ਸਮੇਂ ਤੋਂ ਮੰਗਾਂ ਦਾ ਹੱਲ ਕਰਨ ਦੇ ਲਈ ਕਮੇਟੀਆਂ ਦਾ ਗਠਿਤ ਕਰਕੇ ਇੱਕ ਸਮਾਂ ਟਪਾਉਣ ਦੀ ਨੀਤੀ ਅਪਣਾ ਰਹੀ, ਜਿਸ ਦੇ ਰੋਸ ਵਜੋਂ 11 ਫਰਵਰੀ ਨੂੰ ਬਾਅਦ ਦੁਪਹਿਰ ਤੋਂ ਸ਼ਾਮ ਤੱਕ ਬੱਸਾਂ ਬੰਦ ਕਰਕੇ ਹੜਤਾਲ ਸ਼ੁਰੂ ਕੀਤੀ ਜਾਵੇਗੀ ਅਤੇ 12 ਫਰਵਰੀ ਨੂੰ ਮੁੱਖ ਮੰਤਰੀ ਦੀ ਰਿਹਾਇਸ਼ 'ਤੇ ਧਰਨਾ ਦਿੱਤਾ ਜਾਵੇਗਾ। ਜੇਕਰ ਫਿਰ ਵੀ ਸਰਕਾਰ ਨੇ ਟਾਲਮਟੋਲ ਦੀ ਨੀਤੀ ਅਪਣਾਈ ਤਾਂ ਤਿੱਖੇ ਸੰਘਰਸ਼ਾਂ ਦਾ ਐਲਾਨ ਕੀਤਾ ਜਾਵੇਗਾ, ਜੇਲ੍ਹਾਂ ਵਿੱਚ ਬੰਦ ਸਾਥੀਆਂ ਦੀ ਰਿਹਾਈ ਤੇ ਮੰਨੀਆਂ ਹੋਈਆਂ ਮੰਗਾ ਲਾਗੂ ਨਾ ਕਰਨ ਤੱਕ ਸੰਘਰਸ਼ ਜਾਰੀ ਰਹੇਗਾ।

ਪੇਅ.ਟੀ.ਐੱਮ. ਕੰਪਨੀ ਦਾ ਪਲੇਸਮੈਂਟ ਕੈਂਪ ਅੱਜ

ਸੰਗਰੂਰ (ਪ੍ਰਵੀਨ ਸਿੰਘ)-ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਸੰਗਰੂਰ ਵੱਲੋਂ ਪੇਅ.ਟੀ.ਐੱਮ. ਕੰਪਨੀ ਨਾਲ ਤਾਲਮੇਲ ਕਰਕੇ 10 ਫ਼ਰਵਰੀ ਨੂੰ ਨੌਕਰੀ ਦੇ ਚਾਹਵਾਨ ਪ੍ਰਾਰਥੀਆਂ ਲਈ ਜ਼ਿਲ੍ਹਾ ਰੋਜ਼ਗਾਰ ਉਤਪੱਤੀ ਹੁਨਰ ਵਿਕਾਸ ਤੇ ਸਿਖਲਾਈ ਦਫ਼ਤਰ ਸੰਗਰੂਰ ਵਿਖੇ ਇੱਕ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ।ਇਸ ਸਬੰਧੀ ਕੰਪਨੀ ਵੱਲੋਂ ਐੱਫ.ਐੱਸ.ਈ., ਸੀਨੀਅਰ ਐੱਫ.ਐੱਸ.ਈ. (ਕੇਵਲ ਮੁੰਡਿਆਂ) ਦੀ ਅਸਾਮੀ ਲਈ ਇੰਟਰਵਿਊ ਲਈ ਜਾਵੇਗੀ, ਜਿਸ ਲਈ ਪ੍ਰਾਰਥੀ ਦੀ ਵਿੱਦਿਅਕ ਯੋਗਤਾ ਦਸਵੀਂ ਤੇ ਬਾਰਵੀਂ ਪਾਸ, ਉਮਰ 19 ਤੋਂ 42 ਸਾਲ ਤੱਕ ਹੋਣੀ ਚਾਹੀਦੀ ਹੈ।ਚਾਹਵਾਨ ਤੇ ਯੋਗ ਪ੍ਰਾਰਥੀ ਰਜਿਊਮ ਤੇ ਵਿੱਦਿਅਕ ਯੋਗਤਾ ਦੇ ਸਰਟੀਫਿਕੇਟ ਦੀਆਂ ਫੋਟੋ ਕਾਪੀਆਂ ਲੈ ਕੇ ਇਸ ਇੰਟਰਵਿਊ ਵਿੱਚ ਭਾਗ ਲੈ ਸਕਦੇ ਹਨ।ਪ੍ਰਾਰਥੀ ਦਾ ਇੰਟਰਵਿਊ ਲਈ ਫਾਰਮਲ ਡਰੈੱਸ ਵਿੱਚ ਹੋਣਾ ਲਾਜ਼ਮੀ ਹੈ।

35 ਗ੍ਰਾਮ ਹੈਰੋਇਨ ਤੇ ਪਾਬੰਦੀਸ਼ੁਦਾ ਗੋਲੀਆਂ ਸਮੇਤ ਤਿੰਨ ਗ੍ਰਿਫਤਾਰ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਜ਼ਿਲ੍ਹਾ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ 35 ਗ੍ਰਾਮ ਹੈਰੋਇਨ ਤੇ ਪਾਬੰਦੀਸ਼ੁਦਾ ਗੋਲੀਆਂ ਸਮੇਤ ਤਿੰਨ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਵੱਖ ਵੱਖ ਥਾਣਿਆਂ ਵਿੱਚ ਮਾਮਲੇ ਦਰਜ ਕੀਤੇ ਹਨ। ਜਾਣਕਾਰੀ ਦਿੰਦੇ ਹੋਏ ਥਾਣਾ ਕੈਂਟ ਫਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਗੁਰਕੰਵਲਜੀਤ ਕੌਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਸੇਂਟ ਜੋਸਫ ਕਾਨਵੈਂਟ ਸਕੂਲ ਰੋਡ ਨੇੜੇ ਫਿਰੋਜ਼ਪੁਰ ਕੈਂਟ ਨੂੰ ਜਾ ਰਹੀ ਸੀ ਤਾਂ ਖੱਬੇ ਪਾਸੇ ਪੀਰ ਬਾਬੇ ਦੀ ਦਰਗਾਹ ਕੋਲ ਇਕ ਮੋਨਾ ਵਿਅਕਤੀ ਰਾਜ ਕੁਮਾਰ ਉਰਫ ਰਾਜੂ ਉਰਫ ਭੰਗੀ ਪੁੱਤਰੀ ਕੁਲਵਿੰਦਰ ਸਿੰਘ ਵਾਸੀ ਨਵੀਂ ਬਸਤੀ ਜਾਖਲ ਸਟੇਸ਼ਨ ਵਾਲਾ ਰੋਡ ਚਟ ਜ਼ਿਲ੍ਹਾ ਫਤਿਆਬਾਦ ਖੜਾ ਵਿਖਾਈ ਦਿੱਤਾ, ਜਿਸ ਨੂੰ ਸ਼ੱਕੀ ਦੀ ਬਿਨਾ 'ਤੇ ਕਾਬੂ ਕਰਕੇ ਉਸ ਕੋਲੋਂ 30 ਗ੍ਰਾਮ ਹੈਰੋਇਨ ਬਰਾਮਦ ਕੀਤੀ। ਥਾਣਾ ਸਦਰ ਫਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਬਲਦੇਵ ਰਾਜ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਦੌਰਾਨੇ ਗਸ਼ਤ ਨਹਿਰ ਪੁਲ ਖਾਈ ਫੇਮੇ ਕੀ ਫਿਰੋਜ਼ਪੁਰ ਤੋਂ ਗੁਰਮੀਤ ਸਿੰਘ ਪੁੱਤਰ ਕਸ਼ਮੀਰ ਸਿੰਘ ਵਾਸੀ ਪਿੰਡ ਜਲਾਲਵਾਲਾ ਨੂੰ ਸ਼ੱਕ ਦੀ ਬਿਨਾਅ 'ਤੇ ਕਾਬੂ ਕਰਕੇ ਉਸ ਪਾਸੋਂ 680 ਨਸ਼ੀਲੀਆਂ ਗੋਲੀਆਂ ਤੇ 10 ਹਜ਼ਾਰ ਭਾਰਤੀ ਕਰੰਸੀ ਬਰਾਮਕ ਕੀਤੀ। ਥਾਣਾ ਘੱਲ ਖੁਰਦ ਪੁਲਸ ਦੇ ਸਹਾਇਕ ਥਾਣੇਦਾਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਇਲਾਕੇ ਵਿੱਚ ਗਸ਼ਤ ਕਰ ਰਹੀ ਸੀ ਤਾਂ ਦਾਣਾ ਮੰਡੀ ਗਿੱਲ ਕੋਲ ਇਕ ਵਿਅਕਤੀ ਸੂਰਜ ਸਿੰਘ ਪੁੱਤਰ ਬਿੱਕਰ ਸਿੰਘ ਵਾਸੀ ਵਾਰਡ ਨੰਬਰ 08 ਮੁੱਦਕੀ ਪੁਲਸ ਪਾਰਟੀ ਨੂੰ ਵੇਖ ਕੇ ਘਬਰਾ ਗਿਆ, ਜਿਸ ਨੇ ਆਪਣੇ ਹੱਥ ਵਿੱਚ ਫੜੇ ਮੋਮੀ ਲਿਫਾਫੇ ਨੂੰ ਸੁੱਟ ਦਿੱਤਾ। ਪੁਲਸ ਨੇ ਦੱਸਿਆ ਕਿ ਉਕਤ ਵਿਅਕਤੀ ਨੂੰ ਕਾਬੂ ਕਰਕੇ ਸੁੱਟੇ ਹੋਏ ਲਿਫਾਫੇ ਨੂੰ ਚੁਕਵਾ ਕੇ ਚੈੱਕ ਕੀਤਾ ਤਾਂ ਉਸ ਵਿੱਚੋਂ 5 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲੇ ਦਰਜ ਕਰ ਲਏ ਗਏ ਹਨ।

ਕਾਤਰਾਂ

ਨਾਜਾਇਜ਼ ਸ਼ਰਾਬ ਸਮੇਤ ਗ੍ਰਿਫਤਾਰ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਥਾਣਾ ਕੈਂਟ ਫਿਰੋਜ਼ਪੁਰ ਪੁਲਸ ਨੇ ਗਸ਼ਤ ਅਤੇ ਚੈਕਿੰਗ ਦੌਰਾਨ ਇਕ ਵਿਅਕਤੀ ਨੂੰ ਨਾਜਾਇਜ਼ ਸ਼ਰਾਬ ਸਮੇਤ ਗ੍ਰਿਫਤਾਰ ਕਰਕੇ ਉਸ ਖਿਲਾਫ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਸਲਵਿੰਦਰ ਸਿੰਘ ਨੇ ਦੱਸਿਆ ਕਿ ਖਾਸ ਮੁਖਬਰ ਦੀ ਇਤਲਾਹ 'ਤੇ ਇੰਦਰਜੀਤ ਉਰਫ ਸੋਨੂੰ ਪੁੱਤਰ ਵੀਰਪਾਲ ਵਾਸੀ ਮਕਾਨ ਨੰਬਰ 42 ਇੰਦਰਾ ਕਾਲੋਨੀ ਫਿਰੋਜ਼ਪੁਰ ਕੈਂਟ ਕੋਲੋਂ 12 ਬੋਤਲਾਂ ਨਜਾਇਜ਼ ਸ਼ਰਾਬ ਬਰਾਮਦ ਹੋਈ ਹੈ।

ਲੋਕ ਗਾਇਕ ਚਰਨਜੀਤ ਚੰਨੀ ਲੈ ਕੇ ਹਾਜ਼ਰ ਹੈ 'ਅਰਦਾਸ'

ਬੱਧਨੀ ਕਲਾਂ (ਲਵਲੀ ਕੁਮਾਰ)-ਲੋਕ ਗਾਇਕ ਚਰਨਜੀਤ ਚੰਨੀ ਆਪਣੇ ਸਰੋਤਿਆਂ ਦੀ ਕਚਹਿਰੀ 'ਚ ਲੈ ਕੇ ਹਾਜ਼ਰ ਹੈ ਆਪਣਾ ਸਿੰਗਲ ਟਰੈਕ ਧਾਰਮਿਕ ਗੀਤ'ਅਰਦਾਸ'।ਚਰਨਜੀਤ ਚੰਨੀ ਨੇ ਦੱਸਿਆ ਕਿ ਇਸ ਗੀਤ ਨੂੰ ਸੰਗੀਤਕ ਧੁਨਾਂ ਨਾਲ ਸ਼ਿੰਗਾਰਿਆ ਹੈ ਹਰੀ-ਅਮਿਤ ਨੇ ਤੇ ਗੀਤ ਨੂੰ ਕਮਲਬੰਦ ਕੀਤਾ ਹੈ ਸ਼ਿੰਦਾ ਕਾਲਾ ਸੰਘਿਆ ਨੇ।ਗੀਤ ਨੂੰ ਐਸ.ਕੇ.ਐਸ ਕੰਪਨੀ ਨੇ ਰਿਲੀਜ਼ ਕੀਤਾ ਹੈ।ਉਨ੍ਹਾਂ ਦੱਸਿਆ ਕਿ ਇਹ ਗੀਤ ਭਗਤ ਰਵਿਦਾਰ ਮਹਾਰਾਜ ਜੀ ਦੇ 649 ਵੇਂ ਜਨਮ ਦਿਹਾੜੇ ਨੂੰ ਸਮਰਪਤ ਹੈ।ਇਸ ਗੀਤ ਦੀ ਵੀਡੀਓ ਵੱਖ-ਵੱਖ ਧਾਰਮਿਕ ਸਥਾਨਾਂ 'ਤੇ ਫਿਲਮਾਈ ਗਈ ਹੈ।ਇਹ ਗੀਤ ਸੋਸ਼ਲ ਮੀਡੀਆ 'ਤੇ ਰਿਲੀਜ਼ ਹੋ ਚੁੱਕਾ ਹੈ ਤੇ ਆਉਣ ਵਾਲੇ ਦਿਨਾਂ 'ਚ ਵੱਖ-ਵੱਖ ਟੀ.ਵੀ ਚੈਨਲਾਂ 'ਤੇ ਪ੍ਰਕਾਸ਼ਤ ਕੀਤਾ ਜਾਵੇਗਾ।

ਰੇਲਵੇ ਲਾਈਨਾਂ 'ਚੋਂ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲੀ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਪਿੰਡ ਲਹਿਰਾਂ ਧੂਰਕੋਟ ਵਿੱਚੋਂ ਲੰਘ ਰਹੀ ਰੇਲਵੇ ਲਾਈਨਾਂ ਵਿੱਚੋਂ ਕੱਟੀ ਵੱਡੀ ਕੁਚਲੀ ਹੋਈ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲਣ ਦਾ ਸਮਾਚਾਰ ਪ੍ਰਾਪਤ ਹੋਇਆ। ਮਿਲੀ ਜਾਣਕਾਰੀ ਅਨੁਸਾਰ ਸਹਾਰਾ ਸਮਾਜ ਸੇਵਾ ਦੇ ਮੁੱਖੀ ਸੰਦੀਪ ਵਰਮਾ ਨੇ ਦੱਸਿਆ ਕਿ ਸਾਨੂੰ ਰਾਤ ਕਰੀਬ 01 ਵਜੇ ਜੀ ਆਰ ਪੀ, ਰੇਲਵੇ ਪੁਲਸ ਚੌਕੀ ਰਾਮਪੁਰਾ ਤੋਂ ਇਤਲਾਹ ਮਿਲੀ ਕਿ ਰੇਲਵੇ ਲਾਈਨਾਂ ਵਿਚਕਾਰ ਇੱਕ ਲਾਸ਼ ਪਈ ਹੈ ਤਾਂ ਤੁਰੰਤ ਸਹਾਰਾ ਵਲੰਟੀਅਰ ਜਗਤਾਰ ਸਿੰਘ ਤਾਰੀ, ਜਸਪਾਲ ਸਿੰਘ ਹੈਪੀ, ਸੁਖਦੇਵ ਸਿੰਘ ਕਾਲਾ ਸੰਸਥਾ ਦੀ ਐਂਬੂਲੈਂਸ ਲੈ ਕੇ ਘਟਨਾ ਸਥਾਨ 'ਤੇ ਪਹੁੰਚੇ, ਜਦਕਿ ਉਥੇ ਜੀ ਆਰ ਪੀ ਪੁਲਸ ਘਟਨਾ ਸਥਾਨ 'ਤੇ ਮੌਜੂਦ ਸੀ ਲਾਸ਼ ਦੇ ਸਰੀਰ ਦੇ ਟੁਕੜੇ ਕਾਫੀ ਦੂਰੀ ਤੱਕ ਰੇਲਵੇ ਲਾਈਨਾਂ ਵਿਚਕਾਰ ਖਿਲਰੇ ਹੋਏ ਸੀ। ਸਹਾਰਾ ਵੱਲੋਂ ਪੁਲਸ ਦੀ ਮੌਜੂਦਗੀ ਵਿੱਚ ਲਾਸ਼ ਦੇ ਟੁਕੜਿਆਂ ਨੂੰ ਇਕੱਠਾ ਕੀਤਾ ਗਿਆ। ਉਸ ਕੋਲੋਂ ਕੋਈ ਵੀ ਪਹਿਚਾਣ ਪੱਤਰ ਨਹੀਂ ਮਿਲਿਆ। ਲਾਸ਼ ਨੂੰ ਰੇਲਵੇ ਪੁਲਸ ਦੀ ਮੌਜੂਦਗੀ ਵਿੱਚ ਸਹਾਰਾ ਵਰਕਰਾਂ ਨੇ ਸਿਵਲ ਹਸਪਤਾਲ ਰਾਮਪੁਰਾ ਦੀ ਮੋਰਚਰੀ ਵਿੱਚ ਸ਼ਨਾਖਤ ਲਈ 72 ਘੰਟਿਆਂ ਲਈ ਰੱਖ ਦਿੱਤਾ ਗਿਆ ਹੈ।

ਸੀਵਰੇਜ ਦੇ ਪਾਣੀ ਨਾਲ ਲੋਕਾਂ ਦਾ ਜੀਣਾ ਦੁੱਭਰ ਹੋਇਆ : ਹਰਪਾਲ ਸੋਨੂੰ

ਸੰਗਰੂਰ (ਪ੍ਰਵੀਨ ਸਿੰਘ)-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਓ.ਬੀ.ਸੀ ਵਿੰਗ ਦੇ ਵਾਈਸ ਚੇਅਰਮੈਨ ਤੇ ਸੰਗਰੂਰ ਤੋਂ ਪਾਰਟੀ ਦੇ ਮੁੱਖ ਬੁਲਾਰੇ ਹਰਪਾਲ ਸੋਨੂੰ ਵੱਲੋਂ ਆਪਣੇ ਸੋਸ਼ਲ ਮੀਡੀਆ ਅਕਾਊਂਟ ਰਾਹੀਂ ਲਾਈਵ ਹੋ ਕੇ ਵਾਰਡ ਨੰਬਰ 13 ਵਿੱਚ ਪਿਛਲੇ ਕਈ ਦਿਨਾਂ ਤੋਂ ਖੜੇ ਸੀਵਰੇਜ ਦੇ ਗੰਦੇ ਪਾਣੀ ਦੀ ਨਿਕਾਸੀ ਦਾ ਹੱਲ ਨਾ ਹੋਣ ਕਾਰਨ ਪ੍ਰਸ਼ਾਸਨ ਅਤੇ ਸਰਕਾਰ ਨੂੰ ਘੇਰਿਆ ਗਿਆ।ਹਰਪਾਲ ਸੋਨੂੰ ਨੇ ਕਿਹਾ ਕਿ ਜਿੱਥੇ ਗੰਦਾ ਪਾਣੀ ਖੜਾ ਹੈ। ਉਸਦੇ ਨਾਲ ਹੀ ਆਰੀਆ ਸਮਾਜ ਸਕੂਲ ਤੇ ਸ਼੍ਰੀ ਰਾਮ ਲੀਲਾ ਗਰਾਊਂਡ ਪੈਂਦਾ ਹੈ, ਜਿੱਥੋਂ ਰੋਜ਼ਾਨਾ ਸ਼ਹਿਰ ਵਾਸੀਆਂ ਦਾ ਲੰਘਣਾ ਮੁਸ਼ਕਲ ਹੋ ਗਿਆ ਹੈ

10-FEB-PAGE-6.qxd 2/9/2026 10:57 PM Page 1

'ਸੁਰੀਲੇ ਫ਼ਨਕਾਰ ਗਾਇਕੀ' ਮੁਕਾਬਲਾ 15 ਨੂੰ

ਕੋਟਕਪੂਰਾ (ਰਛਪਾਲ ਭੁੱਲਰ)-ਪੰਜਾਬੀ ਲੇਖਕ ਮੰਚ ਫ਼ਰੀਦਕੋਟ ਵੱਲੋਂ ਹਰ ਸਾਲ ਵਾਂਗ ਹੀ 15 ਫਰਵਰੀ ਨੂੰ ਗਾਇਕੀ ਦੇ ਮੁਕਾਬਲੇ 'ਸੁਰੀਲੇ ਫ਼ਨਕਾਰ' ਪ੍ਰੋਗਰਾਮ ਦੇਸ਼ ਭਗਤ ਪੰਡਤ ਚੇਤਨ ਦੇਵ ਸਰਕਾਰੀ ਐਜੂਕੇਸ਼ਨ ਕਾਲਜ ਫਰੀਦਕੋਟ ਵਿਖੇ ਕਰਾਇਆ ਜਾ ਰਿਹਾ ਹੈ।ਮੰਚ ਪ੍ਰਧਾਨ ਮਨਜਿੰਦਰ ਸਿੰਘ ਗੋਲ੍ਹੀ ਤੇ ਮੰਚ ਦੇ ਜਨਰਲ ਸਕੱਤਰ ਡਾ. ਧਰਮ ਪ੍ਰਵਾਨਾ ਨੇ ਦੱਸਿਆ ਕਿ ਇਸ ਸਮਾਗਮ ਦੇ ਮੁੱਖ ਮਹਿਮਾਨ ਜਤਿੰਦਰਪਾਲ ਸਿੰਘ ਵੈਹਣੀਵਾਲ ਐਡੀਸ਼ਨਲ ਜ਼ਿਲ੍ਹਾ ਸੈਸ਼ਨ ਜੱਜ ਫ਼ਰੀਦਕੋਟ ਹੋਣਗੇ ਤੇ ਪ੍ਰਧਾਨਗੀ ਪ੍ਰਿੰਸੀਪਲ ਡਾ. ਰਾਜੇਸ਼ ਮੋਹਨ ਹੋਣਗੇ, ਜਿਸ ਵਿੱਚ ਨਵੇਂ ਤੇ ਪੁਰਾਣੇ ਕਲਾਕਾਰਾਂ ਨੂੰ ਆਪਣੀ ਕਲਾ ਦੇ ਜੌਹਰ ਦਿਖਾਉਣ ਦਾ ਮੌਕਾ ਦਿੱਤਾ ਜਾਵੇਗਾ।ਗਾਇਨ ਮੁਕਾਬਲੇ ਵਿੱਚ ਜੋ ਫਸਟ, ਆਉਂਦਾ ਹੈ, ਉਸ ਗਾਇਕ/ਗਾਇਕਾ ਨੂੰ ਵਿਸ਼ੇਸ਼ ਸਨਮਾਨਤ ਕੀਤਾ ਜਾਵੇਗਾ ਤੇ ਉਸਦੇ ਗੀਤ ਨੂੰ ਵਧੀਆ ਰਿਕਾਰਡ ਕਰਕੇ, ਗੀਤ ਦੀ ਵੀਡੀਓ ਬਣਾ ਕੇ ਵਿਸ਼ਵ ਪੱਧਰ 'ਤੇ ਰਿਲੀਜ਼ ਕੀਤਾ ਜਾਂਦਾ ਹੈ।ਸੋਲੋ ਗੀਤ ਮੁੰਡੇ ਅਤੇ ਕੁੜੀਆਂ ਤੋਂ ਇਲਾਵਾ ਡਿਊਟ ਗੀਤਾਂ ਦੇ ਮੁਕਾਬਲੇ ਵੀ ਕਰਾਏ ਜਾ ਰਹੇ ਹਨ, ਜਿਸ ਵਿੱਚ ਕਲਾਕਾਰ ਗੀਤ ਪ੍ਰਸਿੱਧ ਲੇਖਕ ਸੁਲੱਖਣ ਸਿੰਘ 'ਮੈਹਮੀ' ਪੁਸਤਕ 'ਸੁਰੀਲੇ ਬੋਲ' ਗੀਤ ਸੰਗ੍ਰਹਿ ਵਿੱਚੋਂ ਹੀ ਬੋਲਣੇ ਹੋਣਗੇ।ਪ੍ਰਤੀਯੋਗੀਆਂ ਨੂੰ ਗੀਤ ਸਿਲੈਕਟ ਕਰਨ ਦੀ ਖੁੱਲ੍ਹ ਹੋਵੇਗੀ, ਹਰ ਇੱਕ ਕਲਾਕਾਰ ਨੇ ਦੋ ਗੀਤ ਤਿਆਰ ਕਰਨੇ ਹੋਣਗੇ ਤੇ ਇਹ ਗੀਤ ਜ਼ੁਬਾਨੀ ਪੇਸ਼ ਜ਼ੁਬਾਨੀ ਪੇਸ਼ ਕਰਨੇ ਹੋਣਗੇ।ਕਿਤਾਬ ਤੋਂ ਬਾਹਰ ਕੋਈ ਵੀ ਗੀਤ ਪੇਸ਼ ਨਹੀਂ ਕੀਤਾ ਜਾਵੇਗਾ।

326 ਸਕੂਲਾਂ 'ਚ ਮੈਗਾ ਮਾਪੇ-ਅਧਿਆਪਕ ਮਿਲਣੀ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਜ਼ਿਲ੍ਹਾ ਮੀਡੀਆ ਕੋਆਰਡੀਨੇਟਰ ਪ੍ਰਗਟ ਸਿੰਘ ਜੰਬਰ ਨੇ ਦੱਸਿਆ ਕਿ ਦੋਦਾ, ਗਿੱਦੜਬਾਹਾ, ਲੰਬੀ ਮੁਕਤਸਰ-2, ਮਲੋਟ ਤੇ ਮੁਕਤਸਰ-1 ਬਲਾਕਾ ਦੇ 326 ਸਕੂਲਾ ਵਿੱਚ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀ ਸਿੱਖਿਆ) ਸ੍ਰੀ ਯਾਦਵਿੰਦਰ ਸਿੰਘ ਮਾਨ ਦੀ ਅਗਵਾਈ ਹੇਠ ਬਹੁਤ ਹੀ ਸ਼ਾਨਦਾਰ ਢੰਗ ਨਾਲ ਮੈਗਾ ਮਾਪੇ ਅਧਿਆਪਕ ਮਿਲਣੀ ਕਰਾਈ ਗਈ।ਜ਼ਿਲ੍ਹੇ ਦੇ ਹਜ਼ਾਰਾਂ ਅਧਿਆਪਕਾ ਵੱਲੋਂ ਲੱਖਾਂ ਮਾਪਿਆਂ ਨਾਲ ਮਿਲਣੀ ਦੌਰਾਨ ਸਕੂਲਾਂ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ ਗਈ।ਅਧਿਆਪਕਾ ਵੱਲੋਂ ਵਿਦਿਆਰਥੀਆਂ ਨੂੰ ਦਿੱਤੀ ਜਾ ਰਹੀ ਵਿਗਿਆਨਕ ਤਕਨੀਕ ਰਾਹੀਂ ਸਿੱਖਿਆ ਬਾਰੇ ਦੱਸਿਆ ਗਿਆ।ਪਿਛਲੇ ਤਿੰਨ ਸਾਲਾਂ ਵਿੱਚ ਸਕੂਲ ਵਿੱਚ ਹੋਈਆਂ ਤਬਦੀਲੀਆਂ ਬਾਰੇ ਦੱਸਿਆ ਗਿਆ ਸਕੂਲਾਂ ਵਿੱਚ ਪ੍ਰਾਜੈਕਟਰ ਅਤੇ ਪੈਨਲ ਲੱਗੇ ਹੋਏ ਹਨ, ਜਿਸ ਨਾਲ ਆਧੁਨਿਕ ਢੰਗ ਨਾਲ ਪੜ੍ਹਾਇਆ ਜਾਂਦਾ ਹੈ।ਸਰਕਾਰੀ ਸਕੂਲਾਂ ਵਿੱਚ ਸਿੱਖਿਆ ਬਿਲਕੁਲ ਮੁਫਤ ਹੈ।ਮੈਡੀਕਲ ਸਹੂਲਤਾਂ ਹਨ।ਕਿਤਾਬਾਂ, ਵਰਦੀਆਂ ਤੇ ਦੁਪਹਿਰ ਦਾ ਖਾਣਾ ਮੁਫ਼ਤ ਦਿੱਤਾ ਜਾਂਦਾ ਹੈ।ਮੈਗਾ ਮਾਪੇ ਅਧਿਆਪਕ ਮਿਲਣੀ ਨੂੰ ਸਫਲ ਬਣਾਉਣ ਲਈ ਬੀਪੀਈਓਜ਼ ਸਰਵਸ਼੍ਰੀ ਜਗਦੀਪ ਸਿੰਘ, ਮਨੋਜ ਕੁਮਾਰ ਬੇਦੀ, ਬਲਵਿੰਦਰ ਸਿੰਘ ਅਤੇ ਯਸ਼ਪਾਲ ਸਿੰਘ ਨੇ ਆਪੋ ਆਪਣੇ ਬਲਾਕਾ ਵਿੱਚ ਬਹੁਤ ਵਧੀਆ ਕੰਮ ਕੀਤਾ।

ਸਰਕਾਰ ਪੈਨਸ਼ਨਰ, ਮੁਲਾਜ਼ਮ, ਕਿਸਾਨ ਤੇ ਮਜ਼ਦੂਰ ਵਿਰੋਧੀ : ਕੌਸ਼ਲ

ਦੋਰਾਹਾ (ਹਰਮਿੰਦਰ ਸੇਠ)-ਗੌਰਮਿੰਟ ਪੈਨਸ਼ਨਰਜ਼ ਐਸਸੀਏਸ਼ਨ ਦੀ ਪਵਨ ਕੁਮਾਰ ਕੌਸ਼ਲ ਦੀ ਸਰਪ੍ਰਸਤੀ ਹੇਠ ਹੋਈ ਮੀਟਿੰਗ ਵਿੱਚ ਆਮ ਆਦਮੀ ਪਾਰਟੀ ਦੀ ਪਿਛਲੇ ਚਾਰ ਸਾਲ ਦੀ ਕਾਰਗੁਜਾਰੀ ਦੀ ਚੀਰ ਫਾੜ ਕਰਦੇ ਹੋਏ ਹੁਣ ਤੱਕ ਦੀ ਸਭ ਤੋਂ ਵੱਧ ਘਟੀਆ ਤੇ ਕੰਮ ਕਾਜ ਵਿੱਚ ਸਭ ਤੋਂ ਵਧ ਭ੍ਰਿਸ਼ਟ ਪੈਨਸ਼ਨਰ, ਮੁਲਾਜ਼ਮ, ਕਿਸਾਨ ਤੇ ਮਜ਼ਦੂਰ ਅਤੇ ਲੋਕ ਵਿਰਧੀ ਤੇ ਕਾਰਪੋਰੇਟ ਘਰਾਣਿਆਂ ਪੱਖੀ ਨਖਿੱਧ ਸਰਕਾਰ ਸਾਬਤ ਹੋਈ ਹੈ।ਆਪਣੇ ਹੱਕਾਂ ਲਈ ਸੰਘਰਸ਼ਸ਼ੀਲ ਲੋਕਾਂ, ਮੁਲਜ਼ਮਾਂ, ਪੈਨਸ਼ਨਰਾਂ, ਕਿਸਾਨਾਂ ਤੇ ਮਜ਼ਦੂਰਾਂ ਦੇ ਸੰਘਰਸ਼ ਨੂੰ ਪੁਲਿਸ ਦੇ ਅੱਤਿਆਚਾਰ ਨਾਲ ਦਬਾਉਣ ਲਈ ਤਾਨਾਸ਼ਾਹੀ ਢੰਗ ਅਪਣਾ ਰਹੀ ਹੈ, ਜਿਸਦਾ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਡਟ ਕੇ ਵਿਰੋਧ ਕਰਦੀ ਹੈ।ਮੀਟਿੰਗ ਵਿੱਚ ਆਪਣੀਆਂ ਜਾਇਜ਼ ਤੇ ਹੱਕੀ ਮੰਗਾਂ ਜਿਨ੍ਹਾਂ ਨੂੰ ਆਮ ਆਦਮੀ ਪਾਰਟੀ ਨੇ ਚੋਣਾਂ ਦੌਰਾਨ ਸਰਕਾਰ ਬਣਨ ਤੇ ਤੁਰੰਤ ਲਾਗੂ ਕਰਨ ਦੇ ਵਾਅਦੇ ਕੀਤੇ ਸਨ, ਨੂੰ ਲਾਗੂ ਕਰਨ ਤੋਂ ਭੱਜ ਰਹੀ ਹੈ ਤੇ ਝੂਠੀ ਇਸ਼ਤਿਹਾਰਬਾਜ਼ੀ ਤੇ ਐਸ਼ੋ ਆਰਾਮ ਲਈ ਲੋਕਾਂ ਦੀ ਕੀਮਤ ਤੇ ਸਰਕਾਰੀ ਖਜ਼ਾਨੇ ਦੀ ਅੰਨ੍ਹੀ ਲੁੱਟ ਕਰ ਰਹੀ ਹੈ।ਨਿੱਤ ਵਿਗੜਦੀ ਜਾ ਰਹੀ ਅਮਨ ਕਾਨੂੰਨ ਦੀ ਹਾਲਤ ਨਿੱਤ ਵਾਪਰ ਰਹੀਆਂ ਕਤਲ ਲੁੱਟ ਖੋਹ ਦੀਆਂ ਵਾਪਰਦੀਆਂ ਘਟਨਾਵਾਂ ਉੱਪਰ ਚਿੰਤਾ ਪ੍ਰਗਟ ਕੀਤੀ ਗਈ। ਪੈਨਸ਼ਨਰਜ਼ ਤੇ ਮੁਲਾਜ਼ਮਾਂ ਦੀਆਂ ਜਾਇਜ਼ ਅਤੇ ਹੱਕੀ ਮੰਗਾਂ, ਜਿਨ੍ਹਾਂ ਵਿੱਚ ਪੈਨਸ਼ਨ ਦੁਹਰਾਈ 2.59 ਗੁਣਾਕ ਨਾਲ ਕਰਨਾ, ਡਾਕਟਰੀ ਇਲਾਜ ਲਈ ਕੈਸ਼ਲੈੱਸ ਸਕੀਮ ਲਾਗੂ ਕਰਨਾ ਪੰਜਾਬ ਵਿੱਚ ਲਾਗੂ ਕੀਤੀ ਜਾ ਰਹੀ 'ਮੁੱਖ ਮੰਤਰੀ ਸਿਹਤ ਯੋਜਨਾ' ਸਕੀਮ ਇੱਕ ਧੋਖਾ ਹੈ।ਲੰਬਿਤ 16% ਡੀ ਏ ਅਤੇ ਉਨ੍ਹਾਂ ਦੇ ਬਜਾਏ ਦੀ ਤੁਰੰਤ ਅਦਾਇਗੀ ਕਰਨਾ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨਾ ਆਦਿ ਸ਼ਾਮਲ ਹਨ।ਕਿਰਤ ਕਾਨੂੰਨਾਂ ਵਿੱਚ ਮਜ਼ਦੂਰ ਵਿਰੋਧ ਸੋਧਾਂ ਕਰਕੇ ਚਾਰ ਕੋਡ ਲਾਗੂ ਕਰਨ ਵਿਰੁੱਧ ਕੇਂਦਰ ਦੀਆਂ ਪ੍ਰਮੁੱਖ ਟਰੇਡ ਯੂਨੀਅਨਾਂ ਵੱਲੋਂ 12 ਫਰਵਰੀ ਨੂੰ ਦੇਸ਼ ਭਰ ਵਿੱਚ ਕੀਤੀ ਜਾ ਰਹੀ ਹੜਤਾਲ ਦਾ ਡਟ ਕੇ ਸਮਰਥਨ ਕਰਨ ਦਾ ਫੈਸਲਾ ਕੀਤਾ ਗਿਆ।

ਪੰਜਾਬ ਸਟੇਟ ਮਾਸਟਰਜ਼ ਬੈਡਮਿੰਟਨ ਚੈਂਪੀਅਨਸ਼ਿਪ ਦਾ ਸ਼ਾਨਦਾਰ ਆਗਾਜ਼

ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)-ਬਾਬਾ ਸ਼ੇਖ ਫਰੀਦ ਜੀ ਦੀ ਚਰਨ ਛੋਹ ਪ੍ਰਾਪਤ ਪਾਵਨ ਧਰਤੀ ਖੇਡਾਂ ਦੇ ਰੰਗ ਵਿੱਚ ਰੰਗੀ ਨਜ਼ਰ ਆਈ।ਜ਼ਿਲ੍ਹਾ ਬੈਡਮਿੰਟਨ ਐਸੋਸੀਏਸ਼ਨ ਵੱਲੋਂ ਪੰਜਾਬ ਬੈਡਮਿੰਟਨ ਐਸੋਸੀਏਸ਼ਨ ਦੀ ਸਰਪ੍ਰਸਤੀ ਹੇਠ 'ਪੰਜਾਬ ਸਟੇਟ ਮਾਸਟਰਜ਼ ਬੈਡਮਿੰਟਨ ਚੈਂਪੀਅਨਸ਼ਿਪ 2026' ਦਾ ਸ਼ਾਨੋ-ਸ਼ੌਕਤ ਨਾਲ ਉਦਘਾਟਨ ਕੀਤਾ ਗਿਆ।ਇਸ ਰਾਜ ਪੱਧਰੀ ਸਮਾਗਮ ਵਿੱਚ ਐਸ.ਡੀ.ਐਮ. ਫ਼ਰੀਦਕੋਟ ਮੇਜਰ ਡਾ. ਵਰੁਣ ਕੁਮਾਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕੀਤੀ।ਚੈਂਪੀਅਨਸ਼ਿਪ ਦੀ ਖ਼ਾਸੀਅਤ ਇਹ ਹੈ ਕਿ ਇਸ ਵਿੱਚ 35 ਸਾਲ ਤੋਂ ਲੈ ਕੇ 75 ਸਾਲ ਤੱਕ ਦੇ ਵੈਟਰਨ ਖਿਡਾਰੀ ਹਿੱਸਾ ਲੈ ਰਹੇ ਹਨ।ਟੂਰਨਾਮੈਂਟ ਦੌਰਾਨ ਸਿੰਗਲਜ਼ (ਪੁਰਸ਼/ਮਹਿਲਾ), ਡਬਲਜ਼ (ਪੁਰਸ਼/ਮਹਿਲਾ) ਤੇ ਮਿਕਸ ਡਬਲਜ਼ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ, ਜਿੱਥੇ ਖਿਡਾਰੀਆਂ ਵਿੱਚ ਨੌਜਵਾਨਾਂ ਵਰਗਾ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।ਪੰਜਾਬ ਬੈਡਮਿੰਟਨ ਐਸੋਸੀਏਸ਼ਨ ਦੇ ਆਨਰੇਰੀ ਸੈਕਟਰੀ ਸ੍ਰੀ ਰਿਤਿਕ ਖੰਨਾ ਨੇ ਫ਼ਰੀਦਕੋਟ ਇਕਾਈ ਵੱਲੋਂ ਕੀਤੇ ਗਏ ਉੱਚ ਪੱਧਰੀ ਪ੍ਰਬੰਧਾਂ ਦੀ ਰੱਜ ਕੇ ਤਾਰੀਫ਼ ਕੀਤੀ।ਉਨ੍ਹਾਂ ਕਿਹਾ: ਫ਼ਰੀਦਕੋਟ ਜ਼ਿਲ੍ਹੇ ਵਿੱਚ ਇਹ ਆਪਣੀ ਕਿਸਮ ਦਾ ਪਹਿਲਾ ਮਾਸਟਰਜ਼ ਟੂਰਨਾਮੈਂਟ ਹੈ।ਅਜਿਹੇ ਆਯੋਜਨ ਸੂਬੇ ਵਿੱਚ ਖੇਡ ਸੰਸਕ੍ਰਿਤੀ ਨੂੰ ਨਵੀਆਂ ਉਚਾਈਆਂ 'ਤੇ ਲੈ ਕੇ ਜਾਣਗੇ।

ਕਾਸ਼ੀ ਤੋਂ ਸੇਵਾ ਕਰਕੇ ਵਾਪਸ ਪਰਤੇ ਸੇਵਾਦਾਰਾਂ ਦਾ ਸਨਮਾਨ

ਮਹਿਲ ਕਲਾਂ (ਬਲਵਿੰਦਰ ਸਿੰਘ ਵਜੀਦਕੇ)-ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜਨਮ ਅਸਥਾਨ ਕਾਂਸ਼ੀ ਵਿਖੇ ਧਾਰਮਿਕ ਸਮਾਗਮਾਂ 'ਚ ਸੇਵਾ ਨਿਭਾਉਣ ਉਪਰੰਤ ਵਾਪਸ ਪਰਤੇ ਸਮੂਹ ਸੇਵਾਦਾਰਾਂ ਦਾ ਪਿੰਡ ਲੋਹਗੜ੍ਹ (ਬਰਨਾਲਾ) ਪਹੁੰਚਣ 'ਤੇ ਗੁਰਦੁਆਰਾ ਸਾਹਿਬ ਗੁਰੂ ਰਵਿਦਾਸ ਪ੍ਰਬੰਧਕ ਕਮੇਟੀ ਵੱਲੋਂ ਭਰਵਾਂ ਸਵਾਗਤ ਕਰਦਿਆਂ ਸਨਮਾਨਤ ਕੀਤਾ ਗਿਆ।ਇਸ ਮੌਕੇ ਮੁੱਖ ਸੇਵਾਦਾਰ ਭਾਈ ਮਹਿੰਦਰ ਸਿੰਘ ਨੇ ਕਿਹਾ ਕਿ ਸਾਨੂੰ ਆਪਣੇ ਗੁਰੂ ਸਾਹਿਬਾਨ, ਰਹਿਬਰਾਂ ਨੂੰ ਹਮੇਸ਼ਾ ਯਾਦ ਰੱਖ ਕੇ ਉਨ੍ਹਾਂ ਦੇ ਪਾਏ ਪੂਰਨਿਆਂ 'ਤੇ ਚੱਲਣਾ ਚਾਹੀਦਾ ਹੈ।ਉਨ੍ਹਾਂ ਦੱਸਿਆ ਕਿ ਹਰ ਸਾਲ ਵਾਂਗ ਇਸ ਵਾਰ ਵੀ ਸ਼ਰਧਾਲੂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਕਾਂਸ਼ੀ ਬਨਾਰਸ ਪਹੁੰਚ ਕੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੂੰ ਸਿਜਦਾ ਕਰਕੇ ਸੇਵਾ ਵਿੱਚ ਅਹਿਮ ਯੋਗਦਾਨ ਪਾਇਆ, ਜੋ ਸ਼ਲਾਘਾਯੋਗ ਹੈ।ਇਸ ਮੌਕੇ ਬਿੰਦਰ ਸਿੰਘ, ਜਗਦੇਵ ਸਿੰਘ, ਜੱਗਾ ਸਿੰਘ, ਮਹਿੰਦਰ ਸਿੰਘ, ਬਲਜੀਤ ਸਿੰਘ, ਗੁਰਪ੍ਰੀਤ ਸਿੰਘ, ਪ੍ਰਦੀਪ ਸਿੰਘ ਲੋਹਗੜ੍ਹ, ਜਸਕਰਨ ਸਿੰਘ, ਲਵਪ੍ਰੀਤ ਸਿੰਘ, ਵੀਰਪਾਲ ਕੌਰ, ਗੁਰਪ੍ਰੀਤ ਕੌਰ, ਭਿੰਦਰ ਕੌਰ, ਪਵਨਦੀਪ ਕੌਰ ਆਦਿ ਸੇਵਾਦਾਰਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

ਸ੍ਰੀ ਘਨਸ਼ਿਆਮ ਥੋਰੀ ਜੀ ਆਈ.ਏ.ਐਸ. ਵਿਸ਼ੇਸ਼ ਸਕੱਤਰ ਸਿਹਤ ਤੇ ਪਰਵਾਰ ਭਲਾਈ ਵਿਭਾਗ ਨੂੰ ਪ੍ਰਸਿੱਧ ਸੁਤੰਤਰਤਾ ਸੈਨਾਨੀ ਕਾਮਰੇਡ ਜਗਦੀਸ਼ ਚੰਦਰ ਦੇ ਸਪੁੱਤਰ ਨਾਵਲਕਾਰ ਤੇ ਕਹਾਣੀਕਾਰ ਸ੍ਰੀ ਬਲਰਾਜ ਉਬਰਾਏ ਬਾਜ਼ੀ ਗੁਲਦਸਤਾ ਭੇਟ ਕਰਦੇ ਹੋਏ। ਨਾਲ ਸ੍ਰੀ ਅਨੁਰਾਗ ਉਬਰਾਏ ਅਤੇ ਸ੍ਰੀ ਚਰਨਜੀਤ ਵੀ ਮੌਜੂਦ ਹਨ। (ਫੋਟੋ ਤੇ ਵੇਰਵਾ : ਪ੍ਰਵੀਨ ਸਿੰਘ, ਸੰਗਰੂਰ)

ਕਿਸਾਨਾਂ 'ਤੇ ਝੂਠੇ ਪਰਚਿਆਂ ਖਿਲਾਫ਼ ਸੰਘਰਸ਼ ਦਾ ਐਲਾਨ

ਦਿੜ੍ਹਬਾ (ਜਸਵੀਰ ਲਾਡੀ)-ਕਿਸਾਨ ਯੂਨੀਅਨ ਉਗਰਾਹਾਂ ਦੇ ਸੱਦੇ 'ਤੇ ਬਠਿੰਡਾ ਦੇ ਉੱਚ ਅਧਿਕਾਰੀਆਂ ਦਾ ਘਿਰਾਓ ਕਰਨ ਜਾ ਰਹੇ ਵੱਡੀ ਗਿਣਤੀ 'ਚ ਕਿਸਾਨਾਂ-ਮਜ਼ਦੂਰਾਂ ਦੇ ਕਾਫ਼ਲਿਆਂ ਨੂੰ ਰਸਤਿਆਂ 'ਚ ਹੀ ਬੈਰੀਕੇਡ ਲਾ ਕੇ ਜਬਰਨ ਰੋਕਣਾ ਅਤੇ ਰੋਕਣ ਉਪਰੰਤ ਪੁਲਸ ਪ੍ਰਸ਼ਾਸਨ ਵੱਲੋਂ ਉਨ੍ਹਾਂ 'ਤੇ ਅੰਨ੍ਹੇਵਾਹ ਲਾਠੀਚਾਰਜ ਤੇ ਤਸ਼ੱਦਦ ਕਰਨ ਦੀ ਸਖਤ ਸ਼ਬਦਾਂ 'ਚ ਨਿੰਦਿਆ ਕਰਦਿਆਂ ਪੰਜਾਬ ਨੰਬਰਦਾਰ ਯੂਨੀਅਨ ਦੇ ਸੂਬਾ ਜਰਨਲ ਸਕੱਤਰ ਰਣ ਸਿੰਘ ਮਹਿਲਾਂ ਨੇ ਕਿਹਾ ਕਿ ਸਰਕਾਰ ਤੇ ਪ੍ਰਸ਼ਾਸਨ ਵੱਲੋਂ ਹੱਕ ਸੱਚ ਦੀ ਅਵਾਜ਼ ਨੂੰ ਦਬਾਉਣ ਦੀ ਕੀਤੀ ਘਿਨਾਉਣੀ ਹਰਕਤ ਲੋਕਤੰਤਰ ਅਤੇ ਜਮਹੂਰੀਅਤ ਦਾ ਕਤਲ ਹੈ, ਜਦਕਿ ਭਾਰਤੀ ਸੰਵਿਧਾਨ ਦੇ ਤਹਿਤ ਦੇਸ਼ ਦੇ ਹਰ ਵਰਗ ਅਤੇ ਹਰ ਨਾਗਰਿਕ ਨੂੰ ਇਹ ਅਧਿਕਾਰ ਹਾਸਲ ਹੈ ਕਿ ਆਪਣੀਆਂ ਮੰਗਾਂ ਮੰਨਵਾਉਣ ਲਈ ਸ਼ਾਂਤਮਈ ਢੰਗ ਨਾਲ ਰੋਸ ਪ੍ਰਦਰਸ਼ਨ ਕਰਕੇ ਆਪਣੀ ਅਵਾਜ਼ ਸਰਕਾਰ ਤੱਕ ਪਹੁੰਚ ਸਕੇ।ਉਨ੍ਹਾਂ ਦੱਸਿਆ ਕਿ ਚੌਕੇ ਪਿੰਡ ਦੇ ਸਕੂਲ ਵਿੱਚ ਹੋਏ ਵੱਡੇ ਘਪਲੇ ਦੀ ਪੋਲ ਖੋਲ੍ਹਣ ਵਾਲਿਆਂ ਤੇ ਉਨ੍ਹਾਂ ਦੀ ਹਮਾਇਤ ਕਰਨ ਵਾਲਿਆਂ 'ਤੇ ਝੂਠੇ ਕੇਸ ਪਾ ਜੇਲ੍ਹ ਭੇਜੇ ਗਏ ਆਗੂਆਂ ਤੇ ਕੀਤੇ ਪਰਚਿਆਂ ਨੂੰ ਖਾਰਜ ਕਰਾਉਣਾ ਤੇ ਘਪਲਾ ਕਰਨ ਵਾਲੇ ਅਸਲ ਦੋਸੀਆਂ ਖਿਲਾਫ ਕਾਰਵਾਈ ਕਰਨ ਹਿਤ ਇਹ ਮੋਰਚਾ ਲਾਇਆ ਜਾ ਰਿਹਾ ਸੀ, ਪਰ ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਵੱਡੀ ਪੱਧਰ ਤੇ ਪੁਲਸ ਤਾਇਨਾਤ ਕਰਕੇ ਆਗੂਆਂ ਨੂੰ ਗ੍ਰਿਫਤਾਰ ਕਰ ਕੇ ਵੀ ਇਹ ਮੋਰਚਾ ਫੇਲ੍ਹ ਕਰਨ ਅਸਫਲ ਰਹੀ, ਦ੍ਰਿੜ੍ਹ ਇਰਾਦਿਆਂ ਨਾਲ ਤੁਰੇ ਲੋਕਾਂ ਨੇ ਵੱਡੇ ਪੱਧਰ 'ਤੇ ਗ੍ਰਿਫ਼ਤਾਰੀ ਦੇ ਕੇ ਪ੍ਰਸ਼ਾਸਨ ਦੀ ਵਿਉਂਤਵੰਦੀ ਨਾਕਾਮ ਕਰ ਦਿੱਤੀ ਤੇ ਘਟਨਾਕ੍ਰਮ ਪ੍ਰਤੀ ਜਨਤਾ 'ਚ ਸਰਕਾਰ ਅਤੇ ਪ੍ਰਸ਼ਾਸਨ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ।

ਮੋਦੀ ਸਰਕਾਰ ਮਨਰੇਗਾ ਨੂੰ ਖਤਮ ਕਰਕੇ ਗਰੀਬਾਂ ਤੋਂ ਰੁਜ਼ਗਾਰ ਖੋਹਣਾ ਚਾਹੁੰਦੀ : ਹੀਨਾ ਕਾਵਰੇ

ਸਮਾਣਾ (ਇਕਬਾਲ ਸਿੰਘ ਬੱਲ)-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ (ਦਿਹਾਤੀ) ਤੇ ਸ਼ਹਿਰੀ ਦੀ ਵਿਸ਼ੇਸ਼ ਮੀਟਿੰਗ ਜ਼ਿਲ੍ਹਾ ਕਾਂਗਰਸ ਪਟਿਆਲਾ ਦਿਹਾਤੀ ਦੇ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਤੇ ਸ਼ਹਿਰੀ ਪ੍ਰਧਾਨ ਨਰੇਸ਼ ਦੁੱਗਲ ਦੀ ਅਗਵਾਈ ਹੇਠ ਹੋਟਲ ਐੱਮ ਐੱਲ ਪ੍ਰਾਈਡ ਵਿਖੇ ਹੋਈ, ਜਿਸ ਵਿੱਚ ਪੰਜਾਬ ਕਾਂਗਰਸ ਦੇ ਸਹਿ-ਇੰਚਾਰਜ ਤੇ ਏ ਆਈ ਸੀ ਸੀ ਸੈਕਟਰੀ ਵਿਧਾਇਕ ਹੀਨਾ ਕਾਵਰੇ ਵਰਕਰਾਂ ਨੂੰ ਮਿਲਣ ਲਈ ਵਿਸ਼ੇਸ਼ ਤੌਰ 'ਤੇ ਪੁੱਜੇ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਹੀਨਾ ਕਾਵਰੇ ਨੇ ਕਿਹਾ ਕਿ ਦੇਸ਼ ਦੀ ਮੋਦੀ ਸਰਕਾਰ ਪੰਜਾਬ ਸਮੇਤ ਭਾਰਤ ਦੇ ਵੱਖ-ਵੱਖ ਸੂਬਿਆਂ ਵਿੱਚ ਕਾਂਗਰਸ ਦੇ ਡਾਕਟਰ ਮਨਮੋਹਨ ਸਿੰਘ ਵੱਲੋਂ ਚਲਾਈ ਮਨਰੇਗਾ ਸਕੀਮ ਨੂੰ ਖਤਮ ਕਰਕੇ ਗਰੀਬਾਂ ਤੋਂ ਰੁਜ਼ਗਾਰ ਖੋਹਣਾ ਚਾਹੁੰਦੀ ਹੈ।ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਬੜੀ ਡੂੰਘੀ ਚਾਲ ਚੱਲ ਰਹੀ ਹੈ ਤੇ ਗਰੀਬਾਂ ਨੂੰ ਰੁਜ਼ਗਾਰ

10-February - Page-7-Advt-26-D.qxd 2/9/2026 10:53 PM Page 1

ਮਾਂ ਬੋਲੀ ਨੂੰ ਸਮਰਪਤ ਸੈਮੀਨਾਰ ਤੇ ਕਵੀ ਦਰਬਾਰ 19 ਨੂੰ

ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਫੋਕਲੋਰ ਰਿਸਰਚ ਅਕੈਡਮੀ ਅੰਮ੍ਰਿਤਸਰ ਅਤੇ ਪ੍ਰਗਤੀਸ਼ੀਲ ਲੇਖਕ ਸੰਘ ਜ਼ਿਲ੍ਹਾ ਅੰਮ੍ਰਿਤਸਰ ਦੀ ਇੱਕ ਮੀਟਿੰਗ ਵਿਰਸਾ ਵਿਹਾਰ ਵਿਖੇ ਰਮੇਸ਼ ਯਾਦਵ ਅਤੇ ਭੁਪਿੰਦਰ ਸਿੰਘ ਸੰਧੂ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ 19 ਫਰਵਰੀ ਨੂੰ ਪੰਜਾਬੀ ਮਾਤ ਭਾਸ਼ਾ ਦਿਵਸ ਦੇ ਸਬੰਧ ਵਿੱਚ ਸੈਮੀਨਾਰ ਅਤੇ ਕਵੀ ਦਰਬਾਰ ਕਰਵਾਉਣ ਦਾ ਫੈਸਲਾ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਉਕਤ ਆਗੂਆਂ ਨੇ ਦੱਸਿਆ ਕਿ ਸਰੂਪ ਰਾਣੀ ਸਰਕਾਰੀ ਕੰਨਿਆ ਕਾਲਜ ਅੰਮ੍ਰਿਤਸਰ ਵਿਖੇ ਹੋਣ ਵਾਲਾ ਇਹ ਸਮਾਗਮ ਨਾਟਕਕਾਰ ਜਤਿੰਦਰ ਸਿੰਘ ਬਰਾੜ ਨੂੰ ਸਮਰਪਿਤ ਹੋਵੇਗਾ, ਸੈਮੀਨਾਰ ਵਿੱਚ ਮੁੱਖ ਬੁਲਾਰੇ ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਦੇ ਜਨਰਲ ਸਕੱਤਰ ਡਾ. ਕੁਲਦੀਪ ਸਿੰਘ ਦੀਪ ਅਤੇ ਰੋਜ਼ਾਨਾ 'ਅਜੀਤ' ਦੇ ਕਾਰਜਕਾਰੀ ਸੰਪਾਦਕ ਸਤਨਾਮ ਸਿੰਘ ਮਾਣਕ ਹੋਣਗੇ। ਇਸ ਮੌਕੇ ਵੱਖ-ਵੱਖ ਸਕੂਲਾਂ ਦੇ ਪੰਜ ਅਧਿਆਪਕਾਂ ਦਾ ਸਨਮਾਨ ਕੀਤਾ ਜਾਵੇਗਾ ਅਤੇ ਸ਼ਾਇਰ ਸੁਖਬੀਰ ਸਿੰਘ ਭੁੱਲਰ ਦੀ ਕਾਵਿ ਪੁਸਤਕ 'ਹਵਾ 'ਚ ਲਟਕਦੇ ਪਲ' ਲੋਕ ਅਰਪਣ ਕੀਤੀ ਜਾਵੇਗੀ। ਇਸ ਸਮੇਂ ਹਾਜ਼ਰ ਕਵੀਆਂ ਦਾ ਮਾਂ ਬੋਲੀ ਨੂੰ ਸਮਰਪਿਤ ਕਵੀ ਦਰਬਾਰ ਵੀ ਹੋਵੇਗਾ। ਇਸ ਸਮਾਗਮ ਦੀਆਂ ਤਿਆਰੀਆਂ ਸਬੰਧੀ ਹੋਈ ਇਕੱਤਰਤਾ ਵਿੱਚ ਸੁਖਬੀਰ ਸਿੰਘ ਭੁੱਲਰ, ਹਰਜੀਤ ਸਿੰਘ ਸਰਕਾਰੀਆ, ਕਮਲ ਗਿੱਲ, ਧਰਵਿੰਦਰ ਸਿੰਘ ਔਲਖ, ਕਰਮਜੀਤ ਕੌਰ ਜੱਸਲ, ਮਨਜੀਤ ਸਿੰਘ ਧਾਲੀਵਾਲ, ਜਗਰੂਪ ਸਿੰਘ ਐਮਾ, ਹਰੀਸ਼ ਸਾਬਰੀ, ਜਸਵੰਤ ਸਿੰਘ ਰੰਧਾਵਾ, ਡਾ. ਪ੍ਰਭਜੋਤ ਕੌਰ ਸੰਧੂ, ਬਲਵਿੰਦਰ ਕੌਰ ਪੰਧੇਰ ਅਤੇ ਸਤੀਸ਼ ਝੀਂਗਣ ਆਦਿ ਹਾਜ਼ਰ ਸਨ।

ਕਲਾਸੀਫਾਈਡ ਇਸ਼ਤਿਹਾਰ

Public Notice

I Rakesh Kumar s/o Kura Ram # V.P.O. Chuhar Majra Tehsil Dhand Kaithal Haryana declares that on my Passport No.P1547612 my name is written as Rakesh Kumar. But I want to add my first name as Rakesh and last name as Kumar. Please rectify my Passport as above and Reissue accordingly.

I, Rajni Sharma W/o Surinder Panday R/o H.No. 240-B, Seth Hukam Chand Colony, Jalandhar, Punjab declare that my son Mani Sharma Age 23 years is out of my control. I disinherit him from my moveable and immovable properties. I and my family shall not be held responsible for any of his acts, deeds and things. All please note.

ਆਮ ਸੂਚਨਾ

ਖਾਤਾ ਨੰਬਰ ਏ ਪੀ 36/130 ਜੋ ਕਿ ਪਿੰਡ ਸਿਰਸੀਵਾਲਾ ਵਿਖੇ ਰਾਮ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਸਿਰਸੀਵਾਲਾ ਦੇ ਨਾਂਅ 'ਤੇ ਚਲਦਾ ਹੈ। ਇਸ ਕੁਨੈਕਸ਼ਨ ਨੂੰ ਬਹਾਲ ਸਿੰਘ ਪੁੱਤਰ ਰੂਪ ਸਿੰਘ ਸਿਰਸੀਵਾਲਾ ਆਪਣੇ ਨਾਂਅ ਕਰਵਾਉਣਾ ਚਾਹੁੰਦਾ ਹੈ। ਇਸ ਸੰਬੰਧੀ ਜੇਕਰ ਕਿਸੇ ਵਿਅਕਤੀ ਨੂੰ ਇਤਰਾਜ਼ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਪੀ ਐੱਸ ਪੀ ਸੀ ਐੱਲ ਦਫ਼ਤਰ ਬਰੇਟਾ ਵਿਖੇ ਸੰਪਰਕ ਕਰ ਸਕਦਾ ਹੈ।

ਮੈਂ ਓਮ ਪ੍ਰਕਾਸ਼ ਪੁੱਤਰ ਬਦਰੀ ਨਾਥ ਵਾਸੀ ਮਕਾਨ ਨੰ. 32 ਮੁਹੱਲਾ 11, ਜਲੰਧਰ-2, 144005, ਜਲੰਧਰ ਸੂਚਿਤ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਦੀਪਕ ਸ਼ਰਮਾ ਅਤੇ ਉਸ ਦੀ ਪਤਨੀ ਪ੍ਰੀਆ ਸ਼ਰਮਾ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਸਨ। ਇਸ ਲਈ ਉਹਨਾਂ ਨੂੰ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ 03-01-2020 ਨੂੰ ਕੀਤਾ ਸੀ। ਮੇਰੇ ਲੜਕੇ ਦਾ ਤਲਾਕ ਹੋ ਚੁੱਕਾ ਹੈ। ਹੁਣ ਮੇਰਾ ਲੜਕਾ ਦੀਪਕ ਸ਼ਰਮਾ ਮੇਰੇ ਕਹਿਣਕਾਰ ਹੈ। ਇਸ ਲਈ ਮੈਂ ਉਸ ਦੀ ਬੇਦਖਲੀ ਮਿਤੀ 03-01-2020 ਕੀਤੀ ਸੀ ਉਸ ਨੂੰ 09-02-2026 ਨੂੰ ਵਾਪਸ ਲੈ ਰਿਹਾ ਹਾਂ। ਸੰਬੰਧਤ ਨੋਟ ਕਰਨ।

ਮੈਂ ਸੁਨੀਲ ਵੋਹਰਾ ਪੁੱਤਰ ਸ਼੍ਰੀ ਸੋਮ ਨਾਥ ਵੋਹਰਾ ਵਾਸੀ ਮਕਾਨ ਨੰਬਰ 234, ਊਨਾ ਰੋਡ, ਨਿਊ ਬੈਂਕ ਕਲੋਨੀ, ਡਾਕ. ਸਾਧੂ ਆਸ਼ਰਮ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਅਦਿਤਯਾ ਵੋਹਰਾ ਨੂੰ ਅਖਬਾਰ ਦੇ ਰਾਹੀਂ ਬੇਦਖਲ ਕੀਤਾ ਸੀ, ਪਰ ਹੁਣ ਮੇਰਾ ਲੜਕਾ ਮੇਰੇ ਕਹਿਣੇ ਵਿੱਚ ਹੈ। ਹੁਣ ਮੈਂ ਬੇਦਖਲੀ ਵਾਪਸ ਲੈਂਦਾ ਹਾਂ। ਅੱਜ ਤੋਂ ਬਾਅਦ ਉਹ ਮੇਰਾ ਅਤੇ ਮੇਰੇ ਪਰਿਵਾਰ ਦੀ ਸਾਰੀ ਜਾਈਦਾਦ ਦਾ ਬਰਾਬਰ ਦਾ ਹੱਕਦਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਟੀ-7/1 (12.5 ਬੀ ਐੱਚ ਪੀ) ਜੋ ਕਿ ਮੱਖਣ ਸਿੰਘ ਪੁੱਤਰ ਤੇਜਾ ਸਿੰਘ ਰਕਬਾ ਮੋਟਰ ਪਿੰਡ ਜਹਾਂਗੀਰਪੁਰ ਬਸਤੀ ਬਾਵਾ ਖੇਲ ਕਪੂਰਥਲਾ ਦੇ ਨਾਂਅ ਤੇ ਚੱਲ ਰਹੀ ਹੈ, ਨੂੰ ਅੰਮ੍ਰਿਤਪਾਲ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ 269-ਏ, ਕਲੋਨੀ ਰਾਜਾ ਗਾਰਡਨ, ਬਸਤੀ ਬਾਵਾ ਖੇਲ ਜ਼ਿਲ੍ਹਾ ਜਲੰਧਰ ਨੇ ਆਪਣੇ ਨਾਂਅ 'ਤੇ ਕਰਵਾਉਣ ਲਈ ਅਰਜੀ ਦਿੱਤੀ ਹੈ। ਇਸ ਸੰਬੰਧ ਵਿੱਚ ਕਿਸੇ ਨੂੰ ਇਤਰਾਜ਼ ਹੋਵੇ ਤਾਂ 15 ਦਿਨਾਂ ਦੇ ਅੰਦਰ ਪਾਵਰਕਾਮ ਦੇ ਦਫਤਰ ਉੱਚਾ ਸ/ਡ ਪਿੰਡ ਉੱਚਾ, ਕਪੂਰਥਲਾ ਵਿਖੇ ਇਤਰਾਜ਼ ਪੇਸ਼ ਕਰੇ।

ਮੈਂ, ਸਤਨਾਮ ਸਿੰਘ ਪੁੱਤਰ ਤਰਲੋਕ ਸਿੰਘ ਵਾਸੀ ਮਕਾਨ ਨੰ. 17, ਦਸਮੇਸ਼ ਐਵੀਨਿਊ, ਮਜੀਠਾ ਰੋਡ, ਬਾਈਪਾਸ ਨੇੜੇ ਪਿੰਡ ਨੌਸ਼ਹਿਰਾ, ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੈਂ ਆਪਣੀ ਲੜਕੀ ਸਿਮਰਨਪ੍ਰੀਤ ਕੌਰ ਨੂੰ ਅਖਬਾਰ ਰਾਹੀਂ ਆਪਣੀ ਚੱਲ-ਅਚੱਲ ਜਾਇਦਾਦ ਤੋਂ ਮਿਤੀ 12-06-2023 ਨੂੰ ਬੇਦਖਲ ਕੀਤਾ ਸੀ। ਹੁਣ ਉਹ ਮੇਰੇ ਕਹਿਣੇ ਵਿੱਚ ਹੈ। ਇਸ ਲਈ ਮੈਂ ਆਪਣੀ ਲੜਕੀ ਨੂੰ ਜਿਹੜਾ ਬੇਦਖਲਨਾਮਾ ਦਿੱਤਾ ਸੀ, ਉਸ ਨੂੰ ਕੈਂਸਲ ਕਰਦਾ ਹਾਂ। ਸੰਬੰਧਤ ਨੋਟ ਕਰਨ।

ਮੈਂ, ਸੁਮਨ ਦੇਵੀ ਪਤਨੀ ਲੇਟ ਸ਼੍ਰੀ ਸੰਦੀਪ ਕੁਮਾਰ ਵਾਸੀ ਗਲੀ ਨੰ: 8, ਗੁਲਾਬ ਦੇਵੀ ਰੋਡ, ਸ਼ਿਵ ਨਗਰ, ਨਾਗਰਾ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੈਂ ਆਪਣੇ ਲੜਕੇ ਰੋਹਿਤ ਬਜਾਜ ਅਤੇ ਉਸਦੀ ਪਤਨੀ ਸਿਮਰਨ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਮੇਰਾ ਲੜਕਾ ਅਤੇ ਉਸਦੀ ਪਤਨੀ ਦੋਵੇਂ ਮੇਰੇ ਕਹਿਣੇ ਵਿੱਚ ਹਨ। ਇਸ ਲਈ ਮੈਂ ਇਨ੍ਹਾਂ ਦੀ ਬੇਦਖਲੀ ਵਾਪਿਸ ਲੈਂਦੀ ਹਾਂ ਅਤੇ ਹੁਣ ਇਹ ਦੋਵੇਂ ਮੇਰੀ ਚੱਲ ਵਾ ਅਚੱਲ ਜਾਇਦਾਦ ਦੇ ਹੱਕਦਾਰ ਹੋਣਗੇ। ਸੰਬੰਧਤ ਨੋਟ ਕਰਨ।

ਬੇਦਖਲੀ ਨੋਟਿਸ

ਮੈਂ ਰਕੇਸ਼ ਕੁਮਾਰ ਪੁੱਤਰ ਰਾਮ ਰਾਜ ਵਾਸੀ ਮਕਾਨ ਨੰਬਰ 532, ਗਲੀ ਨੰਬਰ-7, ਕਰਤਾਰ ਨਗਰ, ਛੇਹਰਟਾ, ਅੰਮ੍ਰਿਤਸਰ ਆਪਣੇ ਪੁੱਤਰ ਸੰਜੀਵ ਕੁਮਾਰ ਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ, ਜੀਤੋ ਪਤਨੀ ਮਦਨ ਲਾਲ ਅਤੇ ਮਦਨ ਲਾਲ ਪੁੱਤਰ ਮੁਨਸ਼ੀ ਰਾਮ ਵਾਸੀ ਮਕਾਨ ਨੰ. 972, ਬੂਟਾ ਮੰਡੀ, ਜਲੰਧਰ-1, ਸੂਚਿਤ ਕਰਦੇ ਹਾਂ ਕਿ ਸਾਡੇ ਪੁੱਤਰ ਹਰਪ੍ਰੀਤ ਜੱਸਲ ਅਤੇ ਰਜਤ ਕੁਮਾਰ ਅਤੇ ਉਸ ਦੀ ਪਤਨੀ ਕਮਲਜੀਤ ਕੌਰ ਸਾਡੇ ਕਹਿਣੇ ਤੋਂ ਬਾਹਰ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਬਲਕਾਰ ਸਿੰਘ ਪੁੱਤਰ ਕਰਮ ਸਿੰਘ ਅਤੇ ਗੁਰਮੀਤ ਕੌਰ ਪਤਨੀ ਬਲਕਾਰ ਸਿੰਘ ਵਾਸੀਆਨ ਗਲੀ ਨੰ. 2, ਸਾਹਮਣੇ ਗੁਰਦੁਆਰਾ, ਨਜ਼ਦੀਕ ਪਾਣੀ ਵਾਲੀ ਟੈਂਕੀ, ਭਰਾੜੀਵਾਲ, ਥਾਣਾ ਗੇਟ ਹਕੀਮਾਂ, ਅੰਮ੍ਰਿਤਸਰ ਸੂਚਿਤ ਕਰਦੇ ਹਾਂ ਕਿ ਸਾਡਾ ਲੜਕਾ ਕਰਨਬੀਰ ਸਿੰਘ ਅਤੇ ਉਸ ਦੀ ਪਤਨੀ ਹਰਜੀਤ ਕੌਰ ਸਾਡੇ ਕਹਿਣੇ ਤੋਂ ਬਾਹਰ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਸੰਤੋਸ਼ ਪਤਨੀ ਰਾਧੇ ਸ਼ਾਮ ਵਾਸੀ ਲਕਸ਼ਮੀ ਵਿਹਾਰ, ਗਲੀ ਨੰ. 13, ਮੁਸਤਫਾਬਾਦ, ਬਟਾਲਾ ਰੋਡ, ਅੰਮ੍ਰਿਤਸਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਵਿੱਕੀ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਭੋਲੀ ਪਤਨੀ ਰੁਲਿਆ ਰਾਮ ਵਾਸੀ 143, ਸੰਸਾਰਪੁਰ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਮੁਕੇਸ਼ ਉਮਰ ਕਰੀਬ 40 ਸਾਲ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਕਮਲੇਸ਼ ਰਾਣੀ ਪਤਨੀ ਤਰਸੇਮ ਲਾਲ ਵਾਸੀ ਮਕਾਨ ਨੰ. 24, ਰਾਮ ਸ਼ਰਣਮ ਕਲੋਨੀ, ਬਸਤੀ ਦਾਨਿਸ਼ਮੰਦਾ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਛੋਟਾ ਲੜਕਾ ਸੂਰਜ ਕੁਮਾਰ ਅਤੇ ਉਸਦੀ ਪਤਨੀ ਸੋਨੀਆ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਅਸੀਂ, ਤਿਲਕ ਰਾਜ ਕੁੰਡਲ ਪੁੱਤਰ ਛੱਜੂ ਰਾਮ ਤੇ ਗੀਟਾ ਕੁਮਾਰੀ ਪਤਨੀ ਤਿਲਕ ਰਾਜ ਕੁੰਡਲ ਵਾਸੀਆਨ 89-ਸੀ, ਗਲੀ ਨੰ. 9, ਸੀ-ਬਲਾਕ, ਗੁਰੂ ਅਮਰਦਾਸ ਐਵੀਨਿਊ, ਅਜਨਾਲਾ ਰੋਡ, ਅੰਮ੍ਰਿਤਸਰ ਸੂਚਿਤ ਕਰਦੇ ਹਾਂ ਕਿ ਸਾਡੇ ਲੜਕੇ ਸਾਹਿਲ ਕੁੰਡਲ ਤੇ ਸਲੀਲ ਕੁੰਡਲ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਆਪਣੇ ਲੜਕੇ ਸਾਹਿਲ ਕੁੰਡਲ ਤੇ ਸਲੀਲ ਕੁੰਡਲ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਹਨਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਮਨਜਿੰਦਰ ਸਿੰਘ ਪੁੱਤਰ ਹਰਨੇਕ ਸਿੰਘ ਵਾਸੀ ਪਿੰਡ ਝੱਲ ਠੀਕਰੀਵਾਲ, ਡਾਕਖਾਨਾ ਕਾਂਜਲੀ, ਜਿਲਾ ਕਪੂਰਥਲਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਿੰਦਰ ਸਿੰਘ ਜੋ ਕਿ ਮੇਰੇ ਕਹਿਣੇਕਾਰ ਵਿੱਚ ਨਹੀਂ ਹੈ ਅਤੇ ਆਪਣੀ ਮਰਜ਼ੀ ਕਰਦਾ ਹੈ। ਜਿਸ ਕਰਕੇ ਮੈਂ ਆਪਣੇ ਲੜਕੇ ਗੁਰਿੰਦਰ ਸਿੰਘ ਨੂੰ ਆਪਣੀ ਤਮਾਮ ਚੱਲ ਅਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰੇ ਲੜਕੇ ਗੁਰਿੰਦਰ ਸਿੰਘ ਨਾਲ ਕਿਸੇ ਵੀ ਕਿਸਮ ਦਾ ਲੈਣ ਦੇਣ ਕਰਨ ਵਾਲਾ ਵਿਅਕਤੀ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਜਮਨਾ ਦੇਵੀ ਪਤਨੀ ਸਤਪਾਲ ਵਾਸੀ ਮਕਾਨ ਨੰ: 3850, ਵਾਰਡ ਨੰ: 08, ਕੋਲਸਰ ਮੁੱਹਲਾ, ਕਰਤਾਰਪੁਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਪ੍ਰੇਮ ਪਾਲ ਅਤੇ ਉਸਦੀ ਪਤਨੀ ਨੀਲਮ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਨਾਂਅ ਦੀ ਬਦਲੀ

ਮੈਂ, ਅੰਕਿਤ ਪ੍ਰੀਤ ਕੌਰ ਪੁੰਨ ਪੁੱਤਰੀ ਤਜਿੰਦਰ ਪਾਲ ਸਿੰਘ ਵਾਸੀ 221, ਅਜੀਤ ਨਗਰ, ਸੁਲਤਾਨਵਿੰਡ ਰੋਡ, ਅੰਮ੍ਰਿਤਸਰ, ਪੰਜਾਬ ਬਿਆਨ ਕਰਦੀ ਹਾਂ ਕਿ ਅੰਕਿਤ ਪ੍ਰੀਤ ਕੌਰ ਪੁੰਨ ਅਤੇ ਅੰਕਿਤ ਪ੍ਰੀਤ ਕੌਰ ਦੋਵੇਂ ਨਾਂਅ ਇੱਕੋ ਹੀ ਵਿਅਕਤੀ ਦੇ ਹਨ। ਇਹ ਮੇਰੇ ਦੋਵੇਂ ਨਾਂਅ ਇੱਕੋ ਜਿਹੀ ਮਹੱਤਤਾ ਰਖਦੇ ਹਨ।

Change of Name

I, Prabhjot Kaur D/o Surinder Singh W/o Jaskirat Singh R/o Village Jandi, P.O. Sham Chaurasi, Hoshiarpur, Punjab, 144105 changed my name Prabhjot as Given Name and Kaur as Surname.

I, Manjinder Singh S/o Balbir Singh R/o Vill Khehra PO Daleke Tarn Taran have changed my name from Manjinder Singh to Given name Manjinder Surname Singh

I, Malkiat Singh S/o Baldev Singh R/o 101, Post office Khankot Block Jandiala Guru, Qila Jiwan Singh District Amritsar have declare that Maliat is my Given name and Singh is my Surname

I, Gurvinder Singh Chawla S/o Sardar Singh R/o H.no.2514, Gali No.3, Kot Bhagat Singh Sultanwind Road, Amritsar have changed my name from Gurvinder Singh Chawla to Gurvinder Singh.

I, Pushpinder Kaur W/o Amarjit Singh Chhina R/o H.No 131, Dashmesh Avenue, Amritsar have changed my name from PUSHPINDER KAUR to PUSHPINDER KAUR CHHINA. Please All Concerned Note.

I Kunal S/o Ranjodh Singh,R/o Kahanpur, PO Sujanpur, Pathankot have changed my name from Kunal to Kunal Kohal.

I, Shaveta Wadhwa wife of Mohit Chhabra resident of House No. 286-L, Model Town, Jalandhar, Punjab-144003 have changed my name from Shaveta Wadhwa to Shaveta Chhabra after marriage.

I, Dalwinder Kumari W/O Mohan Lal R/O Kot Rani, P.O. Satnampura, Phagwara, District Kapurthala, Punjab -144401 Have Changed My Name From Dalwinder Kumari To Kumari Dalwinder (Kumari As Surname). All Concerned Please Note.

Change of Name

I, Mohit s/o Naresh Kumar r/o H.No.30, Gali No. 6, Kazi Mandi, Daulat Puri, Jalandhar have changed my name from Mohit to Mohit Kumar (Kumar as Surname) All Please Note.

I, Renu w/o Rajinder Kumar r/o Vill. Lallian Khurd, Po. Lambra, Distt.Jalandhar-144026, Punjab have changed my name to Renu Renu. All Please Note.

I, Manpreet Singh s/o Pal Singh r/o Vill. Kotla Bhagu, Po.Nurpur Chatha, Tehsil Nakodar, Distt. Jalandhar have changed my minor son name from Avnoor Singh to Singh Avnoor (Surname as Singh) All Please Note.

I, Sarpreet Kaur w/o Manpreet Singh r/o Vill. Kotla Bhagu, Po.Nurpur Chatha, Tehsil Nakodar, Distt. Jalandhar have changed my name to Kaur Sarpreet (Surname as Kaur) All Please Note.

I, Pallvi d/o Davinder Pal Bhatia r/o H.No.126, Mehli Gate, Thanedaran Mohalla, Phagwara, Kapurthala, Punjab have changed my name to Pallvi Bhatia. All Please Note.

I, Dixit s/o Narinder Kumar r/o H.No. 60-C, Kamal Park, Jalandhar, Punjab have changed my name from Dixit to Dixit Sharma. All Please Note.

I, Mohan Grewal s/o Ram Singh r/o Vill. Arjanwal, Po. Adampur Doaba, Distt. Jalandhar-144102, Punjab have changed my name from Mohan Grewal to Mohan Singh. All Please Note.

I, Sarbjeet Singh s/o Gurmel Singh r/o H.No. 90/1, Ravidass Nagar, Adampur Doaba, Jalandhar have changed my name from Sarbjeet Singh to Singh Sarbjeet (Surname as Singh) All Please Note.

I, Harkikat Singh S/o Sukhdev Singh R/o Village Phiali, P.o.Wadala Kalan, Distt. Kapurthala, Punjab have changed my name from Harkikat Singh to Hakikat Singh Randhawa. All Please Note.

I, Mushtak Mohamad S/o Shokat Ali R/o Hoshiarpur Road, Back Side City Heart Resort, Vill. Hajipur, Teh. Phagwara, Distt. Kapurthala have changed my name to Mushtaq Mohammed. All Please Note.

I, Chetan Kumar S/o Ashu Comar R/o H.No. 491, New Jawahar Nagar, Jalandhar have changed my name from Chetan Kumar to Ch

10 Feb Page 8.qxd 2/9/2026 11:09 PM Page 1

ਪੰਜਾਬ ਸਰਕਾਰ ਐੱਸ ਸੀ/ਬੀ ਸੀ ਵਰਗਾਂ ਦੇ ਹੱਕਾਂ ਦੀ ਸੁਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ : ਡਾ. ਬਲਜੀਤ ਕੌਰ

ਚੰਡੀਗੜ੍ਹ (ਗੁਰਜੀਤ ਬਿੱਲਾ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਲਗਾਤਾਰ ਕੰਮ ਕਰ ਰਹੀ ਹੈ। ਇਸ ਦੇ ਨਾਲ ਨਾਲ ਐਸ ਸੀ ਅਤੇ ਬੀ ਸੀ ਭਾਈਚਾਰੇ ਦੇ ਹੱਕਾਂ ਦੀ ਸੁਰੱਖਿਆ ਅਤੇ ਉਨ੍ਹਾਂ ਦੀ ਸਮਾਜਿਕ-ਆਰਥਿਕ ਤਰੱਕੀ ਲਈ ਵੀ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ। ਇਹ ਪ੍ਰਗਟਾਵਾ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮਾਮਲਿਆਂ ਦੀ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕੀਤਾ।ਪੰਜਾਬ ਭਵਨ ਵਿਖੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮਾਮਲਿਆਂ ਦੀ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਐਸ.ਸੀ/ਬੀ.ਸੀ ਯੂਨੀਅਨ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਯੂਨੀਅਨ ਵੱਲੋਂ ਰੱਖੀਆਂ ਗਈਆਂ ਮੰਗਾਂ ਨੂੰ ਮੰਤਰੀ ਨੇ ਬੜੀ ਗੰਭੀਰਤਾ ਨਾਲ ਸੁਣਿਆ ਅਤੇ ਭਰੋਸਾ ਦਿਵਾਇਆ ਕਿ ਹਰ ਜਾਇਜ਼ ਮੰਗ ਨੂੰ ਤਰਜੀਹ ਦੇ ਅਧਾਰ 'ਤੇ ਪੂਰਾ ਕੀਤਾ

ਜਾਵੇਗਾ।ਉਨ੍ਹਾਂ ਸਪਸ਼ਟ ਕੀਤਾ ਕਿ ਜਿਹੜੀਆਂ ਮੰਗਾਂ ਵਿਭਾਗੀ ਪੱਧਰ 'ਤੇ ਹੱਲ ਹੋ ਸਕਦੀਆਂ ਹਨ, ਉਨ੍ਹਾਂ ਨੂੰ ਤੁਰੰਤ ਅਤੇ ਸਮੇਂ-ਬੱਧ ਤਰੀਕੇ ਨਾਲ ਪੂਰਾ ਕੀਤਾ ਜਾਵੇਗਾ। ਇਸ ਦੇ ਨਾਲ ਹੀ ਜਿਹੜੀਆਂ ਮੰਗਾਂ ਸਰਕਾਰ ਪੱਧਰ 'ਤੇ ਨੀਤੀਗਤ ਫੈਸਲੇ ਦੀ ਮੰਗ ਕਰਦੀਆਂ ਹਨ, ਉਨ੍ਹਾਂ ਨੂੰ ਸਰਕਾਰ ਨਾਲ ਜਲਦ ਤੋਂ ਜਲਦ ਟੇਕਅੱਪ ਕਰਕੇ ਯੋਗ ਹੱਲ ਯਕੀਨੀ ਬਣਾਇਆ ਜਾਵੇਗਾ। ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਰੰਗਲਾ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਇਹ ਲਾਜ਼ਮੀ ਹੈ ਕਿ ਸਮਾਜ ਦਾ ਹਰ ਵਰਗ ਤਰੱਕੀ ਦੀ ਮੁੱਖ ਧਾਰਾ ਨਾਲ ਜੁੜੇ। ਉਨ੍ਹਾਂ ਕਿਹਾ ਕਿ ਐਸ.ਸੀ ਅਤੇ ਬੀ.ਸੀ ਵਰਗਾਂ ਨੂੰ ਸਨਮਾਨ, ਸਮਾਨ ਅਵਸਰ ਅਤੇ ਨਿਆਂ ਮਿਲੇ ਬਿਨਾਂ ਰੰਗਲਾ ਪੰਜਾਬ ਦੀ ਕਲਪਨਾ ਅਧੂਰੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਾਸ਼ੀਆਗ੍ਰਸਤ ਅਤੇ ਪੱਛੜੇ ਵਰਗਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਮੌਕੇ ਮੀਟਿੰਗ ਵਿੱਚ ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਦੇ ਪ੍ਰਮੁੱਖ ਸਕੱਤਰ ਵੀ.ਕੇ. ਮੀਨਾ, ਵਿਭਾਗ ਦੇ ਡਾਇਰੈਕਟਰ ਵਿੰਮੀ ਭੁੱਲਰ ਅਤੇ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਮੇਰਾ ਕੰਮ ਕ੍ਰੈਡਿਟ ਲੈਣਾ ਨਹੀਂ, ਹਲਕੇ ਦੇ ਲੋਕਾਂ ਦੀਆਂ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨਾ : ਬੈਂਸ

ਨੰਗਲ, ਭਲਾਣ (ਹਰਭਜਨ ਸਿੰਘ ਢਿੱਲੋਂ) ਪਿਛਲੇ ਕਈ ਦਿਨਾਂ ਤੋਂ ਵਿਰੋਧੀ ਆਗੂਆਂ ਵੱਲੋਂ ਨੈਸ਼ਨਲ ਹਾਈਵੇ ਨੂੰ ਲੈ ਕੇ ਚੁੱਕੇ ਜਾ ਰਹੇ ਸਵਾਲਾਂ ਦਾ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਨੰਗਲ ਵਿਖੇ ਕੀਤੀ ਪ੍ਰੈਸ ਕਾਨਫਰੰਸ ਦੌਰਾਨ ਠੋਕਵਾਂ ਜਵਾਬ ਦਿੱਤਾ। ਪ੍ਰੈਸ ਕਾਨਫਰੰਸ ਦੌਰਾਨ ਕੈਬਨਿਟ ਮੰਤਰੀ ਬੈਂਸ ਨੇ ਕਿਹਾ ਕਿ ਕੀਰਤਪੁਰ ਸਾਹਿਬ-ਨੰਗਲ ਮੁੱਖ ਮਾਰਗ ਨੂੰ ਚਾਰ ਮਾਰਗੀ ਬਣਾਉਣਾ ਹਲਕੇ ਦੇ ਲੋਕਾਂ ਦੀ ਦਹਾਕਿਆਂ ਪੁਰਾਣੀ, ਵੱਡੀ ਅਤੇ ਅਹਿਮ ਮੰਗ ਸੀ, ਤਾਂ ਜੋ ਨਿੱਤ ਵਾਪਰਦੇ ਸੜਕ ਹਾਦਸਿਆਂ 'ਤੇ ਰੋਕ ਲਗ ਸਕੇ। ਉਨ੍ਹਾਂ ਕਿਹਾ ਕਿ ਅਫਸੋਸ ਦੀ ਗੱਲ ਹੈ ਕਿ ਅੱਜ ਤੱਕ ਕਿਸੇ ਵੀ ਪਾਰਟੀ ਦੇ ਵਿਧਾਇਕ ਨੇ ਇਸ ਮੰਗ ਵੱਲ ਗੰਭੀਰਤਾ ਨਾਲ ਧਿਆਨ ਨਹੀਂ ਦਿੱਤਾ।ਕੈਬਨਿਟ ਮੰਤਰੀ ਨੇ ਕਿਹਾ ਕਿ ਬੀਤੇ ਦਿਨੀਂ ਵਿਰੋਧੀਆਂ ਵੱਲੋਂ ਇਹ ਗੱਲ ਚੁੱਕੀ ਗਈ ਕਿ ਇਸ ਮਾਰਗ ਨੂੰ 2014 ਵਿੱਚ ਨੈਸ਼ਨਲ ਹਾਈਵੇ ਘੋਸ਼ਿਤ ਕਰ ਦਿੱਤਾ ਗਿਆ ਸੀ। ਉਨ੍ਹਾਂ ਸਵਾਲ ਕੀਤਾ ਕਿ ਜੇਕਰ 2014 ਵਿੱਚ ਹੀ ਇਹ ਪ੍ਰੋਜੈਕਟ ਐਲਾਨਿਆ ਜਾ ਚੁੱਕਾ ਸੀ, ਤਾਂ ਫਿਰ ਅੱਜ ਤੱਕ ਇਸ ਦਾ ਕੰਮ ਕਿਉਂ ਸ਼ੁਰੂ ਨਹੀਂ ਹੋ ਸਕਿਆ? ਕਿਸ ਦੀਆਂ ਅਣਗਹਿਲੀਆਂ ਕਾਰਨ ਇਹ ਮਾਰਗ ਚਾਰ ਮਾਰਗੀ ਨਹੀਂ ਬਣ ਸਕਿਆ? ਉਨ੍ਹਾਂ ਕਿਹਾ ਕਿ ਵਧਦੀ ਆਵਾਜਾਈ ਕਾਰਨ ਇਹ ਮਾਰਗ ਪਿਛਲੇ ਲੰਮੇ ਸਮੇਂ ਤੋਂ ਖੂਨੀ ਮਾਰਗ ਵਜੋਂ ਜਾਣਿਆ ਜਾਣ ਲੱਗਿਆ ਸੀ, ਕਿਉਂਕਿ ਇੱਥੇ ਰੋਜ਼ਾਨਾ ਸੜਕ ਹਾਦਸੇ ਵਾਪਰ ਰਹੇ ਸਨ। ਕੈਬਨਿਟ ਮੰਤਰੀ ਨੇ ਦੱਸਿਆ ਕਿ ਉਹ

ਲੰਮੇ ਸਮੇਂ ਤੋਂ ਇਸ ਪ੍ਰੋਜੈਕਟ ਨੂੰ ਸ਼ੁਰੂ ਕਰਵਾਉਣ ਲਈ ਦਿਨ-ਰਾਤ ਇੱਕ ਕਰਕੇ ਮਿਹਨਤ ਕਰ ਰਹੇ ਸਨ, ਜਿਸ ਦਾ ਨਤੀਜਾ ਇਹ ਨਿਕਲਿਆ ਕਿ ਬੀਤੇ ਦਿਨੀਂ ਭਾਰਤ ਸਰਕਾਰ ਵੱਲੋਂ ਇਸ ਪ੍ਰੋਜੈਕਟ ਸਬੰਧੀ ਗਜ਼ਟ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਅਤੇ ਇਸ ਨਾਲ ਪ੍ਰੋਜੈਕਟ ਦਾ ਪਹਿਲਾ ਪੜਾਅ ਸ਼ੁਰੂ ਹੋ ਗਿਆ ਹੈ।ਉਨ੍ਹਾਂ ਕਿਹਾ ਕਿ ਨੈਸ਼ਨਲ ਹਾਈਵੇ ਦਾ ਚਾਰ ਮਾਰਗੀ ਪ੍ਰੋਜੈਕਟ ਉਨ੍ਹਾਂ ਦੇ ਡ੍ਰੀਮ ਪ੍ਰੋਜੈਕਟਾਂ ਵਿੱਚੋਂ ਇੱਕ ਹੈ ਅਤੇ ਇਸ ਨੂੰ ਪੂਰਾ ਕਰਨ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਵਿਰੋਧੀਆਂ 'ਤੇ ਸਵਾਲ ਉਠਾਉਂਦਿਆਂ ਉਨ੍ਹਾਂ ਕਿਹਾ ਕਿ ਜੇਕਰ ਹਿਮਾਚਲ ਪ੍ਰਦੇਸ਼ ਦੇ ਹਿੱਸੇ ਵਿੱਚ ਚਾਰ ਮਾਰਗੀ ਸੜਕ ਬਣ ਸਕਦੀ ਹੈ, ਤਾਂ ਸ੍ਰੀ ਅਨੰਦਪੁਰ ਸਾਹਿਬ ਦੇ ਹਿੱਸੇ ਵਿੱਚ ਇਹ ਕੰਮ ਕਿਉਂ ਨਹੀਂ ਕੀਤਾ ਗਿਆ? ਕੈਬਨਿਟ ਮੰਤਰੀ ਨੇ ਕਿਹਾ ਕਿ ਬਰਸਾਤਾਂ ਦੌਰਾਨ ਹਿਮਾਚਲ ਪ੍ਰਦੇਸ਼ ਤੋਂ ਸਵਾ ਨਦੀ ਵਿੱਚ ਆਉਣ ਵਾਲੇ ਪਾਣੀ ਕਾਰਨ ਸਾਡੇ ਦਰਿਆ ਨੇੜਲੇ ਦਰਜਨਾਂ ਪਿੰਡਾਂ ਵਿੱਚ ਹੜ੍ਹਾਂ ਦੀ ਸਥਿਤੀ ਬਣ ਜਾਂਦੀ ਹੈ। ਉਨ੍ਹਾਂ ਕਿਹਾ ਕਿ ਹਿਮਾਚਲ ਪ੍ਰਦੇਸ਼ ਸਰਕਾਰ ਵੱਲੋਂ ਸਵਾਂ ਨਦੀ ਨੂੰ ਚੈਨਲਾਈਜ਼ ਕਰਕੇ ਇਸ ਸਮੱਸਿਆ ਦਾ ਹੱਲ ਕੀਤਾ ਗਿਆ, ਪਰ ਸ੍ਰੀ ਅਨੰਦਪੁਰ ਸਾਹਿਬ ਦੇ ਇਲਾਕੇ ਅਤੇ ਪ੍ਰਭਾਵਿਤ ਪਿੰਡਾਂ ਵੱਲ ਕਦੇ ਕਿਸੇ ਨੇ ਧਿਆਨ ਨਹੀਂ ਦਿੱਤਾ।ਉਨ੍ਹਾਂ ਵਿਰੋਧੀਆਂ ਨੂੰ ਸਵਾਲ ਕਰਦਿਆਂ ਕਿਹਾ ਕਿ ਜੇਕਰ ਇਹ ਸਾਰੇ ਕੰਮ ਹਿਮਾਚਲ ਪ੍ਰਦੇਸ਼ ਆਪਣੇ ਹਿੱਸੇ ਵਿੱਚ ਕਰ ਸਕਦਾ ਸੀ, ਤਾਂ ਤੁਸੀਂ ਆਪਣੇ ਹਲਕੇ ਲਈ ਇਹ ਕੰਮ ਕਿਉਂ ਨਹੀਂ ਕੀਤੇ? ਉਨ੍ਹਾਂ ਕਿਹਾ ਕਿ ਵਿਰੋਧੀਆਂ ਵੱਲੋਂ ਇਸ ਪ੍ਰੋਜੈਕਟ ਨੂੰ ਰੋਕਣ ਲਈ ਬੇਬੁਨਿਆਦ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ ਅਤੇ ਧਰਨੇ-ਪ੍ਰਦਰਸ਼ਨਾਂ ਦੀਆਂ ਗੱਲਾਂ ਕੀਤੀਆਂ ਜਾ ਰਹੀਆਂ ਹਨ, ਜੋ ਬਿਲਕੁਲ ਗਲਤ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਭਨੂਪਲੀ, ਢੇਰ, ਬ੍ਰਹਮਪੁਰ ਅਤੇ ਅਜੌਲੀ ਦੇ ਬਜ਼ਾਰ ਆਉਣ ਵਾਲੇ ਸਮੇਂ ਵਿੱਚ ਵੱਡੇ ਪੱਧਰ 'ਤੇ ਵਿਕਸਤ ਹੋਣਗੇ ਅਤੇ ਵਪਾਰੀਆਂ ਨੂੰ ਇਸ ਪ੍ਰੋਜੈਕਟ ਦਾ ਵੱਡਾ ਲਾਭ ਮਿਲੇਗਾ। ਉਨ੍ਹਾਂ ਕਿਹਾ ਕਿ ਇਹ ਮਾਰਗ ਖਾਲਸੇ ਦੀ ਜਨਮ ਭੂਮੀ ਸੀ ਅਨੰਦਪੁਰ ਸਾਹਿਬ, ਮਾਤਾ ਨੈਣਾ ਦੇਵੀ, ਮਾਤਾ ਚਿੰਤਪੁਰਨੀ, ਬਾਬਾ ਬਾਲਕ ਨਾਥ ਜੀ, ਮਾਤਾ ਬੰਗਲਾ ਮੁਖੀ ਅਤੇ ਮਾਤਾ ਜਵਾਲਾ ਜੀ ਵਰਗੇ ਪ੍ਰਸਿੱਧ ਧਾਰਮਿਕ ਸਥਾਨਾਂ ਨੂੰ ਜੋੜਦਾ ਹੈ ਅਤੇ ਪੰਜਾਬ ਸਰਕਾਰ ਇਸ ਮਾਰਗ ਦੇ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਫਰੀ ਮੈਡੀਕਲ ਕੈਂਪ ਲਗਾਇਆ

ਜਲੰਧਰ (ਲਖਵਿੰਦਰ ਸਿੰਘ)- ਸਰਪੰਚ ਗ੍ਰਾਮ ਪੰਚਾਇਤ ਪਿੰਡ ਗਾਖਲਾ (ਜਲੰਧਰ) ਵੱਲੋਂ ਸੈਂਟਰਲ ਗੁਰਦੁਆਰਾ ਸਾਹਿਬ ਦੀ ਪਾਰਕ ਵਿਖੇ ਫ੍ਰੀ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ। ਸਰਪੰਚ ਜਸਵੰਤ ਸਿੰਘ ਪੱਪੂ ਨੇ ਦੱਸਿਆ ਕਿ ਹਰ 2 ਮਹੀਨੇ ਬਾਅਦ ਵੱਖ ਵੱਖ ਤਰ੍ਹਾਂ ਦੇ ਮੈਡੀਕਲ ਚੈੱਕਅਪ ਕੈਂਪ ਲਗਾਏ ਜਾਂਦੇ ਹਨ। ਇਹ ਕੈਂਪ ਜੇ ਕੇ ਮੈਡੀਸਿਟੀ ਹਸਪਤਾਲ ਦੇ ਸਹਿਯੋਗ ਨਾਲ ਪਹਿਲਾਂ ਕੈਂਪ ਲਗਾਇਆ ਜਿਸ ਵਿੱਚ ਤਿੰਨਾਂ ਡਾਕਟਰ ਦੀ ਟੀਮ ਆਈ ਜਿਸ ਵਿੱਚ ਡਾਕਟਰ ਐਸ ਐਸ ਘੋਤਰਾ ਮੈਨੇਜਿੰਗ ਡਾਇਰੈਕਟਰ ਸਲਾਹਕਾਰ ਜਨਰਲ ਫਿਜ਼ੀਸੀਅਨ ਜੋ ਦਿਲ, ਛਾਤੀ, ਸ਼ੂਗਰ ਤੇ ਮੈਡੀਕਲ ਐਮਰਜੈਂਸੀ ਤੇ ਆਮ ਸਮੱਸਿਆਵਾਂ ਦਾ ਇਲਾਜ ਕਰਦੇ ਤੇ ਡਾਕਟਰ ਰਜਿੰਦਰ ਕੁਮਾਰ ਐਮ ਐਚ (ਨਿਊਰੋ ਅਤੇ ਸਪਾਈਨ ਸਰਜਨ) ਤੇ ਡਾਕਟਰ ਵਿਭਵ ਗਾਂਧੀ ਐਮ. ਐਸ. (ਆਰਥੋ, ਸੀ ਐਮ ਸੀ ਲੁਧਿਆਣਾ) ਸਲਾਹਕਾਰ ਆਰਥੋਪੀਡਿਕ ਸਰਜਨ ਇਨ੍ਹਾਂ ਡਾਕਟਰ ਦੀ ਮਹਿਰ ਟੀਮ ਨੇ ਮਰੀਜ਼ਾਂ ਦਾ ਚੈੱਕਅਪ ਦੇ ਨਾਲ ਨਾਲ ਮਰੀਜ਼ਾਂ ਨੂੰ ਫਰੂਟ, ਸੈਲਡ ਅਤੇ ਵਿਟਾਮਿਨ ਵਾਲੀਆਂ ਚੀਜ਼ਾਂ ਦਾ ਸੇਵਨ ਕਰਨ ਬਾਰੇ ਵੀ ਵਿਸਥਾਰ ਨਾਲ ਦੱਸਿਆ। ਇਹ ਕੈਂਪ 10 ਵਜੇ ਤੋਂ ਲੇਕੇ ਦੁਪਹਿਰ 2 ਵਜੇ ਤੱਕ ਜਾਰੀ ਰਿਹਾ। ਮਰੀਜ਼ਾਂ ਦੀ ਰਜਿਸਟ੍ਰੇਸ਼ਨ ਕੀਤੀ ਗਈ। ਇਸ ਮੌਕੇ ਤੇ 250 ਮਰੀਜ਼ਾਂ ਦੇ ਟੈਸਟ ਕੀਤੇ ਗਏ, ਸ਼ੂਗਰ ਟੈਸਟ,ਈ ਸੀ ਜੀ, ਬਲੱਡ ਪਰੈਸ਼ਰ ਹੋਰ ਵੀ ਕਈ ਤਰ੍ਹਾਂ ਦੇ ਟੈਸਟ ਕੀਤੇ ਗਏ ਤੇ ਬਿਮਾਰੀ ਦੇ ਮੁਤਾਬਕ ਮਰੀਜ਼ਾਂ ਨੂੰ ਦਵਾਈਆਂ ਫ੍ਰੀ ਦਿਤੀਆਂ ਗਈਆਂ।

ਪੁਰਾਣੀ ਪੈਨਸ਼ਨ ਸਕੀਮ ਨੂੰ ਪੰਜਾਬ ਸਰਕਾਰ ਤੁਰੰਤ ਬਹਾਲ ਕਰੇ : ਸ਼ਾਂਤੀ ਸਰੂਪ

ਦਸੂਹਾ (ਕਰਨੈਲ ਮਾਂਗਟ)- ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਬਰਾਂਚ ਦਸੂਹਾ ਦੀ ਮੀਟਿੰਗ ਪਾਂਡਵ ਤਲਾਬ ਸਰੋਵਰ ਦਸੂਹਾ ਵਿਖੇ ਹੋਈ। ਇਸ ਮੌਕੇ ਦਸੂਹਾ ਬਰਾਂਚ ਦੇ ਪ੍ਰਧਾਨ ਸ਼ਾਂਤੀ ਸਰੂਪ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਸਰਕਾਰ ਤੋਂ ਮੰਗ ਕੀਤੀ ਕਿ ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ ਅਤੇ ਜਿਹੜੇ 37 ਤਰ੍ਹਾਂ ਦੇ ਭੱਤੇ ਕੱਟੇ ਹੋਏ ਹਨ ਅਤੇ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਨਾ ਜਾਰੀ ਹੋਣ ਅਤੇ ਬੰਦ ਹੋਈ 4-9-14 ਸਾਲਾ ਪਰਵੀਨਤਾ ਤਰੱਕੀ ਸਕੀਮ, ਜਿਨ੍ਹਾਂ ਕਾਰਨ ਹਰ ਮਹੀਨੇ ਲਗਭਗ ਇੱਕ ਚੌਥਾਈ ਘੱਟ ਤਨਖਾਹ ਲੈ ਰਹੇ ਹਾਂ। ਇਨ੍ਹਾਂ ਵਿੱਤੀ ਭੱਤਿਆਂ ਸਕੀਮਾਂ ਕਿਸ਼ਤਾਂ ਨੂੰ ਲਾਗੂ ਕਰਨ ਅਤੇ ਪੇ ਸਕੇਲ ਲਾਗੂ ਕੀਤੇ ਜਾਣ ਅਤੇ ਆਂਗਣਵਾੜੀ ਅਤੇ ਮਿਡ-ਡੇ-ਮੀਲ ਅਤੇ ਆਸ਼ਾ ਵਰਕਰਾਂ ਦੀਆਂ ਵੀ ਤਨਖਾਹਾਂ ਵਧਾਈਆਂ ਜਾਣ। ਉਨ੍ਹਾਂ ਸਰਕਾਰ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਕੱਚੇ ਮੁਲਾਜ਼ਮਾਂ ਨੂੰ ਤੁਰੰਤ ਰੈਗੂਲਰ ਕੀਤਾ ਜਾਵੇ ਅਤੇ ਜਿਨਾਂ ਨੂੰ

ਨਿਯੁਕਤੀ ਪੱਤਰ ਦਿੱਤੇ ਹੋਏ ਹਨ ਉਨ੍ਹਾਂ ਨੂੰ ਰੈਗੂਲਰ ਕਰਮਚਾਰੀ ਦੇ ਬਰਾਬਰ ਤਨਖਾਹ ਦਿੱਤੀ ਜਾਵੇ। ਇਸ ਮੀਟਿੰਗ ਵਿੱਚ ਭਾਗਮੱਲ, ਰਸਪਾਲ ਸਿੰਘ, ਹਰੀ ਪ੍ਰਸਾਦ, ਮੁਸਤਾਨ ਸਿੰਘ, ਸ਼ੇਰ ਸਿੰਘ, ਰਾਜਕੁਮਾਰ ,ਬਲਵਿੰਦਰ ਸਿੰਘ ਗਿੱਲ, ਦੀਪਕ ਕੁਮਾਰ ਅਤੇ ਹੋਰ ਬਹੁਤ ਸਾਰੇ ਸਾਥੀ ਹਾਜ਼ਰ ਸਨ।

ਨਸ਼ਾ ਵੇਚਣ ਵਾਲਿਆਂ ਦੀ ਸ਼ਿਕਾਇਤ ਕਰਨ ਵਾਲੇ 'ਤੇ ਹਮਲਾ ਕਰਨ ਦੀ ਕੋਸ਼ਿਸ਼

ਸਰਪੰਚ 'ਤੇ ਨਸ਼ਾ ਵੇਚਣ ਵਾਲਿਆਂ ਦੀ ਹਮਾਇਤ ਦਾ ਦੋਸ਼, ਸਰਪੰਚ ਨੇ ਦੋਸ਼ ਨਕਾਰੇ

ਸ਼ਾਹਕੋਟ (ਗਿਆਨ ਸੈਦਪੁਰੀ) ਲਖਵਿੰਦਰ ਸਿੰਘ ਵਾਸੀ ਲਕਸੀਆਂ ਪੱਤੀ ਨੇ ਪ੍ਰੈਸ ਕਾਨਫਰੰਸ ਦੌਰਾਨ ਕਿਹਾ ਕਿ ਉਨ੍ਹਾਂ ਨੂੰ ਨਸ਼ਾ ਵੇਚਣ ਵਾਲਿਆਂ ਦੀ ਸ਼ਿਕਾਇਤ ਕਰਨੀ ਮਹਿੰਗੀ ਪੈ ਗਈ। ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਗੁਆਢ ਵਿਚ ਨਸ਼ਾ ਵੇਚਣ ਵਾਲਿਆਂ ਦੀ ਉਨ੍ਹਾਂ ਨੇ ਆਨ ਲਾਈਨ ਸ਼ਿਕਾਇਤ ਕੀਤੀ ਸੀ। ਉਨ੍ਹਾਂ ਦੀ ਸ਼ਿਕਾਇਤ 'ਤੇ ਚੌਕੀ ਮਲਸੀਆਂ ਦੇ ਮੁਲਾਜ਼ਮਾਂ ਨੇ ਉਨ੍ਹਾਂ ਦੇ ਗੁਆਂਢ ਵਿਚ ਨਸ਼ਾ ਵੇਚਣ ਵਾਲਿਆ ਤੇ ਛਾਪੇਮਾਰੀ ਕਰਕੇ ਉਨ੍ਹਾਂ ਕੋਲੋਂ ਚਿੱਟਾ ਪੀਣ ਵਾਲੀਆਂ ਪੰਨੀਆ ਤੇ ਸ਼ਰਾਬ ਬਰਾਮਦ ਕੀਤੀ ਸੀ। ਜਿਉਂ ਹੀ ਪੁਲਸ ਮੁਲਾਜ਼ਮ ਨਸ਼ੇ ਦੇ ਸਮੇਤ ਨਸ਼ਾ ਵੇਚਣ ਵਾਲੇ ਨੂੰ ਆਪਣੇ ਨਾਲ ਲਿਜਾਣ ਲੱਗੇ ਤਾਂ ਪਿੰਡ ਦਾ ਸਰਪੰਚ ਨਿਰਮਲ ਸਿੰਘ ਵੀ ਉੱਥੇ ਪਹੁੰਚ ਗਿਆ। ਸਰਪੰਚ ਨੇ ਪੁਲਸ ਮੁਲਾਜ਼ਮਾਂ ਨੂੰ ਕਿਹਾ ਕਿ ਤੁਸੀ ਇਸ ਨੂੰ ਕਿਸ ਜੁਰਮ ਵਿਚ ਲਿਜਾ ਰਹੇ ਹੋ। ਪੁਲਸ ਮੁਲਾਜ਼ਮਾਂ ਨੇ ਕਿਹਾ ਕਿ ਇਸ ਕੋਲੋ ਸ਼ਰਾਬ,ਪੰਨੀਆ ਤੇ ਨਸ਼ੀਲੀਆ ਗੋਲੀਆਂ ਬਰਾਮਦ ਹੋਈਆਂ ਹਨ। ਸਰਪੰਚ ਨੇ ਕਿਹਾ ਕਿ ਮੇਰੇ ਹੁੰਦਿਆ ਤੁਸੀ ਇਸ ਨੂੰ ਲਿਜਾ ਨਹੀ ਸਕਦੇ। ਸਰਪੰਚ ਨੇ ਪੁਲਸ ਨੂੰ ਨਸ਼ਾ ਵੇਚਣ ਵਾਲੇ ਨੂੰ

ਲਿਜਾਣ ਨਹੀ ਦਿੱਤਾ। ਪੁਲਸ ਦੇ ਜਾਣ ਤੋਂ ਬਾਅਦ ਉਸ ਦੇ ਗੁਆਂਢੀ, ਸਰਪੰਚ ਤੇ ਉਸ ਦੇ ਪੁੱਤਰ ਤੇ ਭਤੀਜੇ ਨੇ ਉਨ੍ਹਾਂ ਨੂੰ ਗਾਲੀ ਗਲੋਚ ਕਰਨੀ ਸ਼ੁਰੂ ਕਰ ਦਿੱਤੀ। ਜਿਉਂ ਹੀ ਸਾਡੇ ਉੱਪਰ ਹਮਲਾ ਕਰਨ ਲੱਗੇ ਤਾਂ ਉਨ੍ਹਾਂ ਘਰ ਦੇ ਅੰਦਰ ਦਾਖਲ ਹੋ ਕੇ ਆਪਣੀ ਜਾਨ ਬਚਾਈ। ਇਸ ਸਬੰਧੀ ਉਨ੍ਹਾਂ ਨੇ ਤੁਰੰਤ ਦੁਬਾਰਾ ਪੁਲਸ ਨੂੰ ਫੋਨ ਕੀਤਾ ਤੇ ਪੁਲਸ ਨੇ ਆ ਕੇ ਲੜਾਈ ਖਤਮ ਕਰਵਾਈ। ਪੁਲਸ ਦੇ ਜਾਣ ਤੋ ਬਾਅਦ ਉਹ ਵਿਅਕਤੀ ਹਸਪਤਾਲ ਦਾਖਲ ਹੋ ਗਿਆ। ਉਨ੍ਹਾਂ ਕਿਹਾ ਕਿ ਨਸ਼ਾ ਵੇਚਣ ਵਾਲਿਆ ਦੀ ਸ਼ਿਕਾਇਤ ਕਰਨ ਨਾਲ ਉਨ੍ਹਾਂ ਦਾ ਨਾਂਅ ਸਾਹਮਣੇ ਆਉਣ ਨਾਲ ਉਨ੍ਹਾਂ ਨੇ ਮੁੱਲ ਦੀ ਲੜਾਈ ਲੈ ਲਈ। ਉਨ੍ਹਾਂ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਨਸ਼ਾ ਵੇਚਣ ਵਾਲਿਆਂ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇ। ਇਸ ਮੌਕੇ ਸ਼ਾਹਕੋਟ ਦੇ ਕਾਰਜਕਾਰੀ ਡੀ ਐੱਸ ਪੀ ਰਸ਼ਪਾਲ ਸਿੰਘ ਨੇ ਕਿਹਾ ਕਿ ਉਹ ਮਾਮਲੇ ਦੀ ਜਾਂਚ ਕਰਨ ਤੋਂ ਬਾਅਦ ਬਣਦੀ ਕਾਨੂੰਨੀ ਕਾਰਵ

10 Feb Page 9.qxd 2/9/2026 11:08 PM Page 1

ਰੰਧਾਵਾ ਵੱਲੋਂ ਬਾਕਰਪੁਰ ਤੋਂ ਜਨੇਤਪੁਰ ਸੜਕ ਦੇ ਕੰਮ ਦੀ ਸ਼ੁਰੂਆਤ

ਡੇਰਾਬੱਸੀ (ਵਿਨੈ ਕੁਮਾਰ ਜੈਨ)- ਡੇਰਾਬੱਸੀ ਹਲਕੇ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਲੋਕਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕਰਦਿਆਂ ਨਗਰ ਕੌਂਸਲ

ਡੇਰਾਬੱਸੀ ਦੇ ਅਧੀਨ ਲਗਭਗ 1 ਕਰੋੜ ਰੁਪਏ ਦੀ ਲਾਗਤ ਨਾਲ ਬਣਾਈ ਜਾਣ ਵਾਲੀ ਬਾਕਰਪੁਰ ਤੋਂ ਜਨੇਤਪੁਰ ਰੋਡ (ਐਮ.ਸੀ. ਡੇਰਾਬੱਸੀ) ਦੇ ਕੰਮ ਦੀ ਸ਼ੁਰੂਆਤ ਕਰਵਾਈ ਗਈ। ਇਸ 8500 ਫੁੱਟ ਲੰਬੀ ਤੇ 17 ਫੁੱਟ ਚੌੜੀ ਸੜਕ ਬਣਨ ਲੋਕਾਂ ਨੂੰ ਮਿਲੇਗੀ ਵੱਡੀ ਰਾਹਤ ਮਿਲੇਗੀ।ਇਸ ਮੌਕੇ ਵਿਧਾਇਕ ਰੰਧਾਵਾ ਨੇ ਕਿਹਾ ਕਿ ਇਲਾਕੇ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਸਰਕਾਰ ਦੀ ਪਹਿਲ ਹੈ ਅਤੇ ਇਸ ਸੜਕ ਦੇ ਤਿਆਰ ਹੋਣ ਨਾਲ ਸਥਾਨਕ ਲੋਕਾਂ ਨੂੰ ਆਵਾਜਾਈ ਵਿੱਚ ਵੱਡੀ ਰਾਹਤ ਮਿਲੇਗੀ ਅਤੇ ਵਿਕਾਸ ਕਾਰਜਾਂ ਨੂੰ ਹੋਰ ਤੇਜ਼ੀ ਮਿਲੇਗੀ।ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਵਿਕਾਸ ਦੇ ਕੰਮਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ, ਪੰਜਾਬ ਵਿੱਚ ਸੜਕਾਂ ਦੀ ਮੁਰੰਮਤ ਤੇਜ਼ੀ ਨਾਲ ਕੀਤੀ ਜਾ ਰਹੀ ਹੈ ਅਤੇ ਲਗਾਤਾਰ ਹੀ ਕੰਮਾਂ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਜਿਹੜੇ ਵੀ ਵਿਕਾਸ ਦੇ ਕੰਮ ਹੋਣ ਵਾਲੇ ਹੋਣਗੇ, ਉਹਨਾਂ ਨੂੰ ਸ਼ੁਰੂ ਕਰਵਾਇਆ ਜਾਵੇਗਾ। ਵਿਧਾਇਕ ਰੰਧਾਵਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪਿੰਡਾਂ ਵਿੱਚੋਂ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਆਪਸੀ ਭਾਈਚਾਰਕ ਸਾਂਝ ਨੂੰ ਵਧੇਰੇ ਕਾਇਮ ਰੱਖਣ ਲਈ ਵਚਨਬੱਧ ਹੈ।ਉਨ੍ਹਾਂ ਬਾਕਰਪੁਰ ਤੋਂ ਜਨੇਤਪੁਰ ਰੋਡ ਨੀਂਹ ਪੱਥਰ ਰੱਖਦੇ ਸਮੇਂ ਕਿਹਾ ਕਿ ਸੜਕ ਬਣਾਉਣ ਦਾ ਕੰਮ ਸਮਾਂਬੱਧ ਸੀਮਾ ਦੇ ਅੰਦਰ ਪੂਰਾ ਕੀਤਾ ਜਾਵੇਗਾ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਇਸ ਸਬੰਧੀ ਸਪੱਸ਼ਟ ਕਹਿ ਦਿੱਤਾ ਗਿਆ ਹੈ ਕਿ ਕਿਸੇ ਤਰ੍ਹਾਂ ਦੀ ਲਾਪਰਵਾਹੀ ਨਾ ਵਰਤੀ ਜਾਵੇ ਅਤੇ ਲੋਕਾਂ ਨੂੰ ਜਲਦੀ ਤੋਂ ਜਲਦੀ ਇਹ ਸਹੂਲਤ ਮਿਲਣ। ਉਦਘਾਟਨੀ ਸਮਾਗਮ ਦੌਰਾਨ ਨਗਰ ਕੌਂਸਲ ਦੇ ਪ੍ਰਧਾਨ, ਕੌਂਸਲਰ, ਪਾਰਟੀ ਦੇ ਬਲਾਕ ਪ੍ਰਧਾਨ ਸਮੇਤ ਪਾਰਟੀ ਦੇ ਹੋਰ ਅਹੁਦੇਦਾਰ ਅਤੇ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਰਹੇ।

ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਪੁਰਬ ਮਨਾਇਆ

ਬੰਗਾ (ਅਵਤਾਰ ਕਲੇਰ)- ਸ੍ਰੀ ਗੁਰੂ ਰਵਿਦਾਸ ਧਰਮ ਅਸਥਾਨ ਪ੍ਰਬੰਧਕ ਕਮੇਟੀ (ਰਜਿ) ਡਾ. ਬੀ ਆਰ ਅੰਬੇਡਕਰ ਸਪੋਰਟਸ ਐਂਡ ਵੈਲਫੇਅਰ ਕਲੱਬ (ਰਜਿ) ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਰਵਿਦਾਸ ਮਹਾਰਾਜ ਦਾ 649ਵਾਂ ਪ੍ਰਕਾਸ਼ ਪੁਰਬ ਬੜੀ ਸ਼ਰਧਾ ਨਾਲ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਸੰਤ ਜੀਤ ਰਾਮ ਮਾਹਿਲ ਗਹਿਲਾਂ ਵਲੋਂ ਸੰਗਤਾਂ ਨੂੰ ਕੀਰਤਨ ਅਤੇ ਪ੍ਰਵਚਨਾਂ ਨਾਲ ਨਿਹਾਲ ਕੀਤਾ। ਮਿਸ਼ਨਰੀ ਕਲਾਕਾਰ ਬਲਵਿੰਦਰ ਬਿੱਟੂ ਵਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦਾ ਗੁਣਗਾਨ ਕੀਤਾ। ਪ੍ਰਬੰਧਕਾਂ ਵਲੋਂ ਕਲਾਕਾਰਾਂ, ਕੀਰਤਨੀ ਜਥਿਆਂ, ਦਾਨੀ ਸੱਜਣਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ ਗਿਆ। ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਸ਼ੋਕ ਕੁਮਾਰ ਸਾਬਕਾ ਸਰਪੰਚ ਵਲੋਂ ਸੰਗਤਾਂ ਨੂੰ ਸਤਿਗੁਰਾਂ ਨੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ ਅਤੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਅਸ਼ੋਕ ਕੁਮਾਰ ਸਾਬਕਾ ਸਰਪੰਚ, ਕਮਲਜੀਤ ਸਾਬਕਾ ਸਰਪੰਚ, ਡਾ. ਮੋਹਣ ਲਾਲ ਬੱਧਣ, ਸੋਮਨਾਥ, ਬਲਜੀਤ, ਮਹਿੰਦਰ ਪਾਲ, ਵਰਿੰਦਰ, ਚਾਂਦੀ ਰਾਮ, ਗੁਰਮੀਤ, ਨਿਰਮਲ ਕੌਰ ਪੰਚ, ਅਨਵਰ, ਬਲਵੀਰ, ਰੇਖਾ ਰਾਣੀ ਸੰਮਤੀ ਮੈਂਬਰ, ਨਰਿੰਦਰ, ਸਨੀ ਕੁਮਾਰ, ਮਨੀ, ਸੁਸ਼ੀਲ, ਵਿੱਕੀ, ਰਾਮ ਲਾਲ, ਟਿੰਕੂ, ਬਲਵੀਰ ਕੌਰ, ਨਰੇਸ਼, ਕਮਲਜੀਤ ਘੁੱਗੀ, ਰਜਿੰਦਰ ਕੁਮਾਰ ਤੋਂ ਇਲਾਵਾ ਭਾਰੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

ਬਾਬਾ ਕਰਤਾਰ ਸਿੰਘ ਭੈਰੋ ਮਾਜਰੇ ਵਾਲਿਆਂ ਦੀ ਯਾਦ 'ਚ ਧਾਰਮਿਕ ਸਮਾਗਮ ਭਲਕੇ

ਮੋਰਿੰਡਾ (ਨਿਹਾਲ ਸਿੰਘ ਕਲਸੀ)- ਪੂਰਨ ਬ੍ਰਹਮ ਗਿਆਨੀ ਸੰਤ ਬਾਬਾ ਕਰਤਾਰ ਸਿੰਘ ਜੀ ਭੈਰੋ ਮਾਜਰੇ ਵਾਲਿਆਂ ਦੀ ਮਿੱਠੀ ਯਾਦ ਵਿੱਚ ਗੁਰਦੁਆਰਾ ਸਤਿ ਕਰਤਾਰ ਸਾਹਿਬ ਪਿੰਡ ਕਲਾਰਾਂ ਵਿਖੇ ਨੇੜੇ ਮੋਰਿੰਡਾ 11 ਫਰਵਰੀ ਨੂੰ 28ਵਾਂ ਧਾਰਮਿਕ ਸਮਾਗਮ ਕਰਵਾਇਆ ਜਾ ਰਿਹਾ ਹੈ।ਜਾਣਕਾਰੀ ਦਿੰਦਿਆਂ

ਹਰਨੇਕ ਸਿੰਘ ਕਲਾਰਾਂ ਅਤੇ ਜਸਬੀਰ ਸਿੰਘ ਬੂਥਗੜ੍ਹ ਨੇ ਦੱਸਿਆ ਕਿ ਇਹ ਸਮਾਗਮ ਐਨ ਆਰ ਆਈ ਵੀਰਾਂ, ਗ੍ਰਾਮ ਪੰਚਾਇਤ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸਾਲਾਨਾ ਧਾਰਮਿਕ ਸਮਾਗਮ ਵਿੱਚ ਸੰਤ ਬਾਬਾ ਸੁਖਪਾਲ ਸਿੰਘ ਭੈਰੋ ਮਾਜਰੇ ਵਾਲੇ ਅਤੇ ਸੰਤ ਬਾਬਾ ਪਰਮਜੀਤ ਸਿੰਘ ਹੰਸਾਲੀ ਵਾਲੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ। ਉਹਨਾਂ ਦੱਸਿਆ ਕਿ ਇਸ ਧਾਰਮਿਕ ਸਮਾਗਮ ਵਿੱਚ ਭਾਈ ਸਤਨਾਮ ਸਿੰਘ ਲਾਲੋ ਘੁੰਮਣ ਇੰਟਰਨੈਸ਼ਨਲ ਗੋਲਡ ਮੈਡਲਿਸਟ ਢਾਡੀ ਜਥਾ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰੇਗਾ।

ਤਿੰਨ ਮੋਟਰਾਂ ਦੀਆਂ ਤਾਰਾਂ ਤੇ ਸਟਾਟਰ ਚੋਰੀ

ਗੁਰਾਇਆ (ਬਿੰਦਰ ਸੁੰਮਨ)- ਗੁਰਾਇਆ ਇਲਾਕੇ ਵਿਚ ਚੋਰੀ ਦੀਆਂ ਵਾਰਦਾਤਾ ਵਿਚ ਵਾਧਾ ਹੋ ਰਿਹਾ ਹੈ. ਬੀਤੀ ਰਾਤ ਚੋਰਾਂ ਵਲੋ ਪਿੰਡ ਢੰਡਾ ਦੇ ਕਿਸਾਨ ਦੀਆਂ ਤਿੰਨ ਮੋਟਰਾ ਨੂੰ ਨਿਸ਼ਾਨਾ ਬਣਾਇਆ। ਇਸ ਸੰਬੰਧੀ ਕਿਸਾਨ ਸਿੰਦਾ ਪੁਤਰ ਦਲਜੀਤ ਸਿੰਘ ਪੰਚ ਨੇ ਦੱਸਿਆ ਕਿ ਬੀਤੀ ਰਾਤ ਚੋਰਾਂ ਵਲੋਂ ਸਾਡੀਆਂ ਤਿੰਨ ਮੋਟਰਾਂ ਦੀਆਂ ਤਾਰਾਂ ਤੇ ਸਟਾਟਰ ਲੈ ਗਏ ਜਿਸ ਨਾਲ ਉਨ੍ਹਾਂ ਦਾ ਪੰਜਾਹ ਹਜਾਰ ਰੁਪਏ ਦਾ ਨੁਕਸਾਨ ਹੋ ਗਿਆ। ਉਨ੍ਹਾਂ ਪੁਲਸ ਤੋਂ ਮੰਗ ਕੀਤੀ ਕਿ ਚੋਰਾਂ ਨੂੰ ਕਾਬੂ ਕੀਤਾ ਜਾਵੇ।

ਮੈਡੀਕਲ ਕੈਂਪ 'ਚ 70 ਮਰੀਜ਼ਾਂ ਦੀ ਜਾਂਚ ਕੀਤੀ

ਕਰਤਾਰਪੁਰ (ਹਰਮੇਸ਼ ਦੱਤ)- ਆਪੀ ਚੈਰੀਟੇਬਲ ਹਸਪਤਾਲ ਕਰਤਾਰਪੁਰ ਵੱਲੋਂ 162 ਵਾਂ ਐੱਸ ਵੀ ਪੀ ਮੈਡੀਕਲ ਚੈੱਕਅਪ ਕੈਂਪ ਭਗਵਾਨ ਬਾਲਮੀਕ ਮੰਦਿਰ ਪਿੰਡ ਮੁਰਾਰ ਜ਼ਿਲ੍ਹਾ ਕਪੂਰਥਲਾ ਵਿਖੇ ਲਗਾਇਆ ਗਿਆ। ਕੈਂਪ ਵਿੱਚ 70 ਮਰੀਜ਼ਾ ਦੀ ਜਾਂਚ ਕੀਤੀ ਗਈ। ਇਸ ਮੈਡੀਕਲ ਚੈਕਅਪ ਕੈਂਪ ਮਧੂ ਸ਼ਰਮਾ ਕੈਨੇਡਾ ਦੇ ਸਹਿਯੋਗ ਨਾਲ ਲਗਾਇਆ ਗਿਆ। ਮੈਡੀਕਲ ਕੈਂਪ ਦਾ ਉਦਘਾਟਨ ਪਿੰਡ ਦੇ ਸਰਪੰਚ ਵਰਸ਼ਾ ਦੇਵੀ ਵਲੋਂ ਰਿਬਨ ਕੱਟ ਕੇ ਕੀਤਾ ਗਿਆ। ਇਸ ਕੈਂਪ ਵਿੱਚ ਡਾਕਟਰਾਂ ਦੀ ਟੀਮ ਨੇ 70 ਮਰੀਜ਼ਾਂ ਦੀ ਜਾਂਚ ਕੀਤੀ ਗਈ। ਮਰੀਜ਼ਾਂ ਨੂੰ ਬੀ ਪੀ ਸ਼ੂਗਰ ਦੀਆਂ ਦਵਾਈਆਂ ਮੁਫਤ ਵੰਡੀਆਂ ਗਈਆਂ। ਮੈਡਮ ਸੁਮਨ ਲਤਾ ਕੱਲ੍ਹਣ, ਡਾ. ਅਰਸ਼ਪ੍ਰੀਤ ਕੌਰ, ਡਾ. ਰੋਹਿਤ ਮਮੋਤਰਾ, ਸੋਡੀ ਸਿੰਘ, ਪਰਵੀਨ, ਹਰਪ੍ਰੀਤ ਕੌਰ, ਜਸਵਿੰਦਰ ਕੌਰ ਸਰਪੰਚ ਵਰਸ਼ਾ ਦੇਵੀ, ਰਕੇਸ਼ ਕੁਮਾਰ, ਹਰੀ ਰਾਮ, ਦਰਸ਼ਨ ਸਿੰਘ, ਰੁਪਿੰਦਰ ਕੌਰ ਤੇ ਆਪੀ ਚੈਰੀਟੇਬਲ ਸਟਾਫ ਹਾਜ਼ਰ ਸੀ।

ਜਰਨੈਲ ਸਿੰਘ ਪਨਾਮ ਦੇ ਵਾਰਿਸਾਂ ਤੋਂ ਸੇਧ ਲੈ ਕੇ ਖੇਡਾਂ ਦੇ ਖੇਤਰ 'ਚ ਸੁਧਾਰ ਸੰਭਵ : ਤਲਵਿੰਦਰ ਹੀਰ

ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)- ਫੁੱਟਬਾਲ ਦੇ ਖੇਤਰ ਵਿੱਚ ਦੁਨੀਆਂ ਭਰ ਵਿੱਚ ਧੁੰਮਾਂ ਪਾਉਣ ਵਾਲੇ ਸਵ: ਸਰਦਾਰ ਜਰਨੈਲ ਸਿੰਘ ਪਨਾਮ ਨੂੰ ਸਦੀਵੀ ਵਿਛੋੜਾ ਦਿੱਤਿਆਂ ਭਾਵੇਂ 26 ਸਾਲ ਬੀਤ ਚੁੱਕੇ ਨੇ ਪਰ ਉਨ੍ਹਾਂ ਦੇ ਨਾਂਅ ਦਾ ਡੰਕਾ ਤੇ ਦੇਸ਼ ਵਾਸੀਆਂ ਨੂੰ ਉਨ੍ਹਾਂ ਦੀਆਂ ਬੇਮਿਸਾਲ ਪ੍ਰਾਪਤੀਆਂ ਤੇ ਫ਼ਖ਼ਰ ਜਿਉਂ ਦਾ ਤਿਉਂ ਬਰਕਰਾਰ ਹੈ। ਦੇਸ਼ ਦੁਨੀਆਂ ਦੇ ਹਰ ਕੋਨੇ 'ਚ ਬੈਠੇ ਫੁੱਟਬਾਲ ਦੇ ਖਿਡਾਰੀ,ਕੋਚ ਸਾਹਿਬਾਨ ਤੇ ਖੇਡ ਪ੍ਰੇਮੀ ਸਰਦਾਰ ਜਰਨੈਲ ਸਿੰਘ ਵਲੋਂ ਮਾਰੇ ਮਾਅਰਕਿਆਂ ਬਾਰੇ ਅੱਜ ਵੀ ਲਗਾਤਾਰ ਚਰਚਾਵਾਂ ਕਰਦੇ ਰਹਿੰਦੇ ਨੇ ਤੇ ਫੁੱਟਬਾਲ ਦੇ ਬਿਹਤਰ ਭਵਿੱਖ ਲਈ ਆਸਵੰਦ ਨੇ।ਏਸ਼ੀਅਨ ਖੇਡਾਂ ਵਿੱਚ ਦੇਸ਼ ਦੀ ਝੋਲੀ ਸੋਨੇ ਦਾ ਤਗ਼ਮਾ ਪਾਉਣ ਤੇ ਓਲੰਪਿਕ ਖੇਡਾਂ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਉਸ ਮਹਾਨ ਜਰਨੈਲ ਦੇ ਪਦ ਚਿੰਨ੍ਹਾਂ ਤੇ ਚੱਲ ਕੇ ਨਾਮਣਾ ਖੱਟਣ ਵਾਲੇ ਉਨ੍ਹਾਂ ਨੂੰ ਆਪਣਾਂ ਆਦਰਸ਼ ਤੇ ਉਸਤਾਦ ਮੰਨਣ ਵਾਲੇ ਸਮਕਾਲੀ ਫੁੱਟਬਾਲ ਦੇ ਜਿਉਂਦੇ ਜਰਨੈਲ ਅਰਜਨ ਐਵਾਰਡੀ ਸਰਦਾਰ ਗੁਰਦੇਵ ਸਿੰਘ ਗਿੱਲ,ਸਰਦਾਰ ਇੰਦਰ ਸਿੰਘ ਫਗਵਾੜਾ ਸਮੇਤ ਸਰਦਾਰ ਗੁਰਕ੍ਰਿਪਾਲ ਸਿੰਘ ਫਲਾਹੀ,ਸਰਦਾਰ ਕੇਸੋ ਕਿਰਪਾਲ ਸਿੰਘ ਬੱਡੋਂ ਵਰਗੇ ਹੋਰ ਸਾਰੇ ਤਜਰਬੇਕਾਰ ਤੇ ਉੱਘੇ ਫੁੱਟਬਾਲਰ ਅਜੇ ਤੱਕ ਨਵੀਂ ਪੀੜ੍ਹੀ ਨੂੰ ਸਹੀ ਸੇਧ ਦੇਣ ਤੇ ਫੁੱਟਬਾਲ ਦੀ ਖੇਡ ਨੂੰ ਮੁੜ ਬੁਲੰਦੀਆਂ ਤੇ ਪਹੁੰਚਾਣ ਲਈ ਅੱਜ ਵੀ ਸਾਡੇ 'ਚ ਮੌਜੂਦ ਹਨ,ਸਰਬ ਸਮਰੱਥ ਨੇ ਤੇ ਖੇਡਾਂ ਦੇ ਖੇਤਰ ਚ ਆਏ ਨਿਘਾਰ ਲਈ ਚਿੰਤਿਤ ਤੇ ਫੁੱਟਬਾਲ ਦੇ ਬਿਹਤਰ ਭਵਿੱਖ ਲਈ ਪੂਰੀ ਤਰ੍ਹਾਂ ਆਸਵੰਦ ਨੇ। ਫੋਕੀ ਬਿਆਨਬਾਜ਼ੀ ਤੇ ਬੇਲੋੜੀ ਧੜੇਬੰਦੀ ਨੂੰ ਛੱਡ ਨਿੱਜੀ ਸਵਾਰਥਾਂ ਤੋਂ ਉੱਪਰ ਉੱਠ ਦੇਸ਼ ਦੇ ਭਵਿੱਖ ਨੌਜਵਾਨ ਪੀੜ੍ਹੀ ਨੂੰ ਸੰਭਾਲਣਾਂ ਸਾਡੀ ਸਾਰਿਆਂ ਦੀ ਮੁੱਖ ਜਿੰਮੇਵਾਰੀ ਹੋਣੀ ਚਾਹੀਦੀ ਹੈ ਨਾ ਕਿ ਸਿਰਫ਼ ਆਪਣੀ ਫੋਕੀ ਬੱਲੇ ਬੱਲੇ ਲਈ ਲੋਕਾਂ ਦਾ ਕੀਮਤੀ ਸਮਾਂ ਤੇ ਸਰਮਾਇਆ ਬਰਬਾਦ ਕਰਨਾ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਅੱਜ ਆਪਣੇ ਸਮੇਂ ਦੇ ਫੁੱਟਬਾਲ ਖਿਡਾਰੀ,ਸਮਾਜ ਸੇਵਕ ਤੇ ਕਿਸਾਨ ਆਗੂ ਭਾਕਿਯੂ ਏਕਤਾ ਉਗਰਾਹਾਂ ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ ਨੇ ਕਰਦਿਆਂ ਕਿਹਾ ਕਿ ਪਿੰਡ ਪਿੰਡ ਖੇਡ ਮੁਕਾਬਲੇ ਕਰਾਉਣ ਦਾ ਸਾਡਾ ਅਸਲ ਮਕਸਦ ਨਿੱਜੀ ਹਉਮੈ ਨੂੰ ਤਿਆਗ ਕੇ ਧੜੇਬੰਦੀ ਖਤਮ ਕਰਕੇ ਪਿੰਡ ਪੱਧਰ ਤੋਂ ਲੈ ਕੇ ਦੇਸ਼ ਨਹੀਂ ਬਲਕਿ ਸੰਸਾਰ ਪੱਧਰ ਦੇ ਸੁਧਾਰਾਂ ਲਈ ਨਿਰਸਵਾਰਥ ਯਤਨਸ਼ੀਲ ਤੇ ਨਾਮਵਰ ਖਿਡਾਰੀ ਪੈਦਾ ਕਰਨਾ ਹੋਣਾ ਚਾਹੀਦੈ।

ਬਾਬਾ ਦੀਪ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਤ ਗੁਰਮਤਿ ਸਮਾਗਮ

ਮੁਹਾਲੀ (ਗੁਰਜੀਤ ਬਿੱਲਾ)- ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਅਮਰ ਸ਼ਹੀਦ ਜੱਥੇਦਾਰ ਬਾਬਾ ਦੀਪ ਸਿੰਘ ਦਾ ਜਨਮ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਗਿਆ । ਜਨਮ ਦਿਹਾੜੇ ਦੀ ਖੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ । ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ । ਇਸ ਧਾਰਮਿਕ ਸਮਾਗਮ ਵਿੱਚ ਸ਼ੇਰੇ ਪੰਜਾਬ ਕਵੀਸ਼ਰੀ ਜੱਥੇ ਨੇ ਬਚਨ ਕੇ ਬਲੀ ਸਿਰਲੱਖ ਯੋਧੇ ਧੰਨ ਧੰਨ ਅਮਰ ਸ਼ਹੀਦ ਜਥੇਦਾਰ ਬਾਬਾ ਦੀਪ ਸਿੰਘ ਜੀ ਦਾ ਜੀਵਨ ਬ੍ਰਿਤਾਂਤ ਸੰਗਤਾਂ ਨੂੰ ਕਵੀਸ਼ਰੀ ਵਾਰਾਂ ਵਿੱਚ ਵਿਸਥਾਰ ਸਹਿਤ ਸੁਣਾਇਆ । ਭਾਈ ਜਰਨੈਲ ਸਿੰਘ ਜੀ ਲੁਧਿਆਣੇ ਵਾਲਿਆਂ ਨੇ ਆਪਣੇ ਪ੍ਰਵਚਨਾਂ ਰਾਹੀਂ ਬਾਬਾ ਦੀਪ ਸਿੰਘ ਜੀ ਵੱਲੋਂ ਸ੍ਰੀ ਦਰਬਾਰ ਸਾਹਿਬ ਜੀ ਦੀ ਬੇਅਦਬੀ ਕਰਨ ਵਾਲੇ ਮੁਗਲਾਂ ਖਿਲਾਫ ਲੜੀ ਜੰਗ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ । ਭਾਈ ਲਖਵਿੰਦਰ ਸਿੰਘ ਸ੍ਰੀ ਅੰਮ੍ਰਿਤਸਰ ਵਾਲਿਆਂ ਦੇ ਰਾਗੀ ਜੱਥੇ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ । ਇਸ ਤੋਂ ਇਲਾਵਾ ਭਾਈ ਮਨਦੀਪ ਸਿੰਘ ਦਮਦਮੀ ਟਕਸਾਲ, ਭਾਈ ਹਰਵਿੰਦਰ ਸਿੰਘ, ਭਾਈ ਜੋਗਿੰਦਰ ਸਿੰਘ, ਭਾਈ ਸੁਖਵਿੰਦਰ ਸਿੰਘ, ਭਾਈ ਇਕਬਾਲ ਸਿੰਘ, ਭਾਈ ਜਗਮੀਤ ਸਿੰਘ, ਭਾਈ ਸੰਦੀਪ ਸਿੰਘ, ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ, ਮੀਰੀ ਪੀਰੀ ਪੰਥਕ ਢਾਡੀ ਜਥਾ, ਭਾਈ ਗੁਰਸੇਵਕ ਸਿੰਘ ਜੀ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਇੰਦਰਜੀਤ ਸਿੰਘ, ਭਾਈ ਜਸਵੰਤ ਸਿੰਘ, ਭਾਈ ਗੁਰਮੀਤ ਸਿੰਘ ਅਤੇ ਭਾਈ ਸੁਖਵਿੰਦਰ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸਾਰਾ ਦਿਨ ਸੰਗਤਾਂ ਨੂੰ ਹਰਿ ਜਸ ਸੁਣਾ ਕੇ ਨਿਹਾਲ ਕੀਤਾ । ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਜਨਮ ਦਿਹਾੜੇ ਦੀ ਖੁਸ਼ੀ ਵਿੱਚ ਦਰਬਾਰ ਸਾਹਿਬ ਜੀ ਦੀ ਅੰਦਰੋਂ ਫੁੱਲਾਂ ਨਾਲ ਵਿਸ਼ੇਸ਼ ਸਜਾਵਟ ਕੀਤੀ ਗਈ ਸੀ । ਦਰਬਾਰ ਸਾਹਿਬ ਨੂੰ ਬਾਹਰੋਂ ਅਤੇ ਗੇਟ ਤੱਕ ਦੇ ਰਸਤੇ ਨੂੰ ਵਿਸ਼ੇਸ਼ ਢੰਗ ਨਾਲ ਸਜਾਇਆ ਗਿਆ ਸੀ । ਇਸ ਦਿਹਾੜੇ ਤੇ ਹਜ਼ਾਰਾਂ ਸੰਗਤਾਂ ਨੇ ਇਸ ਅਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ।

ਅੱਖਾਂ ਦਾ ਮੁਫ਼ਤ ਅਪ੍ਰੇਸ਼ਨ ਚੈੱਕਅੱਪ ਕੈਂਪ 14 ਨੂੰ

10-FEB-PAGE-10.qxd 2/9/2026 11:00 PM Page 1

ਵਿਧਾਇਕਾ ਅਰੋੜਾ ਵੱਲੋਂ ਆਧੁਨਿਕ ਲੈਬਾਂ, ਕਲਾਸ ਰੂਮ ਤੇ ਚਾਰਦੀਵਾਰੀ ਦਾ ਉਦਘਾਟਨ

ਮੋਗਾ (ਇਕਬਾਲ ਸਿੰਘ ਖਹਿਰਾ)-ਸਿੱਖਿਆ ਕ੍ਰਾਂਤੀ ਵੱਲ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਦੇ ਹੋਏ, ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਮੋਗਾ ਵਿਖੇ 49 ਲੱਖ 60 ਹਜ਼ਾਰ ਰੁਪਏ ਦੀ ਲਾਗਤ ਨਾਲ ਬਣਾਈਆਂ ਗਈਆਂ ਦੋ ਅਤਿ-ਆਧੁਨਿਕ ਲੈਬਾਂ, ਦੋ ਨਵੇਂ ਕਲਾਸਰੂਮ ਅਤੇ ਚਾਰਦੀਵਾਰੀ ਦਾ ਉਦਘਾਟਨ ਕੀਤਾ।ਨਗਰ ਨਿਗਮ ਦੇ ਮੇਅਰ ਪ੍ਰਵੀਨ ਕੁਮਾਰ ਸ਼ਰਮਾ, ਸਿੱਖਿਆ ਕ੍ਰਾਂਤੀ ਦੇ ਜ਼ੋਨ ਇੰਚਾਰਜ ਅਨਿਲ ਸ਼ਰਮਾ, ਸਿੱਖਿਆ ਕ੍ਰਾਂਤੀ ਦੇ ਜ਼ਿਲ੍ਹਾ ਪ੍ਰਧਾਨ ਤੇਜਿੰਦਰ ਬਰਾੜ, 'ਆਪ' ਦੇ ਮਹਿਲਾ ਵਿੰਗ ਦੇ ਜ਼ਿਲ੍ਹਾ ਸਕੱਤਰ ਲਵਲੀ ਸਿੰਗਲਾ, ਨਗਰ ਕੌਂਸਲਰ, ਆਮ ਆਦਮੀ ਪਾਰਟੀ ਦੇ ਵਲੰਟੀਅਰ ਅਤੇ ਸਕੂਲ ਸਟਾਫ਼ ਇਸ ਮੌਕੇ ਮੌਜੂਦ ਸਨ।ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਇਸ ਸਕੂਲ ਲਈ ਪਹਿਲਾਂ ਹੀ 82 ਲੱਖ ਰੁਪਏ ਦੀ ਗ੍ਰਾਂਟ ਜਾਰੀ ਕਰ ਦਿੱਤੀ ਹੈ, ਜੋ ਕਿ ਸਿੱਖਿਆ ਦੇ ਪੱਧਰ ਨੂੰ ਹੋਰ ਉੱਚਾ ਚੁੱਕਣ ਵਿੱਚ ਇੱਕ ਮਹੱਤਵਪੂਰਨ ਯੋਗਦਾਨ ਹੈ।ਉਨ੍ਹਾਂ ਕਿਹਾ ਕਿ ਪੰਜਾਬ ਉਦੋਂ ਹੀ ਤਰੱਕੀ ਕਰੇਗਾ ਜਦੋਂ ਇਹ ਬੱਚਿਆਂ ਨੂੰ ਸਿੱਖਿਆ ਦੇਵੇਗਾ।ਇਸ ਮੌਕੇ ਜ਼ੋਨ ਇੰਚਾਰਜ ਸਿੱਖਿਆ ਕ੍ਰਾਂਤੀ ਅਨਿਲ ਸ਼ਰਮਾ, ਜ਼ਿਲ੍ਹਾ ਪ੍ਰਧਾਨ ਸਿੱਖਿਆ ਕ੍ਰਾਂਤੀ ਤੇਜਿੰਦਰ ਬਰਾੜ ਅਤੇ ਸਮੁੱਚੇ ਸਕੂਲ ਸਟਾਫ਼ ਨੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦਾ ਸਨਮਾਨ ਕੀਤਾ, ਸਕੂਲ ਦਾ ਦੌਰਾ ਕਰਨ ਅਤੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਲਈ ਉਨ੍ਹਾਂ ਦਾ ਧੰਨਵਾਦ ਕੀਤਾ।

ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਬੱਸ ਰਵਾਨਾ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਸ਼ਰਧਾਲੂਆਂ ਲਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਯਾਤਰੀਆਂ ਲਈ ਆਵਾਜਾਈ, ਰਹਿਣ-ਸਹਿਣ ਤੇ ਖਾਣ-ਪੀਣ ਦਾ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਬਿਲਕੁਲ ਮੁਫ਼ਤ ਕੀਤਾ ਗਿਆ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵੱਲੋਂ ਹਲਕੇ ਦੇ ਪਿੰਡ ਫਿਰੋਜ਼ਪੁਰ ਤੋਂ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਬੱਸ ਰਵਾਨਾ ਕਰਨ ਮੌਕੇ ਕੀਤਾ।ਵਿਧਾਇਕ ਰਾਏ ਨੇ ਦੱਸਿਆ ਕਿ ਇਹ ਬੱਸ ਸ਼ਰਧਾਲੂਆਂ ਨੂੰ ਸ੍ਰੀ. ਹਰਿਮੰਦਰ ਸਾਹਿਬ, ਸ੍ਰੀ ਰਾਮ ਤੀਰਥ ਮੰਦਰ, ਸ੍ਰੀ ਦੁਰਗਿਆਣਾ ਮੰਦਿਰ ਤੇ ਵਾਹਗਾ ਬਾਰਡਰ ਲੈ ਕੇ ਜਾਵੇਗੀ।ਉਨ੍ਹਾਂ ਕਿਹਾ ਕਿ ਯਾਤਰੀਆਂ ਲਈ ਸਮੁੱਚਾ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਬਿਲਕੁਲ ਮੁਫ਼ਤ ਕੀਤਾ ਗਿਆ ਹੈ ਤਾਂ ਜੁ ਕਿਸੇ ਵੀ ਯਾਤਰੀ ਨੂੰ ਕੋਈ ਅਸੁਵਿਧਾ ਨਾ ਹੋਵੇ।ਉਨ੍ਹਾਂ ਕਿਹਾ ਕਿ ਬਜ਼ੁਰਗ ਅਵਸਥਾ ਵਿਚ ਹੋਣ ਕਾਰਨ ਸ਼ਰਧਾਲੂ ਤੀਰਥ ਸਥਾਨਾਂ ਵਿਖੇ ਜਾਣ ਤੋਂ ਵਾਂਝੇ ਰਹਿ ਜਾਂਦੇ ਸਨ, ਇਸ ਕਰਕੇ ਪੰਜਾਬ ਸਰਕਾਰ ਵੱਲੋਂ ਇਕ ਚੰਗਾ ਉਪਰਾਲਾ ਕਰਦਿਆਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਚਲਾਈ ਗਈ।

ਸਰਕਾਰ ਕਿਸਾਨਾਂ 'ਤੇ ਅੱਤਿਆਚਾਰ ਕਰਨਾ ਬੰਦ ਕਰੇ : ਬੱਸੂਵਾਲ

ਹਠੂਰ (ਲਵਲੀ ਮਾਛੀਕੇ)-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ 12 ਫਰਵਰੀ ਨੂੰ ਸਹਿਰਾ ਅਤੇ ਪਿੰਡਾਂ ਵਿੱਚ ਅਮਰੀਕਾ ਅਤੇ ਭਾਰਤ ਸਰਕਾਰ ਦਰਮਿਆਨ ਹੋਏ ਵਪਾਰ ਸਮਝੌਤੇ ਖਿਲਾਫ ਝੰਡੇ ਮਾਰਚ ਕਰਕੇ ਦੇਸ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੁੱਤਲੇ ਸਾੜੇ ਜਾਣਗੇ।ਇਸ ਪ੍ਰਦਰਸ਼ਨ ਨੂੰ ਹੋਰ ਮਜਬੂਤ ਕਰਨ ਲਈ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਬਲਾਕ ਪ੍ਰਧਾਨ ਤਰਸੇਮ ਸਿੰਘ ਬੱਸੂਵਾਲ ਦੀ ਅਗਵਾਈ ਹੇਠ ਹਠੂਰ, ਚਕਰ, ਮੱਲ੍ਹਾ, ਕਾਉਕੇ ਕਲਾਂ, ਅਖਾੜਾ ਆਦਿ ਪਿੰਡਾਂ ਦੇ ਲੋਕਾਂ ਨਾਲ ਮੀਟਿੰਗਾਂ ਕੀਤੀਆਂ ਗਈਆਂ।ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਬਲਾਕ ਪ੍ਰਧਾਨ ਤਰਸੇਮ ਸਿੰਘ ਬੱਸੂਵਾਲ ਨੇ ਕਿਹਾ ਕਿ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਦੇਸ ਦੇ ਕਿਸਾਨਾਂ 'ਤੇ ਅੱਤਿਆਚਾਰ ਕਰਨਾ ਬੰਦ ਕਰੇ, ਨਹੀਂ ਤਾਂ ਇਸ ਦੇ ਸਿੱਟੇ ਗੰਭੀਰ ਨਿਕਲਣਗੇ।ਉਨ੍ਹਾਂ ਕਿਹਾ ਕਿ ਅੰਨਦਾਤਾ ਅਖਵਾਉਣ ਵਾਲਾ ਕਿਸਾਨ ਕਰਜ਼ੇ ਦੀ ਮਾਰ ਹੇਠ ਆ ਕੇ ਖੁਦ ਦੋ ਵਕਤ ਦੀ ਰੋਟੀ ਖਾਣ ਤੋਂ ਮੁਥਾਜ ਹੋ ਚੁੱਕਾ ਹੈ ਤੇ ਆਪਣੀਆਂ ਹੱਕੀ ਮੰਗਾਂ ਮੰਨਵਾਉਣ ਲਈ ਸ਼ੰਘਰਸ ਕਰਨ ਵਾਲੇ ਕਿਸਾਨਾਂ 'ਤੇ ਝੂਠੇ ਮਾਮਲੇ ਦਰਜ ਕਰਕੇ ਜੇਲ੍ਹਾਂ 'ਚ ਨਜ਼ਰਬੰਦ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸਮੂਹ ਇਨਸਾਫ਼ਪਸੰਦ ਜਥਬੰਦੀਆਂ ਦੀ ਮੰਗ ਹੈ ਕਿ ਜੇਲ੍ਹਾਂ 'ਚ ਬੰਦ ਕਿਸਾਨਾਂ ਨੂੰ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ ਤੇ ਝੂਠੇ ਮਾਮਲੇ ਦਰਜ ਕਰਨ ਵਾਲੇ ਪੁਲਸ ਕ੍ਰਮਚਾਰੀਆਂ ਦੇ ਖਿਲਾਫ਼ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ।ਉਨ੍ਹਾਂ ਕਿਹਾ ਕਿ 12 ਫਰਵਰੀ ਨੂੰ 11 ਵਜੇ ਬੱਸ ਅੱਡੇ ਜਗਰਾਓਂ, ਹੰਬੜਾਂ ਬਿਜਲੀ ਘਰ, ਮੁੱਲਾਂਪੁਰ ਮੇਨ ਚੌਕ ਪੁਲ ਦੇ ਹੇਠਾਂ, ਜਗਰਾਓਂ ਬੱਸ ਅੱਡੇ ਦੇ ਅੰਦਰ ਭਾਰੀ ਇਕੱਠੇ ਕਰਕੇ ਸੁੱਤੀਆ ਪਈਆ ਸਰਕਾਰਾਂ ਨੂੰ ਜਗਾਉਣ ਦਾ ਯਤਨ ਕੀਤਾ ਜਾਵੇਗਾ।

ਰਵਾਇਤੀ ਗਾਇਕੀ ਵੱਲ ਨੌਜਵਾਨਾਂ ਦਾ ਮੁੜਨਾ ਖੁਸ਼ੀ ਦੀ ਗੱਲ : ਗਾਮੀ ਸੰਗਤਪੁਰੀਆ, ਭੱਟੀ ਭੜੀਵਾਲਾ

ਖੰਨਾ (ਸੁਖਵਿੰਦਰ ਸਿੰਘ ਭਾਦਲਾ ਪਰਮਿੰਦਰ ਸਿੰਘ ਮੋਨੂੰ)-ਬੀਤੇ ਦਿਨ ਏ ਐਸ ਕਾਲਜ ਖੰਨਾ ਦੇ ਨੇੜੇ ਅਤੇ ਪਿੰਡ ਸਲੌਦੀ ਵਿਖੇ ਪੰਜਾਬ ਦੀ ਮਸ਼ਹੂਰ ਲੋਕ ਗਾਇਕ ਦੁਗਾਣਾ ਜੋੜੀ ਬਿੰਦੀ ਕਲਾਲ ਮਾਜਰਾ ਅਤੇ ਬੀਬਾ ਸਿਮਰਨਜੋਤੀ ਵੱਲੋਂ ਗਾਏ ਦੋਗਾਣਾ ਗੀਤ ਦਾ ਵੀਡੀਓ ਫੁਰਮਾਇਆ ਜਾ ਰਿਹ ਸੀ। ਉਹਨਾਂ ਦੇ ਨਾਲ ਪੰਜਾਬ ਦੇ ਪ੍ਰਸਿੱਧ ਗੀਤਕਾਰ ਗੁਰਨਾਮ ਸਿੰਘ ਗਾਮੀ ਸੰਗਤਪੁਰੀਆ, ਜਸਵਿੰਦਰ ਸਿੰਘ ਭੱਟੀ ਭੱਡੀਵਾਲਾ ਵੀ ਮੌਜੂਦ ਸਨ।ਇਸ ਮੌਕੇ ਇਨ੍ਹਾਂ ਦੋਨਾਂ ਨੇ ਗੱਲ ਕਰਦਿਆਂ ਕਿਹਾ ਕਿ ਪੰਜਾਬ ਦੀ ਰਵਇਤੀ ਦੁਗਾਣਾ ਗਾਇਕੀ, ਕਲਾਸੀਕਲ ਗਾਇਕੀ ਅਤੇ ਪੁਰਾਤਨ ਢਾਡੀ ਕਲਾ ਵੱਲ ਅੱਜ ਦਾ ਨੌਜਵਾਨ ਫਿਰ ਮੁੜ ਰਿਹਾ ਹੈ।ਜਿਹੜੀ ਕਿ ਪੰਜਾਬੀ ਵਿਰਸੇ, ਪੰਜਾਬੀ ਮਾਂ ਬੋਲੀ ਅਤੇ ਪੰਜਾਬੀਅਤ ਲਈ ਬਹੁਤ ਹੀ ਖੁਸ਼ੀ ਦੀ ਗੱਲ ਹੈ। ਅੱਜ ਦੀ ਨੌਜਵਾਨ ਪੀੜ੍ਹੀ ਫਿਰ ਤੋਂ ਆਪਣੇ ਖੁਸ਼ੀ ਦੇ ਪ੍ਰੋਗਰਾਮ ਅਤੇ ਵਿਆਹ ਸਮਾਗਮਾਂ ਵਿੱਚ ਦੋਗਾਣਾ ਗਾਇਕੀ ਅਤੇ ਪੁਰਾਤਨ ਢਾਡੀਆਂ ਨੂੰ ਆਪਣੇ ਸਮਾਗਮਾਂ ਦਾ ਸਿੰਗਾਰ ਬਣਾ ਰਹੇ ਹਨ।ਉਹਨਾਂ ਕਿਹਾ ਕਿ ਬਿੰਦੀ ਕਲਾਲ ਮਾਜਰਾ ਤੇ ਬੀਬੀ ਸਿਮਰਨ ਜੋਤੀ ਵੱਲੋਂ ਗਾਇਆ ਗੀਤ 'ਪਰਚਾ ਤੇਰੇ 'ਤੇ ਗੀਤਕਾਰ ਮੀਤ ਕਲੇਰਾਂ ਵਾਲਾ ਦਾ ਲਿਖਿਆ ਹੋਇਆ ਹੈ।ਇਹ ਬਿਲਕੁਲ ਪੋਂਡੂ ਮਾਹੌਲ ਅਤੇ ਘਰੇਲੂ ਕੰਮਕਾਰਾਂ ਨੂੰ ਦਰਸਾਉਂਦਾ ਗੀਤ ਹੈ।

ਕਿਰਾਏਦਾਰ ਜਾਂ ਘਰੇਲੂ ਨੌਕਰ ਰੱਖਣ ਤੋਂ ਪਹਿਲਾਂ ਪੁਲਸ ਵੈਰੀਫਿਕੇਸ਼ਨ ਲਾਜ਼ਮੀ : ਐੱਸ ਐੱਸ ਪੀ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਲੋਕਾਂ ਦੀ ਸੁਰੱਖਿਆ ਨੂੰ ਮੱਦੇਨਜ਼ਰ ਰੱਖਦਿਆਂ ਜ਼ਿਲ੍ਹਾ ਪੁਲਿਸ ਵੱਲੋਂ ਵੱਖ-ਵੱਖ ਸੁਰੱਖਿਆ ਪ੍ਰਬੰਧ ਲਾਗੂ ਕੀਤੇ ਜਾ ਰਹੇ ਹਨ।ਇਸ ਸਬੰਧੀ ਸ੍ਰੀ ਅਭਿਮਨਿਊ ਰਾਣਾ ਸੀਨੀਅਰ ਕਪਤਾਨ ਪੁਲਿਸ, ਸ੍ਰੀ ਮੁਕਤਸਰ ਸਾਹਿਬ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਕੋਈ ਵੀ ਵਿਅਕਤੀ ਕਿਰਾਏਦਾਰ, ਘਰੇਲੂ ਨੌਕਰ, ਕਰਮਚਾਰੀ, ਫੈਕਟਰੀ ਮਜ਼ਦੂਰ ਜਾਂ ਖੇਤੀਬਾੜੀ ਕੰਮ ਲਈ ਰੱਖਣ ਤੋਂ ਪਹਿਲਾਂ ਉਸ ਦੀ ਪੁਲਸ ਵੈਰੀਫਿਕੇਸ਼ਨ ਜ਼ਰੂਰ ਕਰਵਾਏ।ਸ਼੍ਰੀ ਅਭਿਮਨਿਊ ਰਾਣਾ ਨੇ ਦੱਸਿਆ ਕਿ ਅੱਜ ਕੱਲ੍ਹ ਸੁਰੱਖਿਆ ਦੇ ਮੱਦੇਨਜ਼ਰ ਹਰ ਵਿਅਕਤੀ ਦੀ ਪਛਾਣ ਪੱਕੀ ਕਰਨਾ ਬਹੁਤ ਜ਼ਰੂਰੀ ਹੋ ਗਿਆ ਹੈ।ਕਈ ਵਾਰ ਸ਼ੱਕੀ ਲੋਕ ਗਲਤ ਤੱਥ, ਝੂਠੇ ਪਤੇ ਜਾਂ ਜਾਹਲੀ ਪਹਿਚਾਣ ਪੱਤਰਾਂ ਦੇ ਆਧਾਰ 'ਤੇ ਲੋਕਾਂ ਦੇ ਘਰਾਂ ਜਾਂ ਕਾਰੋਬਾਰਾਂ ਵਿੱਚ ਦਾਖ਼ਲ ਹੋ ਜਾਂਦੇ ਹਨ, ਜਿਸ ਨਾਲ ਕਾਨੂੰਨ-ਵਿਵਸਥਾ ਲਈ ਖ਼ਤਰਾ ਪੈਦਾ ਹੋ ਸਕਦਾ ਹੈ।ਉਨ੍ਹਾਂ ਕਿਹਾ ਕਿ ਪੁਲਿਸ ਵੈਰੀਫਿਕੇਸ਼ਨ ਰਾਹੀਂ ਉਸ ਵਿਅਕਤੀ ਦਾ ਪੱਕਾ ਪਤਾ, ਪਿਛੋਕੜ ਅਤੇ ਕੋਈ ਕ੍ਰਿਮਿਨਲ ਰਿਕਾਰਡ ਹੋਣ ਬਾਰੇ ਜਾਣਕਾਰੀ ਮਿਲ ਸਕਦੀ ਹੈ।ਇਸ ਨਾਲ ਸੰਭਾਵਿਤ ਅਪਰਾਧਾਂ ਨੂੰ ਪਹਿਲਾਂ ਹੀ ਰੋਕਿਆ ਜਾ ਸਕਦਾ ਹੈ ਅਤੇ ਲੋਕ ਆਪਣੀ ਤੇ ਆਪਣੇ ਪਰਿਵਾਰ ਦੀ ਸੁਰੱਖਿਆ ਯਕੀਨੀ ਬਣਾ ਸਕਦੇ ਹਨ।

ਸ਼ਾਂਤਮਈ ਸੰਘਰਸ਼ ਜਬਰੀ ਰੋਕਣਾ ਸਰਕਾਰ ਦੀ ਤਾਨਾਸ਼ਾਹੀ : ਜਮਹੂਰੀ ਜਥੇਬੰਦੀਆਂ

ਲੁਧਿਆਣਾ (ਸਤੀਸ਼ ਸਚਦੇਵਾ)-ਭਾਰਤੀ ਕਿਸਾਨ ਯੂਨੀਅਨ (ਉਗਰਾਹਾਂ) ਵੱਲੋਂ ਪਹਿਲਾਂ ਹੀ ਐਲਾਨ ਕੀਤੇ ਪ੍ਰੋਗਰਾਮ ਅਨੁਸਾਰ ਪਿੰਡ ਜਿਉਂਦ ਦੇ ਜ਼ਮੀਨੀ ਸੰਘਰਸ਼ ਦੌਰਾਨ ਜੇਲ੍ਹੀਂ ਡੱਕੇ ਆਪਣੇ ਮੈਂਬਰਾਂ ਨੂੰ ਰਿਹਾਅ ਕਰਾਉਣ ਲਈ ਬਠਿੰਡਾ ਦੇ ਡੀ.ਸੀ ਦਫਤਰ ਵਿਖੇ ਸ਼ਾਂਤਮਈ ਰੋਸ ਪ੍ਰਗਟਾਉਣਾ ਤੈਅ ਕੀਤਾ ਹੋਇਆ ਸੀ, ਪਰ ਪੰਜਾਬ ਸਰਕਾਰ ਨੇ ਇਸ ਨੂੰ ਅਸਫ਼ਲ ਕਰਨ ਲਈ ਪੁਲਸ ਦੀ ਵਰਤੋਂ ਕਰਦਿਆਂ ਇਸ ਨੂੰ ਰੋਕਣ ਲਈ ਕਈ ਆਗੂਆਂ ਨੂੰ ਰਾਤੀਂ ਹੀ ਘਰਾਂ ਵਿੱਚ ਨਜ਼ਰਬੰਦ ਕਰਕੇ ਅਤੇ ਰਸਤਿਆਂ ਵਿੱਚ ਥਾਂ-ਥਾਂ ਨਾਕੇ ਲਾ ਕੇ ਕਿਸਾਨਾਂ ਉੱਪਰ ਲਾਠੀਚਾਰਜ ਤੇ ਅੱਥਰੂ ਗੈਸ ਦੀ ਵਰਤੋਂ ਕਰਕੇ ਸੈਂਕੜੇ ਕਿਸਾਨਾਂ ਨੂੰ ਗ੍ਰਿਫ਼ਤਾਰ ਕੀਤਾ ਹੈ।ਇਨਕਲਾਬ ਦਾ ਨਾਂਅ ਵਰਤ ਕੇ ਸੱਤਾ ਵਿੱਚ ਆਈ ਸਰਕਾਰ ਦਾ ਇਹ ਰਵੱਈਆ ਅੰਗਰੇਜ਼ ਰਾਜ ਦੇ ਘਿਨਾਉਣੇ ਹਥਕੰਡਿਆਂ ਦੀ ਯਾਦ ਦਿਵਾਉਂਦਾ ਹੈ, ਜਦੋਂ ਅੰਗਰੇਜ਼ ਹਕੂਮਤ ਵੱਲੋਂ ਗਦਰੀ ਬਾਬਿਆਂ ਤੇ ਹੋਰ ਦੇਸ਼ ਭਗਤਾਂ ਨਾਲ ਅਜਿਹਾ ਵਰਤਾਓ ਕੀਤਾ ਜਾਂਦਾ ਸੀ। ਸਰਕਾਰੀ ਜਾਂ ਗੈਰ ਸਰਕਾਰੀ ਤੌਰ 'ਤੇ ਲੋਕਾਂ ਨਾਲ ਹੋ ਰਹੀਆਂ ਧੱਕੇਸ਼ਾਹੀਆਂ ਖਿਲਾਫ ਆਵਾਜ਼ ਉਠਾਉਣੀ ਹਰ ਮਨੁੱਖ ਦਾ ਸੰਵਿਧਾਨਿਕ ਹੱਕ ਹੈ, ਜਿਸ ਦੀ ਪਾਲਣਾ ਬੀ ਕੇ ਯੂ ਉਗਰਾਹਾਂ ਵੱਲੋਂ ਕੀਤੀ ਜਾ ਰਹੀ ਹੈ, ਪਰ ਦੁਨੀਆ ਵਿੱਚ ਸਭ ਤੋਂ ਵੱਡੀ ਜਮਹੂਰੀਅਤ ਕਹਾਉਣ ਦਾ ਦਾਅਵਾ ਕਰਨ ਵਾਲੇ ਮੁਲਕ ਵਿੱਚ ਸਰਕਾਰਾਂ ਵੱਲੋਂ ਪੁਲਿਸ ਦੀ ਵਰਤੋਂ ਜਿਸ ਤਰ੍ਹਾਂ ਲੋਕਾਂ ਨਾਲ ਗੈਰ ਜਮਹੂਰੀ ਵਰਤਾਓ ਕਰਨ ਲਈ ਹੋ ਰਹੀ ਹੈ, ਉਹ ਅਤਿ ਨਿੰਦਣਯੋਗ ਹੈ।ਲੁਧਿਆਣੇ ਦੀਆਂ ਕਈ ਜਨਤਕ, ਜਮਹੂਰੀ, ਤਰਕਸ਼ੀਲ ਜਥੇਬੰਦੀਆਂ ਜਿਨ੍ਹਾਂ ਵਿੱਚ ਜਮਹੂਰੀ ਅਧਿਕਾਰ ਸਭਾ ਪੰਜਾਬ, ਸ਼ਹੀਦ ਭਗਤ ਸਿੰਘ ਵਿਚਾਰ ਮੰਚ, ਤਰਕਸ਼ੀਲ ਸੁਸਾਇਟੀ ਪੰਜਾਬ, ਗ਼ਦਰੀ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ, ਇਨਕਲਾਬੀ ਮਜ਼ਦੂਰ ਕੇਂਦਰ ਸ਼ਾਮਲ ਹਨ।

ਸਰਕਾਰ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਵਚਨਬੱਧ : ਓ ਐੱਸ ਡੀ ਸੁਖਵੀਰ ਸਿੰਘ

ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਧੂਰੀ ਦੇ ਚੇਅਰਮੈਨ ਤੇ ਮੈਂਬਰਾਂ ਨਾਲ ਕੀਤੀ ਬੈਠਕ

ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ, ਰਣਜੀਤ ਸਿੰਘ ਪੇਧਨੀ)

ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ. ਸ. ਸੁਖਵੀਰ ਸਿੰਘ ਵੱਲੋਂ ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਧੂਰੀ ਦੇ ਚੇਅਰਮੈਨ ਪੁਸ਼ਪਿੰਦਰ ਸ਼ਰਮਾ ਤੇ ਕਮਿਸ਼ਨ ਦੇ ਮੈਂਬਰਾਂ ਨਾਲ ਇਕ ਬੈਠਕ ਕੀਤੀ ਗਈ।ਇਸ ਬੈਠਕ ਦਾ ਮੁੱਖ ਉਦੇਸ਼ ਵਪਾਰੀਆਂ ਦੀਆਂ ਸਮੱਸਿਆਵਾਂ, ਸੁਝਾਵਾਂ ਤੇ ਲੋੜਾਂ ਬਾਰੇ ਵਿਚਾਰ-ਵਟਾਂਦਰਾ ਕਰਨਾ ਤੇ ਉਨ੍ਹਾਂ ਨੂੰ ਸਰਕਾਰ ਵੱਲੋਂ ਪੂਰਾ ਸਹਿਯੋਗ ਪ੍ਰਦਾਨ ਕਰਨਾ ਸੀ।

ਬੈਠਕ ਦੌਰਾਨ ਓ.ਐੱਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਵਪਾਰੀਆਂ ਤੇ ਉਦਯੋਗਪਤੀਆਂ ਲਈ ਪਾਰਦਰਸ਼ੀ, ਸਰਲ ਤੇ ਸੁਰੱਖਿਅਤ ਵਪਾਰਕ ਮਾਹੌਲ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਵਪਾਰੀਆਂ ਦੀਆਂ ਜਾਇਜ਼ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ ਤਾਂ ਜੋ ਵਪਾਰਕ ਸਰਗਰਮੀਆਂ ਨੂੰ ਹੋਰ ਤੇਜ਼ੀ ਮਿਲ ਸਕੇ।

ਬੈਠਕ ਦੌਰਾਨ ਕਮਿਸ਼ਨ ਦੇ ਮੈਂਬਰਾਂ ਜਗਤਾਰ ਸਿੰਘ, ਬਸੰਤ ਲਾਲ, ਅਮਨ ਖਾਨ, ਸੰਦੀਪ ਸਿੰਘ, ਬਲਾਲ ਖਾਨ, ਕੁਲਦੀਪ ਸਿੰਘ, ਰਾਜਿੰਦਰ ਕੁਮਾਰ, ਅਵਤਾਰ ਸਿੰਘ, ਦੀਪਕ ਵਰਮਾ ਤੇ ਜਸਵੀਰ ਸਿੰਘ ਨੇ ਪੰਜਾਬ ਸਰਕਾਰ ਵੱਲੋਂ ਵਪਾਰੀਆਂ ਲਈ ਲਏ ਜਾ ਰਹੇ ਲੋਕਪੱਖੀ ਫ਼ੈਸਲਿਆਂ ਦੀ ਪ੍ਰਸੰਸਾ ਕਰਦਿਆਂ ਭਵਿੱਖ ਵਿੱਚ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।ਇਸ ਮੌਕੇ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ, ਐਡਵੋਕੇਟ ਹੈਪੀ ਗਰਗ, ਅਨਿਲ ਮਿੱਤਲ, ਰਮਨਦੀਪ ਸਿੰਘ, ਨਰੇਸ਼ ਸਿ

10 Feb Page 11.qxd 2/9/2026 11:05 PM Page 1

ਐੱਸ ਐੱਚ ਓ ਸਰਾਏ ਅਮਾਨਤ ਖਾਂ ਦੀ ਧੱਕੇਸ਼ਾਹੀ ਵਿਰੁੱਧ ਧਰਨਾ 14 ਨੂੰ : ਸੋਹਲ, ਕਸੇਲ

ਸਰਾਏ ਅਮਾਨਤ ਖਾਂ, ਝਬਾਲ (ਮੱਖਣ ਮਨੋਜ, ਹਰਜਿੰਦਰ ਸਿੰਗ ਸੋਨੀ)- ਬੀਤੇ ਦਿਨੀਂ ਪਿੰਡ ਕਸੇਲ ਦੇ ਮੇਜਰ ਸਿੰਘ ਅਤੇ ਉਸਦੇ ਹੋਰ ਸਾਥੀਆਂ ਵਿਰੁੱਧ ਕਥਿਤ ਝੂਠਾ ਪਰਚਾ ਦਰਜ ਕਰਕੇ ਮੇਜਰ ਸਿੰਘ ਨੂੰ ਜੇਲ੍ਹ ਵਿੱਚ ਭੇਜ ਦਿੱਤਾ ਗਿਆ ਹੈ।ਕੁੱਲ ਹਿੰਦ ਕਿਸਾਨ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਕੁਲਬੀਰ ਸਿੰਘ ਕਸੇਲ ਅਤੇ ਜਥੇਬੰਦਕ ਸਕੱਤਰ ਦਵਿੰਦਰ ਸੋਹਲ ਨੇ ਕਿਹਾ ਕਿ ਇਸ ਸਬੰਧੀ ਪਿੰਡ ਕਸੇਲ ਦੇ ਕਿਸਾਨਾਂ ਦੀ ਇੱਕ ਮੀਟਿੰਗ ਕੁਲਬੀਰ ਸਿੰਘ ਕਸੇਲ ਤੇ ਬਲਜਿੰਦਰ ਸਿੰਘ ਸਰਪੰਚ ਦੀ ਪ੍ਰਧਾਨਗੀ ਹੇਠ ਕੀਤੀ ਗਈ।ਮੀਟਿੰਗ ਵਿੱਚ ਇਹ ਗੱਲ ਸਾਹਮਣੇ ਆਈ ਹੈ ਕਿ ਅੱਜ ਤੋਂ ਪੱਚੀ ਤੀਹ ਸਾਲ ਪਹਿਲਾਂ ਹੋਈ ਇੱਕ ਝੂਠੀ ਰਜਿਸਟਰੀ ਰਾਹੀਂ ਕਿਸੇ ਕਿਸਾਨ ਦੀ ਜ਼ਮੀਨ ਹਥਿਆਉਣ ਦੀ ਕੋਸ਼ਿਸ਼ ਹੋ ਰਹੀ ਹੈ।ਜ਼ਮੀਨ ਮਾਲਕਾਂ ਕੋਲ ਅਦਾਲਤੀ ਸਟੇਅ ਵੀ ਹੈ।ਮੇਜਰ ਸਿੰਘ ਤੇ ਇਸਦੇ ਸਾਥੀ ਕਥਿਤ ਲੈਂਡ ਮਾਫ਼ੀਆ ਵਿਰੁੱਧ ਮਜ਼ਲੂਮ ਕਿਸਾਨ ਦੀ ਮਦਦ 'ਤੇ ਹਨ।ਇਸ ਕਰਕੇ ਇੱਕ ਅਜੀਬ ਜਿਹੀ ਕਹਾਣੀ ਘੜ ਕੇ ਇਨ੍ਹਾਂ ਤੇ ਪਰਚਾ ਦਰਜ ਕਰ ਦਿੱਤਾ ਗਿਆ ਹੈ।ਇੱਥੇ ਵੀ ਵਰਨਣਯੋਗ ਹੈ ਕਿ ਧੱਕੇ ਨਾਲ ਜ਼ਮੀਨ ਤੇ ਕਬਜ਼ਾ ਕਰਨ ਵਾਲਿਆਂ ਵਿਰੁੱਧ ਪਹਿਲਾਂ ਹੀ ਪਰਚਾ ਦਰਜ ਹੈ ਫਿਰ ਵੀ ਉਨ੍ਹਾਂ 'ਤੇ ਕੋਈ ਸਖ਼ਤ ਕਾਰਵਾਈ ਨਹੀਂ ਹੋ ਰਹੀ।ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਪਹੁੰਚੇ ਕੁੱਲ ਹਿੰਦ ਕਿਸਾਨ ਸਭਾ ਦੇ ਜਨਰਲ ਸਕੱਤਰ ਬਲਕਾਰ ਸਿੰਘ ਵਲਟੋਹਾ ਤੇ ਵਿੱਤ ਸਕੱਤਰ ਹਰਬਿੰਦਰ

ਸਿੰਘ ਕਸੇਲ ਨੇ ਕਿਹਾ ਕਿ ਕਿਸਾਨ ਸਭਾ ਵੱਲੋਂ ਇਸ ਧੱਕੇਸ਼ਾਹੀ ਵਿਰੁੱਧ ਆਵਾਜ਼ ਬੁਲੰਦ ਕੀਤੀ ਜਾਵੇਗੀ ਅਤੇ ਉਨ੍ਹਾਂ ਸੰਯੁਕਤ ਕਿਸਾਨ ਮੋਰਚਾ ਨਾਲ ਸਬੰਧਤ ਜਥੇਬੰਦੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਇਸ ਧੱਕੇਸ਼ਾਹੀ ਵਿਰੁੱਧ ਐੱਸਐੱਚਓ ਥਾਣਾ ਸਰਾਏ ਅਮਾਨਤ ਖਾਂ ਵਿਰੁੱਧ ਦਿੱਤੇ ਜਾ ਰਹੇ ਧਰਨੇ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ।ਇਸ ਮੌਕੇ ਉਚ ਪੁਲਸ ਅਧਿਕਾਰੀਆਂ ਤੋਂ ਇਹ ਵੀ ਮੰਗ ਕੀਤੀ ਗਈ ਕਿ ਇਹ ਐੱਸਐੱਚਓ ਦੀਆਂ ਆਪ ਹੁਦਰੀਆਂ ਕਾਫੀ ਚਰਚਾ ਵਿੱਚ ਹਨ।ਇਸ ਕਰਕੇ ਮੇਜਰ ਸਿੰਘ ਅਤੇ ਉਸਦੇ ਸਾਥੀਆਂ ਵਿਰੁੱਧ ਝੂਠੇ ਕੇਸ ਦੀ ਪੜਤਾਲ ਕਰਕੇ ਇਹ ਕੇਸ ਵਾਪਸ ਲਿਆ ਜਾਵੇ।ਮੇਜਰ ਸਿੰਘ ਨੂੰ ਤੁਰੰਤ ਰਿਹਾਅ ਕੀਤਾ ਜਾਵੇ।ਇਸ ਐੱਸਐੱਚਓ ਨੂੰ ਤੁਰੰਤ ਮੁਅੱਤਲ ਕਰਕੇ ਇਸ ਵਿਰੁੱਧ ਬਣਦੀ ਅਗਲੇਰੀ ਸਖ਼ਤ ਕਾਰਵਾਈ ਕੀਤੀ ਜਾਵੇ।ਇਸ ਮੌਕੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਇਸ ਇਲਾਕੇ ਵਿੱਚ ਕਥਿਤ ਲੈਂਡ ਮਾਫ਼ੀਆ ਵੱਲੋਂ ਸਾਲ 1996 ਦੇ ਨਾਂ ਨਾਲ ਚਰਚਿਤ ਝੂਠੀਆਂ ਰਜਿਸਟਰੀਆਂ ਮਾਲ ਵਿਭਾਗ ਦੇ ਅਧਿਕਾਰੀਆਂ ਨਾਲ ਮਿਲ ਕੇ ਕੀਤੀਆਂ ਗਈਆਂ ਸਨ। ਉਨ੍ਹਾਂ ਦੀ ਉੱਚ ਪੱਧਰੀ ਜਾਂਚ ਕੀਤੀ ਜਾਵੇ ਅਤੇ ਸਬੰਧਤ ਸਰਕਾਰੀ ਤੇ ਗੈਰ-ਸਰਕਾਰੀ ਵਿਅਕਤੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਿਰਨਬੀਰ ਸਿੰਘ, ਬਲਜੀਤ ਸਿੰਘ, ਜਗਰੂਪ ਸਿੰਘ ਮਾਸਟਰ ਨਿਰਮਲ ਸਿੰਘ, ਦਿਲਬਾਗ ਸਿੰਘ ਸਮੇਤ ਕਈ ਕਿਸਾਨ ਹਾਜ਼ਰ ਸਨ।

ਵਲੰਟੀਅਰਾਂ ਨੂੰ ਸੀਪੀਆਰ ਤੇ ਸਰਚ ਐਂਡ ਰੈਸਕਿਊ ਦੀਆਂ ਤਕਨੀਕਾਂ ਸਿਖਾਈਆਂ

ਗੁਰਦਾਸਪੁਰ, (ਜਨਕ ਮਹਾਜਨ)- ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ਼ ਪਬਲਿਕ ਐਡਮਿਨਿਸਟਰੇਸ਼ਨ (ਮੈਗਸੀਪਾ) ਵੱਲੋਂ ਯੁਵਾ ਆਪਦਾ ਮਿੱਤਰ ਟਰੇਨਿੰਗ ਪ੍ਰੋਗਰਾਮ ਐੱਸ.ਐੱਸ.ਐੱਮ ਕਾਲਜ ਦੀਨਾਨਗਰ (ਜ਼ਿਲ੍ਹਾ ਗੁਰਦਾਸਪੁਰ) ਵਿਖੇ ਕਰਵਾਈ ਜਾ ਰਹੀ ਹੈ ਜੋ ਕਿ ਮੈਗਸੀਪਾ ਹੈੱਡ ਕਰਨਲ ਦਲਬੀਰ ਸਿੰਘ ਦੀ ਯੋਗ ਹੇਠ ਚੱਲ ਰਹੀ ਹੈ। ਟਰੇਨਿੰਗ ਪ੍ਰੋਗਰਾਮ ਦੇ ਚੌਥੇ ਦਿਨ ਰਜਿਸਟਰਡ ਕੀਤੇ ਹੋਏ 200 ਐੱਨ.ਐੱਸ.ਐੱਸ ਅਤੇ ਐੱਨ. ਵਾਈ. ਕੇ. ਐੱਸ. ਦੇ ਵਲੰਟੀਅਰਜ਼ ਨੂੰ ਸੀ.ਪੀ.ਆਰ ਦੀ ਜਾਣਕਾਰੀ ਦਿੱਤੀ ਗਈ। ਵਲੰਟੀਅਰਾਂ ਨੂੰ ਦੱਸਿਆ ਗਿਆ ਕਿ ਜਦੋਂ ਕਿਸੇ ਵਿਅਕਤੀ ਦੇ ਦਿਲ ਦੀ ਧੜਕਣ ਬੰਦ ਹੋ ਜਾਵੇ ਤਾਂ ਕਿਸ ਤਰ੍ਹਾਂ ਅਸੀਂ ਉਸ ਨੂੰ ਬਚਾ ਸਕਦੇ ਹਾਂ। ਇਸ ਦੇ ਨਾਲ ਹੀ ਵਿਅਕਤੀਆਂ ਨੂੰ ਡਿੱਗੀਆਂ ਹੋਈਆਂ ਇਮਾਰਤਾਂ ਵਿੱਚੋਂ ਕਿਸ ਤਰ੍ਹਾਂ ਅਸੀਂ ਵਿਅਕਤੀਆਂ ਨੂੰ ਲੱਭ ਸਕਦੇ ਹਾਂ ਅਤੇ ਉਨ੍ਹਾਂ ਦੀ ਜਾਨ ਬਚਾ ਸਕਦੇ ਹਾਂ ਇਸ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਇੰਸਟਰਕਟਰ ਸਚਿਨ ਸ਼ਰਮਾ ਅਤੇ ਕੋਰਸ ਕੋਡੀਨੇਟਰ ਅੰਕੁਰ ਸ਼ਰਮਾ ਵੱਲੋਂ ਵਲੰਟੀਅਰਾਂ ਨੂੰ ਸੀ.ਪੀ.ਆਰ ਅਤੇ ਸਰਚ ਐਂਡ ਰੈਸਕਿਊ ਦੀਆਂ ਤਕਨੀਕਾਂ ਵੀ ਸਿਖਾਈਆਂ ਗਈਆਂ।

ਜੇਕਰ ਪੈਨਿਕ ਅਟੈਕ ਆ ਜਾਵੇ ਤਾਂ ਕੀ ਕਰਨਾ ਹੈ, ਕੀ ਨਹੀਂ ਕਰਨਾ, ਬਾਰੇ ਵੀ ਸਮਝਾਇਆ, ਬੱਚੇ ਜਾਂ ਜਵਾਨ ਨੂੰ ਕਿਸ ਤਰ੍ਹਾਂ ਸੀਪੀਆਰ ਦੇਣਾ ਹੈ ਇਸ ਬਾਰੇ ਵੀ ਜਾਣਕਾਰੀ ਡੰਮੀ ਤੇ ਪਰੈਕਟਿਸ ਕਰਵਾ ਕੇ ਦਿੱਤੀ ਗਈ। ਇਸ ਮੌਕੇ ਐੱਸਐੱਸਐੱਮ ਕਾਲਜ ਦੇ ਪ੍ਰਿੰਸੀਪਲ ਡਾ. ਆਰ. ਕੇ. ਤੁਲੀ, ਪਰਮਿੰਦਰ ਸੈਣੀ (ਜ਼ਿਲ੍ਹਾ ਗਾਈਡੈਂਸ ਕੌਂਸਲਰ ਕਮ ਜ਼ਿਲ੍ਹਾ ਨੋਡਲ ਅਫ਼ਸਰ), ਮੁਕੇਸ਼ ਵਰਮਾ (ਸਹਾਇਕ ਨੋਡਲ ਅਫ਼ਸਰ), ਪ੍ਰੋ. ਗਰੋਵਰ (ਡੀਨ ਯੂਥ ਵੈੱਲਫੇਅਰ), ਪਵਨ ਭਾਰਦਵਾਜ, ਐੱਨਐੱਸਐੱਸ ਇੰਚਾਰਜ ਸੁਸ਼ਮਾ, ਸੁਬੀਰ ਆਦਿ ਤੋਂ ਇਲਾਵਾ ਇੰਸਟਰਕਟਰ ਪ੍ਰੀਤੀ ਦੇਵੀ ਸ਼ਾਨੂੰ, ਸ਼ਾਈਨਾ, ਆਯੂਸ਼, ਯੋਗੇਸ਼, ਆਦਿਤੀ ਸ਼ਾਮਿਲ ਸਨ।

ਬੜੀ ਸ਼ਰਧਾ ਨਾਲ ਮਨਾਇਆ ਗੋਵਰਧਨ ਨਾਥ ਉਤਸਵ

ਛੇਹਰਟਾ, (ਮਨੋਜ ਕੁਮਾਰ)- ਸ਼੍ਰੀ ਗੋਵਰਧਨ ਨਾਥ ਜੀ ਮਜੀਠ ਮੰਡੀ ਦੇ ਮੰਦਰ ਵਿਚ ਸ਼੍ਰੀਨਾਥ ਜੀ ਤੇ ਸ਼੍ਰੀ ਗੋਵਰਧਨ ਨਾਥ ਸਬੰਧੀ ਉਤਸਵ ਬੜੀ ਧੂਮਧਾਮ ਤੇ ਸ਼ਰਧਾ ਨਾਲ ਮਨਾਇਆ ਗਿਆ। ਸਵੇਰੇ ਸ਼ਿੰਗਾਰ ਹੋਇਆ, ਫਿਰ ਵੈਸ਼ਨਵ ਗਰੁੱਪ ਵੱਲੋਂ ਰਾਜ ਭੋਗ ਤੇ ਭਜਨ ਗਾਏ ਗਏ ਅਤੇ ਭੰਡਾਰਾ ਕਰਵਾਇਆ ਗਿਆ। ਸ਼ਾਮ ਨੂੰ ਕੀਰਤਨ ਕੀਤਾ ਗਿਆ ਤੇ ਸ਼ਰਧਾਲੂਆਂ ਵਿਚ ਪ੍ਰਸ਼ਾਦ ਵੰਡਿਆ ਗਿਆ। ਵੱਡੀ ਗਿਣਤੀ ਵਿਚ ਸੰਗਤ ਨੇ ਪ੍ਰਭੂ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਪ੍ਰਧਾਨ ਅਨੁਜ ਖੇਮਕਾ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਨਰੋਤਮ ਲਾਲ, ਸ਼ਿਵ ਰਾਮ, ਵਿਜੇ ਖੁਰਾਣਾ, ਕੇਵਲ ਕ੍ਰਿਸ਼ਨ, ਅਸ਼ੋਕ ਪਟੇਲ, ਚੇਤਨ ਸਹਿਦੇਵ, ਅਮਨ ਸ਼ਰਮਾ, ਸੰਨੀ ਮਹਿਰਾ, ਅਸ਼ਵਨੀ ਜੋਸ਼ੀ, ਅਸ਼ੀਸ਼ ਖੇਮਕਾ, ਕਪੀਸ਼ ਖੇਮਕਾ, ਸਿਧਾਂਤ ਅਗਰਵਾਲ ਆਦਿ ਹਾਜ਼ਰ ਸਨ।

'ਜਦੋਂ ਨਵੇਂ ਰਾਸ਼ਨ ਕਾਰਡ ਬਣਾਏ ਜਾਣਗੇ ਸੂਚਿਤ ਕਰ ਦਿੱਤਾ ਜਾਵੇਗਾ'

ਬਟਾਲਾ, (ਡਾ. ਮਲਵਿੰਦਰ ਸਿੰਘ)- ਖੁਰਾਕ ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ ਵਿਭਾਗ ਬਟਾਲਾ, ਗੁਰਦਾਸਪੁਰ ਵਲੋਂ ਸੂਚਿਤ ਕੀਤਾ ਗਿਆ ਹੈ ਕਿ ਹਾਲ ਦੀ ਘੜੀ ਵਿਭਾਗ ਵੱਲੋਂ (ਨੈਸ਼ਨਲ ਫੂਡ ਸਕਿਓਰਟੀ ਐਕਟ-2013) ਅਧੀਨ ਨਵੇਂ ਰਾਸ਼ਨ ਕਾਰਡ ਨਹੀਂ ਬਣਾਏ ਜਾ ਰਹੇ ਹਨ।ਜਦੋਂ ਵੀ ਦੁਬਾਰਾ ਨਵੇਂ ਰਾਸ਼ਨ ਕਾਰਡ ਬਣਾਉਣ ਦਾ ਕੰਮ ਸ਼ੁਰੂ ਹੋਵੇਗਾ ਤਾਂ ਵਿਭਾਗ ਵੱਲੋਂ ਸੂਚਿਤ ਕਰ ਦਿੱਤਾ ਜਾਵੇਗਾ।ਖੁਰਾਕ ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਬਟਾਲਾ ਦੇ ਅਧਿਕਾਰੀ ਰਾਜੇਸ਼ ਕੁਮਾਰ ਵਲੋਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਰਾਜ ਵਿਚ ਨੈਸ਼ਨਲ ਫੂਡ ਸਕਿਓਰਟੀ ਐਕਟ 2013 ਅਧੀਨ ਜਾਰੀ ਹੋਏ ਰਾਸ਼ਨ ਕਾਰਡ ਦੀ (ਈਕੇਵਾਈਸੀ) ਦਾ ਕੰਮ ਚੱਲ ਰਿਹਾ ਹੈ।ਸਮੂਹ ਲਾਭਪਾਤਰੀਆਂ ਨੂੰ ਸੂਚਿਤ ਕੀਤਾ ਜਾਦਾ ਹੈ ਕਿ ਹਰੇਕ ਲਾਭਪਾਤਰੀ ਦਾ (ਈਕੇਵਾਈਸੀ) ਕਰਵਾਉਣਾ ਲਾਜ਼ਮੀ ਹੈ।ਜੋ ਲਾਭਪਾਤਰੀ ਨਿਯਤ ਸਮੇਂ ਵਿੱਚ (ਈਕੇਵਾਈਸੀ) ਕਰਵਾਉਣ ਵਿੱਚ ਅਸਮਰਥ ਰਹਿੰਦੇ ਹਨ, ਉਨ੍ਹਾਂ ਨੂੰ ਭਵਿੱਖ ਵਿੱਚ ਰਾਸ਼ਨ ਮਿਲਣਾ ਬੰਦ ਹੋ ਸਕਦਾ ਹੈ।

ਸੰਯੁਕਤ ਕਿਸਾਨ ਮੋਰਚੇ ਤੇ ਟਰੇਡ ਯੂਨੀਅਨ ਮੋਰਚੇ ਨੇ ਟਰੰਪ ਤੇ ਮੋਦੀ ਦਾ ਪੁਤਲਾ ਫੂਕਿਆ

ਗੁਰਦਾਸਪੁਰ, (ਜਨਕ ਮਹਾਜਨ)- ਭਾਰਤ ਦੀ ਕਿਸਾਨੀ ਤੇ ਖੇਤੀ ਖੇਤਰ ਨਾਲ ਸਬੰਧਤ ਉਦਯੋਗ ਦੀ ਤਬਾਹੀ ਦਾ ਕਾਰਨ ਬਣ ਰਹੇ ਅਮਰੀਕਾ ਭਾਰਤ ਵਪਾਰ ਸਮਝੌਤੇ ਦਾ ਜ਼ੋਰਦਾਰ ਵਿਰੋਧ ਕਰਦਿਆਂ ਸੰਯੁਕਤ ਕਿਸਾਨ ਮੋਰਚੇ ਅਤੇ ਟਰੇਡ ਯੂਨੀਅਨ ਮੋਰਚੇ ਵਲੋਂ ਜੇਲ੍ਹ ਰੋਡ ਗੁਰਦਾਸਪੁਰ ਵਿਖੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਫੂਕਿਆ। ਪੁਤਲਾ ਫੂਕਣ ਉਪਰੰਤ ਪ੍ਰੈੱਸ ਬਿਆਨ ਵਿੱਚ ਕਿਸਾਨ ਤੇ ਮਜ਼ਦੂਰ ਜਥੇਬੰਦੀਆਂ ਦੇ ਆਗੂਆਂ ਨੇ ਕਿਹਾ ਕਿ ਮੋਦੀ ਸਰਕਾਰ ਨੇ ਅਮਰੀਕਨ ਸਾਮਰਾਜ ਹੇਠ ਗੋਡੇ ਟੇਕਦਿਆਂ ਕੀਤੇ ਸਮਝੌਤੇ ਨਾਲ ਪਹਿਲਾਂ ਹੀ ਆਰਥਿਕ ਸੰਕਟ ਮਾਰ ਹੇਠ ਭਾਰਤ ਦੀ ਸੱਤਰ ਪ੍ਰਤੀਸ਼ਤ ਕਿਸਾਨੀ ਧੰਦੇ ਨਾਲ ਜੁੜਿਆ ਤੇ ਖੇਤ ਮਜ਼ਦੂਰ ਮੁਸ਼ਕਲਾਂ ਜੂਝ ਰਿਹਾ ਹੈ। ਮੋਦੀ ਸਰਕਾਰ ਵੱਲੋਂ ਅਮਰੀਕਨ ਸਾਮਰਾਜ ਹੇਠ ਗੋਡੇ ਟੇਕਦਿਆਂ ਕੀਤੀ ਡੀਲ ਨਾਲ ਖੇਤੀ ਦਾ ਧੰਦਾ ਛੱਡਣ ਲਈ ਮਜਬੂਰ ਹੋ ਜਾਵੇਗਾ। ਮੋਦੀ ਸਰਕਾਰ ਦਾ ਮੰਤਰੀ ਮੰਡਲ ਤੇ ਭਾਜਪਾ ਦੀ ਸਮੁੱਚੀ ਲੀਡਰਸ਼ਿਪ ਝੂਠ ਬੋਲ ਰਹੀ ਕਿ ਇਸ ਡੀਲ ਕਰਕੇ ਭਾਰਤ ਦੇਸ਼ ਦੇ ਕਰੋੜਾਂ ਮਜ਼ਦੂਰਾਂ ਕਿਸਾਨਾਂ ਦਾ ਭਲਾ ਹੋਣ ਜਾ ਰਿਹਾ ਹੈ। ਸਮਝੌਤੇ ਦੀਆਂ ਸ਼ਰਤਾਂ ਵਿਚ ਜਿਹੜਾ

ਮਾਲ ਅਮਰੀਕਾ ਤੋਂ ਭਾਰਤ ਵਿਚ ਆਏਗਾ ਉਸ ਉਪਰ ਕੋਈ ਟੈਕਸ ਨਹੀਂ ਲੱਗੇਗਾ ਅਤੇ ਜਿਹੜਾ ਮਾਲ ਭਾਰਤ ਤੋਂ ਅਮਰੀਕਾ ਭੇਜਿਆ ਜਾਵੇਗਾ ਉਸ ਉਪਰ ਅਮਰੀਕਾ ਨੂੰ 18% ਟੈਕਸ ਲਾਏਗਾ। ਮੋਦੀ ਸਰਕਾਰ ਦਾ ਇਹ ਸਰਾਸਰ ਝੂਠ ਬੋਲ ਰਹੀ ਹੈ ਅਤੇ ਦੇਸ਼ ਵਾਸੀਆਂ ਨੂੰ ਗੁੰਮਰਾਹ ਕਰ ਰਹੀ ਹੈ। ਆਗੂਆਂ ਨੇ ਜਨਤਾ ਨੂੰ ਅਪੀਲ ਕੀਤੀ ਕਿ ਭਾਜਪਾ, ਆਰਐੱਸਐੱਸ ਤੇ ਮੋਦੀ ਸਰਕਾਰ ਦੇ ਸਮੁੱਚੇ ਮੰਤਰੀ ਮੰਡਲ ਦਾ ਦਿੱਲੀ ਕਿਸਾਨ ਅੰਦੋਲਨ ਦੀ ਤਰਜ਼ 'ਤੇ ਥਾਂ-ਥਾਂ ਵਿਰੋਧ ਕੀਤਾ ਜਾਏ। ਇਸ ਮੌਕੇ ਸਰਵਸਾਥੀ ਸਤਬੀਰ ਸਿੰਘ ਸੁਲਤਾਨੀ, ਲਖਵਿੰਦਰ ਸਿੰਘ ਮਰੜ, ਮੱਖਣ ਕੁਹਾੜ, ਅਸ਼ਵਨੀ ਕੁਮਾਰ ਲੱਖਣ ਕਲਾਂ, ਟਰੇਡ ਯੂਨੀਅਨ ਆਗੂ ਠਾਕੁਰ ਧਿਆਨ ਸਿੰਘ, ਵਿਜੇ ਕੁਮਾਰ ਸੋਹਲ, ਬਲਬੀਰ ਸਿੰਘ ਮੱਲੀ, ਕਾਮਰੇਡ ਸ਼ਿਵ ਕੁਮਾਰ, ਸੁਖਦੇਵ ਰਾਜ ਬਹਿਰਾਮਪੁਰ, ਬਿਜਲੀ ਮੁਲਾਜ਼ਮ ਜਥੇਬੰਦੀਆਂ ਦੇ ਆਗੂ ਸਾਥੀ ਗੁਰਵੇਲ ਸਿੰਘ ਬੱਲ ਪੁਰੀਆ, ਜਗਤਾਰ ਸਿੰਘ ਖੁੰਡਾ, ਮੰਗਲ ਸਿੰਘ, ਜਸਪ੍ਰੀਤ ਸਿੰਘ ਮੁਲਾਜ਼ਮ ਆਗੂ ਕੁਲਦੀਪ ਪੂਰੋਵਾਲ, ਅਨਿਲ ਕੁਮਾਰ, ਬੁਟਾ ਰਾਮ ਅਜਾਦ, ਹਰਪ੍ਰੀਤ ਸਿੰਘ, ਜਸਵਿੰਦਰ ਕੁਮਾਰ, ਪਲਵਿੰਦਰ ਸਿੰਘ, ਸਤਿੰਦਰ ਸਿੰਘ ਕਾਹਲੋਂ, ਸਾਹਿਬ ਸਿੰਘ, ਲੱਖਵਿੰਦਰ ਸਿੰਘ ਅਤੇ ਹੋਰ ਆਗੂ ਹਾਜ਼ਰ ਸਨ।

ਪੁਲਸ 'ਤੇ ਲਾਇਆ 87 ਹਜ਼ਾਰ ਲੈ ਕੇ ਵੀ ਸੁਣਵਾਈ ਨਾ ਕਰਨ ਦਾ ਦੋਸ਼

ਨਾ ਹਮਲਾਵਰਾਂ ਵਿਰੁੱਧ ਪਰਚਾ ਤੇ ਨਾ ਹੀ ਖੋਹਿਆ ਮੋਟਰਸਾਈਕਲ ਮਿਲਿਆ ਵਾਪਸ

ਛੇਹਰਟਾ, (ਮਨੋਜ ਕੁਮਾਰ)- ਪਿੰਡ ਗੁਰੂ ਵਾਲੀ, ਤਰਨਤਾਰਨ ਰੋਡ, ਜ਼ਿਲ੍ਹਾ ਅੰਮ੍ਰਿਤਸਰ ਦੇ ਇਕ ਵਿਅਕਤੀ ਨੇ ਉਸ 'ਤੇ ਹਮਲਾ ਕਰਨ ਵਾਲੇ ਹਮਲਾਵਰਾਂ 'ਤੇ ਕਾਰਵਾਈ ਕਰਨ ਤੇ ਖੋਹਿਆ ਗਿਆ ਮੋਟਰਸਾਈਕਲ ਵਾਪਸ ਕਰਵਾਉਣ ਬਦਲੇ ਥਾਣਾ ਚਾਟੀਵਿੰਡ ਦੇ ਤਿੰਨ ਪੁਲਸ ਅਧਿਕਾਰੀਆਂ 'ਤੇ 87 ਹਜ਼ਾਰ ਰੁਪਏ ਲੈ ਕੇ ਵੀ ਕੋਈ ਸੁਣਵਾਈ ਨਾ ਕਰਨ ਦਾ ਦੋਸ਼ ਲਗਾਇਆ ਹੈ। ਅੰਮ੍ਰਿਤਸਰ ਰੇਲਵੇ ਸਟੇਸ਼ਨ ਨੇੜੇ ਸਥਿਤ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਦੇ ਦਫ਼ਤਰ ਵਿਚ ਪ੍ਰੈੱਸ ਕਾਨਫਰੰਸ ਦੌਰਾਨ ਬਲਵਿੰਦਰ ਸਿੰਘ ਵਾਸੀ ਪਿੰਡ ਗੁਰੂ ਵਾਲੀ ਨੇ ਦੱਸਿਆ ਕਿ 11 ਅਗਸਤ 2022 ਨੂੰ ਉਨ੍ਹਾਂ ਅਤੇ ਉਨ੍ਹਾਂ ਦੇ ਭਤੀਜੇ ਤੇ ਪੁੱਤਰ ਉਪਰ ਕੁਝ ਵਿਅਕਤੀਆਂ ਨੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ ਸੀ। ਹਮਲੇ ਦੌਰਾਨ ਮੁਲਜ਼ਮ ਉਨ੍ਹਾਂ ਦਾ ਮੋਟਰਸਾਈਕਲ ਵੀ ਖੋਹ ਕੇ ਲੈ ਗਏ। ਹਮਲੇ ਵਿਚ ਉਨ੍ਹਾਂ ਤਿੰਨਾਂ ਦੇ ਸੱਟਾਂ ਲੱਗੀਆਂ। ਉਨ੍ਹਾਂ ਇਸ ਸਬੰਧੀ ਡਾਕਟਰੀ ਮੁਆਇਨਾ ਕਰਵਾ ਕੇ ਥਾਣਾ ਚਾਟੀਵਿੰਡ ਵਿਚ ਐੱਮ.ਐੱਲ.ਆਰ. ਤੇ ਦਰਖ਼ਾਸਤ ਵੀ ਦਿੱਤੀ। ਉਨ੍ਹਾਂ ਦੋਸ਼ ਲਗਾਇਆ ਕਿ ਥਾਣੇ ਦੇ ਇਕ ਅਧਿਕਾਰੀ ਨੇ ਉਨ੍ਹਾਂ (ਬਲਵਿੰਦਰ ਸਿੰਘ) ਨੂੰ ਡਰਾ-ਧਮਕਾ ਕੇ ਤੇ ਮੋਟਰਸਾਈਕਲ ਵਾਪਸ ਦੁਆਉਣ ਦਾ ਕਹਿ ਕੇ ਮਿਤੀ 24 ਅਕਤੂਬਰ 2025 ਨੂੰ ਉਨ੍ਹਾਂ ਕੋਲੋਂ 60 ਹਜ਼ਾਰ ਰੁਪਏ ਲਏ। ਇਸੇ ਤਰ੍ਹਾਂ ਥਾਣੇ ਦੇ ਇਕ ਹੋਰ ਅਧਿਕਾਰੀ ਨੇ ਉਨ੍ਹਾਂ ਕੋਲੋਂ 25 ਹਜ਼ਾਰ ਰੁਪਏ ਲਏ ਤੇ ਇਕ ਹੋਰ ਅਧਿਕਾਰੀ ਨੂੰ ਦੋ ਹਜ਼ਾਰ ਰੁਪਏ

ਵੱਖਰੇ ਦੁਆਏ। ਉਨ੍ਹਾਂ ਦੋਸ਼ ਲਗਾਇਆ ਕਿ ਪੁਲਸ ਨੇ ਅਜੇ ਤਕ ਨਾ ਤਾਂ ਉਨ੍ਹਾਂ ਵੱਲੋਂ ਦਿੱਤੀ ਐੱਮ.ਐੱਲ.ਆਰ. ਤੇ ਦਰਖ਼ਾਸਤ 'ਤੇ ਕਾਰਵਾਈ ਕਰਦੇ ਹੋਏ ਕੋਈ ਪਰਚਾ ਹੀ ਦਰਜ ਕੀਤਾ ਹੈ ਤੇ ਨਾ ਹੀ ਹਮਲਾਵਰਾਂ ਵੱਲੋਂ ਖੋਹਿਆ ਮੋਟ

10 Feb Page 12.qxd 2/9/2026 11:04 PM Page 1

ਸੜਕ ਹਾਦਸੇ 'ਚ ਮਾਰਕਿਟ ਕਮੇਟੀ ਦੇ ਚੇਅਰਮੈਨ ਦੀ ਮੌਤ, 3 ਜ਼ਖਮੀ

ਕਪੂਰਥਲਾ (ਮਨਜੀਤ ਮਾਨ, ਪ੍ਰੀਤ ਸੰਗੋਜਲਾ)- ਨਡਾਲਾ-ਬੇਗੋਵਾਲ ਰੋਡ ਤੇ ਅੱਡਾ ਨੰਗਲ ਲੁਬਾਣਾ ਵਿਖੇ ਇੱਕ ਸਕੂਟਰੀ ਤੇ ਮੋਟਰਸਾਈਕਲ ਦਰਮਿਆਨ ਭਿਆਨਕ ਟੱਕਰ ਹੋ ਜਾਂਦੀ ਹੈ ਜਿਸ ਵਿੱਚ ਮਾਰਕੀਟ ਕਮੇਟੀ ਭੁਲੱਥ ਦੇ ਚੇਅਰਮੈਨ ਤੇਜਿੰਦਰ ਸਿੰਘ ਰੈਂਪੀ ਦੀ ਮੌਤ ਹੋ ਗਈ ਤੇ ਇੱਕ ਬੱਚੇ ਸਣੇ 3 ਵਿਅਕਤੀ ਜਖਮੀ ਹੋ ਗਏ ਜੋ ਕਿ ਜਲੰਧਰ ਦੇ ਵੱਖ ਵੱਖ ਹਸਪਤਾਲਾਂ ਚ ਜ਼ੇਰੇ ਇਲਾਜ਼ ਹਨ। ਇਸ ਸਬੰਧੀ ਜਾਣਕਾਰੀ ਅਨੁਸਾਰ ਮਾਰਕਿਟ ਕਮੇਟੀ ਭੁਲੱਥ ਦੇ ਚੇਅਰਮੈਨ ਤੇਜਿੰਦਰ ਸਿੰਘ ਰੈਂਪੀ (48) ਪੁੱਤਰ ਅਵਤਾਰ ਸਿੰਘ ਵਾਸੀ ਨੰਗਲ ਲੁਬਾਣਾ ਆਪਣੇ 12 ਸਾਲਾ ਪੁੱਤਰ ਅਮਰਵੀਰ ਸਿੰਘ ਨਾਲ ਆਪਣੀ ਸਕੂਟਰੀ ਪੀ ਬੀ 09 ਵੀ 2603 ਤੇ ਸਵਾਰ ਹੋਕੇ ਨਡਾਲੇ ਤੋਂ ਖਰੀਦੋ ਫਰੋਖਤ ਕਰਕੇ ਆਪਣੇ ਪਿੰਡ ਨੰਗਲ ਲੁਬਾਣਾ ਆ ਰਹੇ ਸਨ ਤਾਂ ਨੰਗਲ ਲੁਬਾਣੇ ਪਹੁੰਚ ਕੇ ਉਹ ਜਦੋਂ ਇੱਕ ਸੜਕ ਤੋਂ ਦੂਜੀ ਤਰਫ ਸੜਕ ਤੇ ਜਾਣ ਲੱਗਾ ਤਾਂ ਬੇਗੋਵਾਲ ਤਰਫੋ ਇੱਕ ਤੇਜ਼ ਰਫਤਾਰ ਆ ਰਹੇ ਕਾਲੇ ਰੰਗ ਦੇ ਕੇਟੀਐਨ ਮੋਟਰਸਾਈਕਲ ਪੀ ਬੀ 57 ਸੀ 9194 ਦੀ ਸਕੂਟਰੀ ਦਰਮਿਆਨ ਟੱਕਰ ਹੋ ਗਈ। ਸਾਰੀ ਘਟਨਾ ਉੱਥੇ ਲੱਗੇ ਸੀ ਸੀ ਟੀ ਕੈਮਰੇ ਵੀ 'ਚ ਕੈਦ ਹੋ ਗਈ ਜਿਸ ਸਬੰਧੀ ਉਕਤ ਮ੍ਰਿਤਕ ਦੇ ਦੋਸਤ ਬਲਾਕ ਸੰਮਤੀ ਮੈਂਬਰ ਸੁਖਜਿੰਦਰ ਸਿੰਘ ਸੌਂਧੀ ਨੇ ਦੱਸਿਆ ਕਿ ਇਸ ਦੌਰਾਨ ਉਸ ਨੂੰ ਰਾਹਗੀਰਾਂ ਦੀ ਮਦਦ ਨਾਲ ਬੇਗੋਵਾਲ ਹਸਪਤਾਲ ਲਿਜਾਇਆ ਗਿਆ ਜਿਥੇ ਡਾਕਟਰਾਂ ਨੇ ਉਸ ਦੀ ਹਾਲਤ ਨੂੰ ਗੰਭੀਰ ਵੇਖਦਿਆਂ ਜਲੰਧਰ ਰੈਫਰ ਕਰ ਦਿੱਤਾ ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਅਤੇ ਉਸ ਦਾ ਬੇਟਾ ਅਮਰਵੀਰ ਸਿੰਘ ਜਿਸ ਦੀ ਲੱਤ ਤੇ ਸੱਟ ਲੱਗੀ ਹੈ ਉਸ ਦਾ ਇਲਾਜ ਚੱਲ ਰਿਹਾ ਹੈ। ਗੱਲਬਾਤ ਕਰਦਿਆਂ ਥਾਣਾ ਮੁੱਖੀ ਬੇਗੋਵਾਲ ਹਰਜਿੰਦਰ ਸਿੰਘ ਨੇ ਦੱਸਿਆ ਕਿ ਇਸ ਹਾਦਸੇ ਦੌਰਾਨ ਤੇਜਿੰਦਰ ਸਿੰਘ ਦੀ ਮੌਤ ਹੋਈ ਹੈ ਜਿਸ ਨੂੰ ਕਪੂਰਥਲਾ ਦੇ ਮੁਰਦਾਘਰ ਵਿਖੇ ਰੱਖਵਾਇਆ ਗਿਆ ਹੈ। ਪੋਸਟਮਾਰਟਮ ਤੋ ਬਾਅਦ ਉਸ ਦੀ ਮ੍ਰਿਤਕ ਦੇਹ ਵਾਰਸਾਂ ਦੇ ਹਵਾਲੇ ਕਰ ਦਿੱਤੀ ਜਾਵੇਗੀ ਤੇ ਮੋਟਰਸਾਈਕਲ ਸਵਾਰ ਜ਼ਖਮੀ ਨੌਜਵਾਨ ਕਿਸ ਪਿੰਡ ਦਾ ਹੈ ਇਸ ਸਬੰਧੀ ਪੁਲਸ ਵੱਲੋਂ ਕਾਰਵਾਈ ਅਮਲ 'ਚ ਲਿਆਂਦੀ ਜਾ ਰਹੀ ਹੈ।

ਪਨਬਸ, ਪੀ ਆਰ ਟੀ ਸੀ ਕੱਚੇ ਮੁਲਾਜ਼ਮਾਂ ਦੀਆਂ ਮੰਗਾਂ ਤੇ ਜੇਲ੍ਹਾਂ 'ਚ ਬੰਦ ਮੁਲਾਜ਼ਮਾਂ ਦੀ ਰਿਹਾਈ ਲਈ ਪ੍ਰਦਰਸ਼ਨ

ਨੰਗਲ (ਸੁਰਜੀਤ ਸਿੰਘ)- ਪੰਜਾਬ ਰੋਡਵੇਜ਼ ਪਨਬਸ/ਪੀ.ਆਰ.ਟੀ.ਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ 25/11 ਦੇ ਸਮੂਹ ਡੀਪੂਆਂ 'ਤੇ ਗੇਟ ਰੈਲੀਆਂ ਕੀਤੀਆਂ ਗਈਆਂ। ਜਨਰਲ ਸਕੱਤਰ ਦਿਆਲ ਮਾਹੀ ਨੇ ਨੰਗਲ ਡੀਪੂ ਦੀ ਗੇਟ ਰੈਲੀ ਤੋਂ ਬੋਲਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਨੌਜੁਆਨਾਂ ਨੂੰ ਰੋਜ਼ਗਾਰ ਤਾਂ ਕੀ ਦੇਣਾ ਸੀ ਉਲਟਾ ਪਿਛਲੇ 10-15-20 ਸਾਲਾਂ ਤੋਂ ਕੰਟਰੈਕਟ ਆਊਟਸੋਰਸ 'ਤੇ ਕੰਮ ਕਰਦੇ ਮੁਲਾਜ਼ਮਾਂ ਨੂੰ ਨਵੀਂ ਦਲਦਲ ਜਿਸ ਨੂੰ ਸਪੈਸ਼ਲ ਕਾਡਰ ਪਾਲਸੀ 2023 ਕਹਿ ਕੇ ਫਸਾਉਣ ਵਿੱਚ ਲੱਗੀ ਹੈ ਜਿਸ ਵਿੱਚ ਫਸੇ ਟੀਚਰਾਂ ਵਲੋਂ ਪਿਛਲੇ ਦਿਨੀਂ ਮੋਹਾਲੀ ਧਰਨਾ ਵੀ ਲਗਾਇਆ ਗਿਆ, ਇਸ ਤਰ੍ਹਾਂ ਹੀ ਆਮ ਆਦਮੀ ਪਾਰਟੀ ਦੀ ਸਰਕਾਰ ਪੂਰੇ ਪੰਜਾਬ ਦੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ, ਟਰਾਂਸਪੋਰਟ ਵਿਭਾਗ ਨੂੰ ਚਲਾਉਣ ਸਮੇਤ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਦੀਆਂ ਮੰਗਾਂ ਦਾ ਹੱਲ ਕਰਨ ਵਿੱਚ ਫੇਲ੍ਹ ਸਾਬਤ ਹੋ ਚੁੱਕੀ ਹੈ ਅਤੇ ਆਪਣੀ ਨਾਕਾਮੀ ਨੂੰ ਛੁਪਾਉਣ ਲਈ ਪੁਲਸ ਪ੍ਰਸ਼ਾਸਨ ਦੀ ਵਰਤੋਂ ਕਰਕੇ ਲੋਕਾਂ ਦੀ ਅਵਾਜ਼ ਦਬਾਉਣ ਵਿੱਚ ਲੱਗੀ ਹੋਈ ਹੈ। ਪੰਜਾਬ ਸਰਕਾਰ ਕਾਰਪੋਰੇਟ ਘਰਾਣਿਆਂ ਦੀ ਸਰਕਾਰ ਬਣ ਚੁੱਕੀ ਹੈ ਜੋ ਕਿ ਆਮ ਆਦਮੀ ਦਾ ਚਿਹਰਾ ਦਿਖਾ ਕੇ ਪੰਜਾਬ ਵਿੱਚ ਆਪਣੀ ਸੱਤਾ ਕਾਇਮ ਕਰਕੇ ਹੁਣ ਕਾਰਪੋਰੇਟ ਘਰਾਣਿਆਂ ਦੀ ਸਰਕਾਰ ਬਣ ਚੁੱਕੀ ਹੈ। ਪਿਛਲੇ ਦਿਨੀਂ ਹੀ ਆਮ ਆਦਮੀ ਪਾਰਟੀ ਦੀ ਸਰਕਾਰ ਟਰਾਂਸਪੋਰਟ ਵਿਭਾਗ ਦਾ ਨਿੱਜੀਕਰਨ ਕਰਨ ਦੀ ਨੀਤੀ ਦੇ ਨਾਲ ਕਿਲੋਮੀਟਰ ਸਕੀਮ ਬੱਸਾਂ ਦੇ ਟੈਂਡਰ ਲੈ ਕੇ ਆਈ ਸੀ ਜਿਸ ਉਪਰੰਤ ਜੱਥੇਬੰਦੀ ਵੱਲੋਂ ਸੰਘਰਸ਼ ਦੇ ਐਲਾਨ ਕੀਤਾ ਗਿਆ।

ਸਰਕਾਰ ਨੇ ਆਗੂਆਂ ਨੂੰ ਘਰਾਂ ਤੋਂ ਅਤੇ ਧਰਨਿਆਂ ਤੋਂ ਜਬਰੀ ਚੁੱਕ ਕੇ ਸੰਘਰਸ਼ ਕਰਦੇ ਮੁਲਾਜ਼ਮਾਂ 'ਤੇ 307 ਵਰਗੀਆਂ ਧਾਰਾਵਾਂ ਲਗਾ ਕੇ ਜੇਲ੍ਹਾਂ ਵਿੱਚ ਬੰਦ ਕੀਤਾ ਗਿਆ ਹੈ। ਲਗਭਗ 2 ਮਹੀਨੇ ਤੋਂ ਵੱਧ ਸਮਾਂ ਬੀਤ ਚੁੱਕਾ ਹੈ, ਸਰਕਾਰ ਵਾਰ-ਵਾਰ ਮੀਟਿੰਗ ਵਿੱਚ ਭਰੋਸਾ ਦੇ ਰਹੀ ਹੈ ਕਿ 2 ਜਾਂ 4 ਦਿਨਾਂ ਵਿੱਚ ਤੁਹਾਡੇ ਸਾਥੀਆਂ ਦੀ ਰਿਹਾਈ ਕਰ ਦਿੱਤਾ ਜਾਵੇਗੀ ਪਰ ਇਸ ਸਮੇਂ ਟਰਾਂਸਪੋਰਟ ਮੰਤਰੀ ਪੰਜਾਬ ਯੂਨੀਅਨ ਅੱਗੇ ਸ਼ਰਤਾਂ ਰੱਖ ਰਹੇ ਹਨ ਅਤੇ ਮੁਲਾਜ਼ਮਾਂ ਨੂੰ ਜੇਲ੍ਹਾਂ ਵਿੱਚ ਬੰਦ ਕਰਕੇ ਮੁਲਾਜ਼ਮਾਂ ਦੀ ਅਵਾਜ਼ ਦਬਾਉਣ ਅਤੇ ਧੱਕੇਸ਼ਾਹੀ ਨਾਲ ਨਿੱਜੀਕਰਨ ਕਰਨਾ ਚਾਹੁੰਦੇ ਹਨ। ਸਹਾਇਕ ਸਕੱਤਰ ਸੁਖਰਾਜ ਸਿੰਘ ਸਾਬੀ ਨੇ ਕਿਹਾ ਕਿ ਸਰਕਾਰ ਲੰਮੇ ਸਮੇਂ ਤੋਂ ਮੰਗਾਂ ਦਾ ਹੱਲ ਕਰਨ ਲਈ ਕਮੇਟੀਆਂ ਦਾ ਗਠਿਤ ਕਰਕੇ ਇੱਕ ਸਮਾਂ ਟਪਾਉਣ ਦੀ ਨੀਤੀ ਅਪਣਾ ਰਹੀ ਸੀ, 4 ਸਾਲ ਬੀਤ ਚੁੱਕੇ ਹਨ ਇੱਕ ਵੀ ਨਵੀਂ ਸਰਕਾਰੀ ਬੱਸ ਨਹੀਂ ਪਈ ਗਈ। ਪ੍ਰਾਈਵੇਟ ਮਾਲਕਾਂ ਨੂੰ ਫਾਇਦਾ ਦੇਣ ਦੇ ਲਈ ਕਿਲੋਮੀਟਰ ਸਕੀਮ ਬੱਸਾਂ ਪਾ ਕੇ ਸਰਕਾਰੀ ਟਰਾਂਸਪੋਰਟ ਦਾ ਭੋਗ ਪਾਉਣ ਦੀ ਤਿਆਰੀ ਕੀਤੀ ਗਈ ਹੈ ਜਿਸ ਦਾ ਜੱਥੇਬੰਦੀ ਪੂਰਨ ਜ਼ੋਰ ਵਿਰੋਧ ਕਰਦੀ ਆਈ ਹੈ। ਪਿਛਲੇ ਦਿਨੀਂ ਵਿਰੋਧ ਕਰਦੇ ਮੁਲਾਜ਼ਮਾਂ ਨੂੰ ਚੁੱਕਿਆ ਗਿਆ, 307 ਦੇ ਪਰਚੇ ਦਰਜ ਕੀਤੇ ਗਏ ਅਤੇ ਅਜੇ ਤੱਕ ਰਿਹਾਅ ਨਹੀਂ ਕੀਤੇ ਗਏ ਜਿਸ ਦੇ ਰੋਸ ਵਜੋਂ 11 ਫਰਵਰੀ ਨੂੰ ਬਾਅਦ ਦੁਪਹਿਰ ਤੋਂ ਸ਼ਾਮ ਤੱਕ ਬੱਸਾਂ ਬੰਦ ਕਰਕੇ ਹੜਤਾਲ ਸ਼ੁਰੂ ਕੀਤੀ ਜਾਵੇਗੀ ਅਤੇ 12 ਫਰਵਰੀ ਨੂੰ ਮੁੱਖ ਮੰਤਰੀ ਦੀ ਰਿਹਾਇਸ਼ 'ਤੇ ਧਰਨਾ ਦਿੱਤਾ ਜਾਵੇਗਾ। ਜੇਕਰ ਫਿਰ ਵੀ ਸਰਕਾਰ ਨੇ ਟਾਲਮਟੋਲ ਦੀ ਨੀਤੀ ਅਪਣਾਈ ਤਾਂ ਤਿੱਖੇ ਸੰਘਰਸ਼ਾਂ ਦਾ ਐਲਾਨ ਕੀਤਾ ਜਾਵੇਗਾ। ਇਸ ਮੌਕੇ ਹਾਜ਼ਰ ਸਾਥੀਆਂ ਵਿੱਚ ਸਤਿੰਦਰ ਸਿੰਘ, ਮਨੋਹਰ ਲਾਲ, ਬਲਜਿੰਦਰ ਸਿੰਘ, ਵਰਕਸ਼ਾਪ ਤੋਂ ਗਗਨਦੀਪ ਸ਼ਰਮਾ, ਸੰਜੀਵ ਕੁਮਾਰ, ਦੀਪਕ ਕੁਮਾਰ, ਧਰਮਿੰਦਰ ਸਿੰਘ, ਪਰਸ਼ੋਤਮ ਲਾਲ, ਪਰਮਿੰਦਰ ਸਿੰਘ, ਸੁਖਜੀਤ ਸਿੰਘ, ਸਤਨਾਮ ਸਿੰਘ, ਗੁਰਵਿੰਦਰ ਸਿੰਘ, ਸੁਨੀਲ ਸ਼ਰਮਾ ਹਾਜ਼ਰ ਹੋਏ।

ਬੀ ਐੱਨ ਡੀ ਸਕੂਲ ਵਿਖੇ ਸਪਰਿੰਗ ਫੈਸਟ ਕਰਵਾਇਆ

ਅੱਡਾ ਸਰਾਂ (ਜਸਵੀਰ ਕਾਜਲ) ਬੀ. ਐਨ. ਡੀ. ਸੀਨੀਅਰ ਸੈਕੰਡਰੀ ਸਕੂਲ ਕੰਪਾਲਾਂ ਜੱਟਾਂ ਵਿਖੇ ਪ੍ਰਿੰ. ਜੈ ਕ੍ਰਿਸ਼ਨ ਮਹਿਤਾ ਤੇ ਸਕੂਲ ਪ੍ਰਬੰਧਕ ਇੰ. ਅਨਿਲ ਮਹਿਤਾ ਜੀ ਦੀ ਅਗਵਾਈ ਵਿੱਚ ਸਮੂਹ ਸਟਾਫ ਤੇ ਵਿਦਿਆਰਥੀਆਂ ਵੱਲੋਂ ਸਪਰਿੰਗ ਫੈਸਟ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਤੇ ਪ੍ਰਿੰ. ਜੈ ਕ੍ਰਿਸ਼ਨ ਮਹਿਤਾ ਜੀ ਨੇ ਵਿਦਿਆ ਤੇ ਗਿਆਨ ਦੀ ਦੇਵੀ ਮਾਤਾ ਸਰਸਵਤੀ ਦੀ ਦੀਪ ਪ੍ਰਜਵਲਿਤ ਕਰਦੇ ਹੋਏ ਗਾਇਤਰੀ ਮੰਤਰ ਦੇ ਜਾਪ ਨਾਲ ਸਰਸਵਤੀ ਦੀ ਵੰਦਨਾ ਕੀਤੀ।ਅਨਿਲ ਮਹਿਤਾ ਜੀ ਨੇ ਵੀਰ ਹਕੀਕਤ ਰਾਏ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਵਿਦਿਆਰਥੀਆਂ ਨੂੰ ਉਹਨਾਂ ਦੀ ਸ਼ਹਾਦਤ ਬਾਰੇ ਗਿਆਨ ਦਿੱਤਾ।ਵਿਦਿਆਰਥੀਆਂ ਨੇ ਪੀਲੇ ਰੰਗ ਦੇ ਕੱਪੜੇ ਪਹਿਨ ਕੇ ਸਮੂਹ ਸਟਾਫ ਨਾਲ ਪਤੰਗਬਾਜੀ ਦਾ ਆਨੰਦ ਮਾਣਿਆ। ਫਿਰ ਵਿਦਿਆਰਥੀਆਂ ਨੇ ਗਿੱਧਾ, ਭੰਗੜਾ ਅਤੇ ਸਕਿੱਟਾਂ ਪੇਸ਼ ਕੀਤੀਆਂ। ਇਸ ਮੌਕੇ ਤੇ ਪ੍ਰਿੰ. ਸਾਹਿਬ ਜੀ, ਇੰ. ਅਨਿਲ ਮਹਿਤਾ, ਰੁਕਸਾਨ, ਅੰਜਨੀ, ਸੁਨੀਤਾ, ਤਰਸੇਮ ਕੌਰ, ਬਲਜੀਤ ਕੌਰ, ਸਰੋਜ ਬਾਲਾ, ਨਰਿੰਦਰ ਕੌਰ, ਸਰਬਜੀਤ ਕੌਰ, ਸੰਦੀਪ ਕੌਰ, ਦੀਕਸ਼ਾ, ਮਨਪ੍ਰੀਤ ਕੌਰ, ਅਮਿਸ਼ਾ ਤੇ ਸਮੂਹ ਸਟਾਫ ਮੈਂਬਰ ਮੌਜੂਦ ਸਨ।

ਜੱਜਾ ਕਲਾਂ ਵਿਖੇ ਵਿਕਾਸ ਕਾਰਜਾਂ ਦੇ ਕੀਤੇ ਉਦਘਾਟਨ

ਗੁਰਾਇਆ (ਬਿਦਰ ਸੁੰਮਨ)- ਬਲਾਕ ਰੁੜਕ ਕਲਾਂ ਦੇ ਅਧੀਨ ਪੈਂਦੇ ਪਿੰਡ ਜੱਜਾਂ ਕਲਾਂ ਵਿਖੇ ਪੰਜਾਬ ਸਰਕਾਰ ਵਲੋਂ ਪੰਜ ਲੱਖ ਰੁਪਏ ਦੀ ਗਰਾਂਟ ਛੱਪੜ ਦੇ ਗੰਦੇ ਪਾਣੀ ਦੇ ਨਿਕਾਸੀ ਲਈ ਭੇਜੀ ਗਈ ਸੀ, ਕੰਮ ਮੁਕੰਮਲ ਹੋਣ ਤੇ ਹਲਕਾ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਵਲੋਂ ਨੀਹ ਪੱਥਰ ਰੱਖਿਆ ਗਿਆ। ਇਸ ਮੌਕੇ ਪਿੰਡ ਦੇ ਐੱਨ ਆਰ ਆਈ ਵਲੋਂ ਦੋ ਲੱਖ ਦੀ ਲਾਗਤ ਨਾਲ ਸੋਲਰ ਸਿਸਟਮ ਲਗਾਇਆ ਗਿਆ ਉਸ ਦਾ ਉਦਘਾਟਨ ਵੀ ਕੀਤਾ ਗਿਆ। ਪਿੰਡ ਦੇ ਸਰਪੰਚ ਜਸਪਾਲ ਸਿੰਘ ਸੰਧੂ ਤੇ ਸਾਬਕਾ ਸਰਪੰਚ ਅਮਰੀਕ ਸਿੰਘ ਸੰਧੂ ਨੇ ਪੰਜਾਬ ਸਰਕਾਰ ਅਤੇ ਹਲਕਾ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਦਾ ਵਿਕਾਸ ਕੰਮਾਂ ਵਿੱਚ ਸਹਿਯੋਗ ਦੇਣ ਲਈ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਜਸਪਾਲ ਸਿੰਘ, ਅਮਰੀਕ ਸਿੰਘ, ਕਰਨੈਲ ਸਿੰਘ ਨੰਬਰਦਾਰ, ਰਣਜੀਤ ਸਿੰਘ, ਅਵਤਾਰ ਸਿੰਘ ਬਾਸੀ ਸਰਪੰਚ, ਰਾਮ ਦਿਆਲ ਪ੍ਰਿੰਸ, ਅਮਤਿੰਦਰ ਸਿੰਘ, ਕੰਚਨ ਪੰਚ ਆਦਿ ਹਾਜ਼ਰ ਸਨ।

ਪ੍ਰਕਾਸ਼ ਪੁਰਬ ਸੰਬੰਧੀ ਵਿਸ਼ਾਲ ਸ਼ੋਭਾ ਯਾਤਰਾ ਸਜਾਈ

ਅਲਾਵਲਪੁਰ, (ਮਦਨ ਬੰਗੜ)- ਬੀਤੇ ਦਿਨੀ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 649 ਵੇਂ ਪਾਵਨ ਪ੍ਰਕਾਸ਼ ਪੁਰਬ ਦੇ ਸੰਦਰਭ ਤਹਿਤ ਜਿੱਥੇ ਵੱਖ ਵੱਖ ਪਿੰਡਾਂ ਤੇ ਸ਼ਹਿਰਾਂ ਵਿੱਚ ਸਤਿਗੁਰੂ ਰਵਿਦਾਸ ਪ੍ਰਕਾਸ਼ ਪੁਰਬ ਸੰਬੰਧੀ ਨਗਰ ਕੀਰਤਨ ਤੇ ਵਿਸ਼ਾਲ ਸ਼ੋਭਾ ਯਾਤਰਾਵਾਂ ਦਾ ਆਯੋਜਨ ਹੋਇਆ, ਉੱਥੇ ਪਿੰਡ ਰੋਰੂ ਦੀ ਸਮੁੱਚੀ ਸੰਗਤ ਵੱਲੋਂ ਸਤਿਗੁਰੂ ਰਵਿਦਾਸ ਗੁਰੂ ਘਰ ਤੋਂ ਵਿਸ਼ਾਲ ਸ਼ੋਭਾ ਯਾਤਰਾ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਪਾਵਨ ਆਰਤੀ ਉਪਰੰਤ ਬੋਲੇ ਸੋ ਨਿਰਭੈ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਜੈ ਦੇ ਆਕਾਸ਼ ਗੂੰਜਦੇ ਜੈਕਾਰਿਆਂ ਨਾਲ ਆਰੰਭ ਹੋਈ। ਇਸ ਵਿਸ਼ਾਲ ਸ਼ੋਭਾ ਯਾਤਰਾ ਦਾ ਸ਼ਰਧਾਲੂ ਸੰਗਤਾਂ ਵੱਲੋਂ ਜਗ੍ਹਾ ਜਗ੍ਹਾ ਫੁੱਲਾਂ ਦੀ ਵਰਖਾ ਕਰਦਿਆਂ ਨਿੱਘਾ ਸਵਾਗਤ ਕੀਤਾ ਗਿਆ। ਸ਼ੋਭਾ ਯਾਤਰਾ ਦੇ ਵੱਖ-ਵੱਖ ਪੜਾਵਾਂ ਤੇ ਦਾਨੀ ਸੱਜਣਾਂ ਵੱਲੋਂ ਫਲ ਫਰੂਟ, ਛੋਲੇ ਪੂਰੀਆਂ, ਚਾਹ ਪਕੌੜਿਆਂ ਦੇ ਨਾਲ ਨਾਲ ਕਈ ਹੋਰ ਪ੍ਰਕਾਰ ਦੇ ਲੰਗਰ ਲਗਾਏ ਹੋਏ ਸਨ! ਸ਼ੋਭਾ ਯਾਤਰਾ ਦਾ ਬਾਬਾ ਰੋਰੂ ਦੇ ਦਰਬਾਰ ਤੇ ਪਹੁੰਚਣ 'ਤੇ ਉਥੇ ਦੇ ਸੇਵਾਦਾਰਾਂ ਵੱਲੋਂ ਸ਼ੋਭਾ ਯਾਤਰਾ ਵਿੱਚ ਸ਼ਾਮਿਲ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਤੇ ਪਿੰਡ ਦੇ ਪਤਵੰਤੇ ਸੱਜਣਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਹੋਰਾਂ ਤੋਂ ਇਲਾਵਾ ਪ੍ਰਧਾਨ ਵਿਜੇ ਕੁਮਾਰ ਭਾਟੀਆ, ਕੌਂਸਲਰ ਹਰਪ੍ਰੀਤ ਵਾਲੀਆ, ਵਾਈਸ ਪ੍ਰਧਾਨ ਜਰਨੈਲ ਚੋਪੜਾ, ਡਾ. ਬਲਕਾਰ ਸਿੰਘ, ਹਜੂਰ ਰਾਮ, ਬੱਬਲ ਚੋਪੜਾ,ਸਮਾਜ ਸੇਵੀ ਪੁਰਸ਼ੋਤਮ ਚੋਪੜਾ, ਟੋਨੀ ਭਾਟੀਆ,ਹਰਮੇਲ ਕਲੇਰ, ਸੋਨੂੰ ਵਾਲੀਆ, ਵਿਸ਼ਾਲ ਰੋਰੂ ਅਤੇ ਸੁਖਦੇਵ ਚੋਪੜਾ, ਅਮਰਜੀਤ ਜਰਮਨਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਹ ਵਿਸ਼ਾਲ ਸ਼ੋਭਾ ਯਾਤਰਾ ਪੂਰੇ ਰੋਰੂ ਪਿੰਡ ਦੀ ਪ੍ਰਕਰਮਾ ਕਰਦੀ ਹੋਈ, ਬਚਿੰਤ ਨਗਰ, ਸਰਾਭਾ ਨਗਰ ਅਤੇ ਨੂਰਪੁਰ ਤੋਂ ਹੁੰਦੀ ਹੋਈ ਆਖਿਰਕਾਰ ਦੇਰ ਸ਼ਾਮ ਨੂੰ ਸਤਿਗੁਰੂ ਰਵਿਦਾਸ ਗੁਰੂ ਘਰ ਰੋਰੂ ਵਿਖੇ ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਸਮਾਪਤ ਹੋਈ।

ਗ੍ਰੈਂਡ ਪੇਰੈਂਟਸ ਮਿਲਣ ਸਮਾਗਮ ਕਰਵਾਇਆ

ਕਰਤਾਰਪੁਰ (ਹਰਮੇਸ਼ ਦੱਤ) ਦ ਨੋਬੇਲ ਸਕੂਲ ਵਿਖੇ ਗ੍ਰੈਂਡ ਪੇਰੈਂਟਸ ਮਿਲਣ ਸਮਾਗਮ ਬੜੇ ਉਤਸ਼ਾਹ, ਮਾਣ ਅਤੇ ਪਿਆਰ ਭਰੇ ਮਾਹੌਲ ਵਿੱਚ ਮਨਾਇਆ ਗਿਆ। ਇਸ ਵਿਸ਼ੇਸ਼ ਮੌਕੇ 'ਤੇ ਵਿਦਿਆਰਥੀਆਂ ਦੇ ਦਾਦਾ-ਦਾਦੀ ਤੇ ਨਾਨਾ-ਨਾਨੀ ਨੂੰ ਸਕੂਲ ਵਿੱਚ ਸੱਦਾ ਦਿੱਤਾ ਗਿਆ। ਸਮਾਗਮ ਦੀ ਸ਼ੁਰੂਆਤ ਦੀਪ ਜਗਾ ਕੇ ਤੇ ਸਕੂਲ ਸੌਂਗ ਨਾਲ ਹੋਈ। ਇਸ ਮੌਕੇ ਮੁੱਖ ਮਹਿਮਾਨ ਵਜੋਂ ਸਰਿਤਾ ਤਿਵਾੜੀ, ਸਕੂਲ ਦੇ ਚੇਅਰਮੈਨ ਪ੍ਰੋਫੈਸਰ ਸੀ ਐੱਲ ਕੋਛੜ, ਸਕੂਲ ਦੇ ਮੈਨੇਜਿੰਗ ਡਾਇਰੈਕਟਰ ਕੁਮਾਰ ਸ਼ਿਵ ਕੋਛੜ, ਡਾਇਰੈਕਟਰ ਸਰੋਜ ਸ਼ਰਮਾ, ਪ੍ਰਿੰਸੀਪਲ ਰਵਿੰਦਰ ਕੌਰ ਤੇ ਸਮੂਹ ਸਟਾਫ਼ ਮੈਂਬਰ ਮੌਜੂਦ ਸਨ। ਨੰਨ੍ਹੇ ਵਿਦਿਆਰਥੀਆਂ ਨੇ ਕਵਿਤਾਵਾਂ, ਨ੍ਰਿਤ, ਗੀਤ ਤੇ ਛੋਟੇ-ਛੋਟੇ ਨਾਟਕ ਪੇਸ਼ ਕਰਕੇ ਆਪਣੇ ਦਾਦਾ-ਦਾਦੀ ਪ੍ਰਤੀ ਪਿਆਰ ਅਤੇ ਆਦਰ ਦਾ ਪ੍ਰਗਟਾਵਾ ਕੀਤਾ। ਬੱਚਿਆਂ ਦੀਆਂ ਭਾਵਪੂਰਨ ਪ੍ਰਸਤੁਤੀਆਂ ਨੇ ਹਾਜ਼ਰ ਦਰਸ਼ਕਾਂ ਦੇ ਦਿਲ ਛੂਹ ਲਏ। ਇਸ ਮੌਕੇ 'ਤੇ ਦਾਦਾ-ਦਾਦੀਆਂ ਲਈ ਰੰਗ-ਬਿਰੰਗੀਆਂ ਖੇਡਾਂ ਅਤੇ ਮਨੋਰੰਜਕ ਗਤੀਵਿਧੀਆਂ ਵੀ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਉਨ੍ਹਾਂ ਨੇ ਬੜੇ ਜੋਸ਼ ਨਾਲ ਭਾਗ ਲਿਆ। ਐੱਸ ਓ ਐੱਫ ਓਲੰਪੀਅਡ ਦੇ ਜੇਤੂਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।ਕੇ ਜੀ ਜਮਾਤ ਦੀ ਸਹਿਜਪ੍ਰੀਤ ਦੇ ਦਾਦਾ ਸੁਖਦੇਵ ਸਿੰਘ ਨੇ ਸਕੂਲ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਨੋਬੇਲ ਸਕੂਲ ਇੱਕ ਭਰੋਸੇਮੰਦ ਤੇ